ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I

awazeqaumtvpunjab@gmail.com

ਸ਼ੁੱਕਰਵਾਰ, 4 ਸਤੰਬਰ 2026 (ਨਾਨਕਸ਼ਾਹੀ ਸੰਮਤ : ੫੫੮, ੧੯ ਭਾਦੋਂ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ‘ਆਪ’ ਆਗੂ ਸਤੇਂਦਰ ਜੈਨ ਨੂੰ ਮਿਲੀ ਜ਼ਮਾਨਤ

**ਨਵੀਂ ਦਿੱਲੀ, 3 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਦਿੱਲੀ ਦੇ ਰਾਊਜ਼ ਅਵੇਨਿਊ ਕੋਰਟ ਨੇ ਵੀਰਵਾਰ ਨੂੰ ਆਮ ਆਦਮੀ ਪਾਰਟੀ ਦੇ ਸੀਨੀਅਰ ਨੇਤਾ ਅਤੇ ਸਾਬਕਾ ਮੰਤਰੀ ਸਤੇਂਦਰ ਜੈਨ ਨੂੰ ਦਿੱਲੀ ਜਲ ਬੋਰਡ ਦੇ ਸੀਵਰੇਜ ਟ੍ਰੀਟਮੈਂਟ ਪਲਾਂਟ ਟੈਂਡਰ ਘਪਲੇ ਨਾਲ ਜੁੜੇ ਭ੍ਰਿਸ਼ਟਾਚਾਰ ਦੇ ਮਾਮਲੇ ’ਚ ਜ਼ਮਾਨਤ ਦੇ ਦਿੱਤੀ ਹੈ। ਸਪੈਸ਼ਲ ਜੱਜ ਦਿਗਵਿਜੇ ਸਿੰਘ ਨੇ ਸਤੇਂਦਰ ਜੈਨ ਦੀ 2 ਲੱਖ ਰੁਪਏ ਦੇ ਨਿੱਜੀ ਮੁਚੱਲਕੇ ’ਤੇ ਜ਼ਮਾਨਤ ਮਨਜ਼ੂਰ ਕੀਤੀ। ਰਾਊਜ਼ ਅਵੇਨਿਊ ਅਦਾਲਤ ਵੱਲੋਂ ਜ਼ਮਾਨਤ ਮਿਲਣ ਤੋਂ ਬਾਅਦ ਆਮ ਆਦਮੀ ਪਾਰਟੀ ਅਤੇ ਸਤੇਂਦਰ ਜੈਨ ਲਈ ਇਹ ਇੱਕ ਵੱਡੀ ਕਾਨੂੰਨੀ ਰਾਹਤ ਮੰਨੀ ਜਾ ਰਹੀ ਹੈ। ਸਤੇਂਦਰ ਜੈਨ ਨੂੰ ਦਿੱਲੀ ਸਰਕਾਰ ਦੀ ਐਂਟੀ-ਕਰੱਪਸ਼ਨ ਬ੍ਰਾਂਚ ਨੇ 18 ਅਗਸਤ ਨੂੰ ਉਦਿਤ ਪ੍ਰਕਾਸ਼ ਰਾਏ (ਦਿੱਲੀ ਜਲ ਬੋਰਡ ਦੇ ਸਾਬਕਾ CEO), ਅੰਕਿਤ ਸ਼੍ਰੀਵਾਸਤਵ (ਦਿੱਲੀ ਜਲ ਬੋਰਡ ਦੇ ਸਾਬਕਾ ਕਾਂਟਰੈਕਚੁਅਲ ਕੰਸਲਟੈਂਟ), ਨਾਗੇਂਦਰ ਯਾਦਵ (M/S AN ਐਂਟਰਪ੍ਰਾਇਜ਼ਿਸ ਦੇ ਮਾਲਕ), ਰਾਜਾ ਕੁਮਾਰ ਕੁਰਾ (M/S ਯੂਰੋਟੈਕ ਐਨਵਾਇਰਨਮੈਂਟ ਪ੍ਰਾਈਵੇਟ ਲਿਮਿਟਡ) ਤੇ ਪੰਕਜ ਵਰਮਾ (M/S ਸੁਰਜਣਹਾਰ ਦੇ ਮਾਲਕ) ਸਣੇ ਗ੍ਰਿਫ਼ਤਾਰ ਕੀਤਾ ਸੀ। ਅਸਲ ’ਚ ਇਹ ਮਾਮਲਾ ਮਈ 2024 ’ਚ ਦਰਜ ਕੀਤੀ ਗਈ FIR ਨਾਲ ਜੁੜਿਆ ਹੈ। ACB ਅਨੁਸਾਰ, ਦਿੱਲੀ ਦੇ ਸੀਵਰੇਜ ਟ੍ਰੀਟਮੈਂਟ ਪਲਾਂਟਾਂ ਦੇ ਨਵੀਨੀਕਰਨ ਦੇ ਟੈਂਡਰਾਂ ’ਚ ਇੱਕ ਖ਼ਾਸ ਨਿੱਜੀ ਕੰਪਨੀ ਨੂੰ ਫਾਇਦਾ ਪਹੁੰਚਾਉਣ ਲਈ ਸ਼ਰਤਾਂ ’ਚ ਗੜਬੜੀ ਕੀਤੀ ਗਈ ਸੀ, ਜਿਸ ਨਾਲ ਸਰਕਾਰੀ ਖਜ਼ਾਨੇ ਨੂੰ ਭਾਰੀ ਵਿੱਤੀ ਨੁਕਸਾਨ ਪਹੁੰਚਿਆ ਸੀ।

### ਸ੍ਰੀ ਦਰਬਾਰ ਸਾਹਿਬ ਕੰਪਲੈਕਸ ’ਚ ਮੁੜ ਵਾਪਰੀ ਬੇਦਅਬੀ ਦੀ ਘਟਨਾ

# ਪਰਿਕਰਮਾ ’ਚ ਗੁਟਕਾ ਸਾਹਿਬ ਦੇ ਪਾੜੇ ਗਏ ਅੰਗ



**ਅੰਮ੍ਰਿਤਸਰ, 3 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ’ਚ ਬੇਅਦਬੀ ਦੀ ਘਟਨਾਵਾਂ ਰੁਕਣ ਦਾ ਨਾਂ ਨਹੀਂ ਲੈ ਰਹੀਆਂ ਹਨ। ਇਸੇ ਤਰ੍ਹਾਂ ਦਾ ਤਾਜਾ ਮਾਮਲਾ ਅੰਮ੍ਰਿਤਸਰ ਤੋਂ ਸਾਹਮਣੇ ਆਇਆ ਹੈ। ਦੱਸ ਦਈਏ ਕਿ ਸ੍ਰੀ ਦਰਬਾਰ ਸਾਹਿਬ ’ਚ ਇੱਕ ਵਾਰ ਫੇਰ ਤੋਂ ਬੇਅਦਬੀ ਦੀ ਘਟਨਾ ਵਾਪਰੀ ਹੈ। ਦੱਸ ਦਈਏ ਕਿ ਪਰਿਕਰਮਾ ’ਚ ਗੁਟਕਾ ਸਾਹਿਬ ਦੇ ਅੰਗ ਪਾੜੇ ਜਾਣ ਦਾ ਮਾਮਲਾ ਸਾਹਮਣੇ ਆਇਆ। ਸ੍ਰੀ ਦਰਬਾਰ ਸਾਹਿਬ ਸਮੂਹ ਵਿਖੇ ਇਕ ਵਿਅਕਤੀ ਵੱਲੋਂ ਪਾਵਨ ਗੁਰਬਾਣੀ ਦੀ ਬੇਅਦਬੀ ਕੀਤੇ ਜਾਣ ਦੀ ਘਟਨਾ ਦੀ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਕੁਲਵੰਤ ਸਿੰਘ ਮੰਨਣ ਨੇ ਸਖ਼ਤ ਸ਼ਬਦਾਂ ਵਿਚ ਨਿੰਦਾ ਕੀਤੀ ਹੈ। ਮੰਨਣ ਨੇ ਕਿਹਾ ਕਿ ਗੁਰਬਾਣੀ ਮਨੁੱਖ ਨੂੰ ਜੀਵਨ ਦੇਣ ਵਾਲੀ ਹੈ, ਪ੍ਰੰਤੂ ਮਾੜੀ ਬਿਰਤੀ ਦੇ ਕੁਝ ਲੋਕਾਂ ਵੱਲੋਂ ਅਜਿਹੀਆਂ ਹਰਕਤਾਂ ਕਰਕੇ ਸਿੱਖ ਸੰਗਤਾਂ ਦੇ ਹਿਰਦੇ ਨੂੰ ਠੇਸ ਪਹੁੰਚਾਈ ਜਾਂਦੀ ਹੈ। ਉਨ੍ਹਾਂ ਕਿਹਾ ਕਿ ਸ੍ਰੀ ਦਰਬਾਰ ਸਾਹਿਬ ਵਿਖੇ ਅਜਿਹੀ ਹਰਕਤ ਕੀਤੇ ਜਾਣਾ ਹੋਰ ਵੀ ਵੱਡੀ ਚਿੰਤਾ ਵਾਲੀ ਗੱਲ ਹੈ। ਮੰਨਣ ਨੇ ਕਿਹਾ ਕਿ ਪਾਵਨ ਗੁਰਬਾਣੀ ਦੀ ਬੇਅਦਬੀ ਦੀਆਂ ਘਟਨਾਵਾਂ ਲਗਾਤਾਰ ਵਾਪਰ ਰਹੀਆਂ ਹਨ, ਪ੍ਰੰਤੂ ਦੋਸ਼ੀ ਫੜ੍ਹੇ ਜਾਣ ਬਾਅਦ ਵੀ ਇਸ ਪਿੱਛੇ ਸਾਜ਼ਿਸ਼ ਕਰਨ ਵਾਲੀਆਂ ਤਾਕਤਾਂ ਨੂੰ ਸਾਹਮਣੇ ਨਹੀਂ ਲਿਆਂਦਾ ਜਾ ਰਿਹਾ ਹੈ। ਮੰਨਣ ਨੇ ਕਿਹਾ ਕਿ ਤਾਜ਼ਾ ਘਟਨਾ ਦੇ ਦੋਸ਼ੀ ਨੂੰ ਸ਼੍ਰੋਮਣੀ ਕਮੇਟੀ ਵੱਲੋਂ ਪੁਲਿਸ ਹਵਾਲੇ ਕੀਤਾ ਗਿਆ। ਪੁਲਿਸ ਪ੍ਰਸ਼ਾਸਨ ਨੂੰ ਇਸ ਮਾਮਲੇ ਨੂੰ ਗੰਭੀਰਤਾ ਨਾਲ ਲੈਂਦਿਆਂ ਜਿਥੇ ਦੋਸ਼ੀ ਖਿਲਾਫ਼ ਸਖ਼ਤ ਕਾਰਵਾਈ ਅਮਲ ਵਿਚ ਲਿਆਉਣੀ ਚਾਹੀਦੀ ਹੈ, ਉਥੇ ਹੀ ਇਸ ਪਿੱਛੇ ਸਾਜ਼ਿਸ਼ ਕਰਨ ਵਾਲਿਆਂ ਨੂੰ ਵੀ ਸਾਹਮਣੇ ਲਿਆਉਣਾ ਚਾਹੀਦਾ ਹੈ।

## ਕੋਟਕਪੂਰਾ ਗੋਲੀਬਾਰੀ ਮਾਮਲੇ ’ਚ ਸੁਖਬੀਰ ਬਾਦਲ ਅਦਾਲਤ ’ਚ ਪੇਸ਼



**ਚੰਡੀਗੜ੍ਹ, 3 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਸਾਬਕਾ ਉਪ ਮੁੱਖ ਮੰਤਰੀ ਸੁਖਬੀਰ ਬਾਦਲ ਵੀਰਵਾਰ ਨੂੰ 11 ਸਾਲ ਪੁਰਾਣੇ ਕੋਟਕਪੂਰਾ ਗੋਲੀਬਾਰੀ ਮਾਮਲੇ ਦੇ ਸਬੰਧ ਵਿਚ ਚੰਡੀਗੜ੍ਹ ਜ਼ਿਲ੍ਹਾ ਅਦਾਲਤ ਵਿਚ ਪੇਸ਼ ਹੋਏ। ਹਾਈ ਕੋਰਟ ਦੇ ਹੁਕਮਾਂ ਤੋਂ ਬਾਅਦ ਇਹ ਕੇਸ ਚੰਡੀਗੜ੍ਹ ਤਬਦੀਲ ਕਰ ਦਿੱਤਾ ਗਿਆ ਸੀ। ਸੂਤਰਾਂ ਮੁਤਾਬਕ ਸੁਖਬੀਰ ਬਾਦਲ ਹਾਲ ਹੀ ਵਿਚ ਅਦਾਲਤ ਦੀ ਇਜਾਜ਼ਤ ਲੈਣ ਮਗਰੋਂ ਵਿਦੇਸ਼ ਗਏ ਸਨ, ਵਾਪਸ ਆਉਣ ‘ਤੇ, ਉਹ ਆਪਣੀ ਹਾਜ਼ਰੀ ਲਵਾਉਣ ਲਈ ਅਦਾਲਤ ਵਿਚ ਪੇਸ਼ ਹੋਏ। ਉਨ੍ਹਾਂ ਦੇ ਵਕੀਲ ਰਾਜੇਸ਼ ਕੁਮਾਰ ਰਾਏ ਵੀ ਕਾਰਵਾਈ ਦੌਰਾਨ ਮੌਜੂਦ ਸਨ। ਦੱਸਣਯੋਗ ਹੈ ਕਿ 14 ਅਕਤੂਬਰ 2015 ਨੂੰ ਫਰੀਦਕੋਟ ਜ਼ਿਲ੍ਹੇ ਵਿਚ ਬਰਗਾੜੀ ਬੇਅਦਬੀ ਘਟਨਾ ਖ਼ਿਲਾਫ ਕੋਟਕਪੂਰਾ ਅਤੇ ਬਹਿਬਲ ਕਲਾਂ ਵਿਚ ਵੱਡੀ ਗਿਣਤੀ ਲੋਕ ਪ੍ਰਦਰਸ਼ਨ ਕਰ ਰਹੇ ਸਨ। ਵਿਰੋਧ ਪ੍ਰਦਰਸ਼ਨਾਂ ਦੌਰਾਨ ਪੁਲਸ ਨੇ ਪ੍ਰਦਰਸ਼ਨਕਾਰੀਆਂ ’ਤੇ ਗੋਲੀਬਾਰੀ ਕੀਤੀ। ਗੋਲੀਬਾਰੀ ਦੌਰਾਨ ਗੁਰਜੀਤ ਸਿੰਘ ਅਤੇ ਕ੍ਰਿਸ਼ਨ ਭਗਵਾਨ ਸਿੰਘ ਦੀ ਮੌਤ ਹੋ ਗਈ ਸੀ, ਜਦੋਂ ਕਿ ਕੋਟਕਪੂਰਾ ਵਿਚ ਕਈ ਲੋਕ ਜ਼ਖਮੀ ਹੋਏ ਸਨ। ਅਦਾਲਤ ਨੇ ਸੁਣਵਾਈ ਦੀ ਅਗਲੀ ਤਾਰੀਖ਼ 17 ਅਕਤੂਬਰ ਨਿਰਧਾਰਤ ਕੀਤੀ ਹੈ।

**ਅੰਮ੍ਰਿਤਪਾਲ ਸਿੰਘ ਦੇ ਸਾਥੀ ਵਰਿੰਦਰ ਫੌਜੀ ਨੂੰ ਮਿਲੀ ਕਸਟਡੀ ਪੈਰੋਲ, ਮਾਂ ਦੀਆਂ ਅੰਤਿਮ ਰਸਮਾਂ ’ਚ ਹੋਇਆ ਸ਼ਾਮਲ**- ਖਡੂਰ ਸਾਹਿਬ ਤੋਂ ਸੰਸਦ ਮੈਂਬਰ ਅੰਮ੍ਰਿਤਪਾਲ ਸਿੰਘ ਦੇ ਕਰੀਬੀ ਸਾਥੀ ਵਰਿੰਦਰ ਸਿੰਘ ਫੌਜੀ ਨੂੰ ਕਸਟਡੀ ਪੈਰੋਲ ਮਿਲੀ ਹੈ।ਦਰਅਸਲ, ਵਰਿੰਦਰ ਫੌਜੀ ਦੀ ਮਾਤਾ ਦਾ ਪਿਛਲੇ ਦਿਨੀਂ ਦੇਹਾਂਤ ਹੋ ਗਿਆ ਸੀ। ਮਾਤਾ ਦੀਆਂ ਅੰਤਿਮ ਰਸਮਾਂ ’ਚ ਸ਼ਾਮਲ ਹੋਣ ਲਈ ਉਸ ਨੂੰ ਪੈਰੋਲ ਦਿੱਤੀ ਗਈ ਹੈ। ਕਸਟਡੀ ਪੈਰੋਲ ਮਿਲਣ ਤੋਂ ਬਾਅਦ ਵਰਿੰਦਰ ਫੌਜੀ ਨੇ ਨਮ ਅੱਖਾਂ ਨਾਲ ਆਪਣੀ ਮਾਂ ਦੀ ਅਰਥੀ ਨੂੰ ਮੋਢਾ ਦਿੱਤਾ ਅਤੇ ਅੰਤਿਮ ਰਸਮਾਂ ਨਿਭਾਈਆਂ।

## ਪੰਜਾਬ ਦੀ ਵੋਟਰ ਸੂਚੀ ਵਿੱਚੋਂ ਰਾਘਵ ਚੱਢਾ ਦਾ ਨਾਮ ਗਾਇਬ ! ਸਾਂਸਦ ਨੇ ‘ਆਪ’ ਦੀ ਸਰਕਾਰ ’ਤੇ ਲਾਇਆ ਇਲਜ਼ਾਮ



**ਚੰਡੀਗੜ੍ਹ, 3 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਰਾਜ ਸਭਾ ਮੈਂਬਰ ਰਾਘਵ ਚੱਢਾ ਦਾ ਨਾਮ ਚੋਣ ਕਮਿਸ਼ਨ ਦੇ ਸਪੈਸ਼ਲ ਇੰਟੈਂਸਿਵ ਰਿਵੀਜ਼ਨ ਦੇ ਹਿੱਸੇ ਵਜੋਂ ਪ੍ਰਕਾਸ਼ਿਤ ਪੰਜਾਬ ਡਰਾਫਟ ਵੋਟਰ ਸੂਚੀਆਂ ਵਿੱਚੋਂ ਹਟਾ ਦਿੱਤਾ ਗਿਆ ਹੈ ਅਤੇ ਉਨ੍ਹਾਂ ਦੀ ਐਂਟਰੀ ਨੂੰ ’ਸਥਾਈ ਤੌਰ ’ਤੇ ਸ਼ਿਫਟ’ ਵਜੋਂ ਦਰਸਾਇਆ ਗਿਆ ਹੈ। ਚੱਢਾ, ਜੋ 2022 ਵਿੱਚ ਪੰਜਾਬ ਤੋਂ ’ਆਪ’ ਰਾਜ ਸਭਾ ਮੈਂਬਰ ਵਜੋਂ ਚੁਣੇ ਗਏ ਸਨ ਅਤੇ ਹਾਲ ਹੀ ਵਿੱਚ ਭਾਜਪਾ ਵਿੱਚ ਸ਼ਾਮਲ ਹੋਏ ਸਨ, ਨੇ ਦੋਸ਼ ਲਗਾਇਆ ਹੈ ਕਿ ਇਹ ਹਟਾਉਣਾ “ਰਾਜਨੀਤਿਕ ਬਦਲਾਖੋਰੀ” ਦੀ ਕਾਰਵਾਈ ਸੀ ਕਿਉਂਕਿ ’ਆਪ’ “ਗੁੱਸੇ ਨਾਲ ਸੜ ਰਹੀ ਹੈ।” ਇਸ ਘਟਨਾ ’ਤੇ ਪ੍ਰਤੀਕਿਰਿਆ ਦਿੰਦੇ ਹੋਏ ਚੱਢਾ ਨੇ ਕਿਹਾ ਕਿ ਜਦੋਂ ਕਿ ਪੰਜਾਬ ਦੇ ਮੋਹਾਲੀ ਵਿੱਚ ਵੋਟਰ ਆਈਡੀ ਰਜਿਸਟਰ ਕੀਤੀ ਗਈ ਹੈ, ਉਨ੍ਹਾਂ ਨੂੰ ’ਸ਼ਿਫਟ’ ਵਜੋਂ ਸ਼੍ਰੇਣੀਬੱਧ ਕਿਉਂ ਕੀਤਾ ਗਿਆ ਹੈ। ਉਨ੍ਹਾਂ ਅੱਗੇ ਕਿਹਾ ਕਿ ਖੁਸ਼ਿਕਸਮਤੀ ਨਾਲ ਵੋਟਰ ਸੂਚੀਆਂ ਸਿਰਫ ਡਰਾਫਟ ਪੜਾਅ ਵਿੱਚ ਸਨ ਅਤੇ ਉਹ SIR ਦਿਸ਼ਾ-ਨਿਰਦੇਸ਼ਾਂ ਦੇ ਤਹਿਤ ਪ੍ਰਦਾਨ ਕੀਤੇ ਗਏ ਉਪਾਵਾਂ ਦੀ ਮੰਗ ਕਰ ਸਕਦੇ ਸਨ। ਰਾਘਵ ਚੱਢਾ ਨੇ ਕਿਹਾ ਕਿ ਇਹ ਸਿਰਫ਼ ਕਲੈਰੀਕਲ ਗਲਤੀ ਨਹੀਂ ਜਾਪਦੀ। ਉਨ੍ਹਾਂ ਸਵਾਲ ਕੀਤਾ ਕਿ ਉਨ੍ਹਾਂ ਨੂੰ “ਸ਼ਿਫਟਡ” ਵਜੋਂ ਕਿਸਨੇ ਚਿੰਨ੍ਹਿਤ ਕੀਤਾ। ਚੱਢਾ ਦੇ ਅਨੁਸਾਰ, ਜੇਕਰ ਉਨ੍ਹਾਂ ਦਾ ਨਾਮ SIR ਪ੍ਰਕਿਰਿਆ ਵਿੱਚ ਫਲੈਗ ਕੀਤਾ ਗਿਆ ਸੀ, ਤਾਂ ਉਨ੍ਹਾਂ ਨੂੰ ਚੋਣ ਕਮਿਸ਼ਨ ਦੇ ਦਿਸ਼ਾ-ਨਿਰਦੇਸ਼ਾਂ ਦੇ ਤਹਿਤ ਡਰਾਫਟ ਵੋਟਰ ਸੂਚੀ ਵਿੱਚ ਸ਼ਾਮਲ ਕੀਤਾ ਜਾਣਾ ਚਾਹੀਦਾ ਸੀ। ਉਨ੍ਹਾਂ ਇਹ ਵੀ ਕਿਹਾ ਕਿ SIR ਦਿਸ਼ਾ-ਨਿਰਦੇਸ਼ ਸੰਸਦ ਮੈਂਬਰਾਂ ਅਤੇ ਵਿਧਾਇਕਾਂ ਵਰਗੇ ਜਨਤਕ ਪ੍ਰਤੀਨਿਧੀਆਂ ਲਈ ਇੱਕ “ਸੁਰੱਖਿਅਤ ਸੂਚੀ” ਪ੍ਰਦਾਨ ਕਰਦੇ ਹਨ। ਚੱਢਾ ਦਾ ਦਾਅਵਾ ਹੈ ਕਿ ਉਨ੍ਹਾਂ ਦਾ ਨਾਮ ਇਸ ਵਿਵਸਥਾ ਦੇ ਤਹਿਤ ਡਰਾਫਟ ਸੂਚੀ ਵਿੱਚ ਰਹਿਣਾ ਚਾਹੀਦਾ ਸੀ। ਉਨ੍ਹਾਂ ਨੇ ’ਆਪ’ ’ਤੇ ਨਿਸ਼ਾਨਾ ਸਾਧਦੇ ਹੋਏ ਕਿਹਾ ਕਿ ਪੰਜਾਬ ਦੀ ਵੋਟਰ ਸੂਚੀ ਕਿਸੇ ਵੀ ਰਾਜਨੀਤਿਕ ਪਾਰਟੀ ਦੀ ਨਿੱਜੀ ਜਾਇਦਾਦ ਨਹੀਂ ਹੈ। ਚੋਣ ਕਮਿਸ਼ਨ ਦੇ ਰਿਕਾਰਡ ਅਨੁਸਾਰ, ਚੱਢਾ ਦਾ ਨਾਮ “ਗੈਰਹਾਜ਼ਰ, ਸ਼ਿਫਟਡ, ਮ੍ਰਿਤਕ ਅਤੇ ਡੁਪਲੀਕੇਟ” ਸ਼੍ਰੇਣੀ ਵਿੱਚ ਸ਼ਾਮਲ ਹੈ। ਉਨ੍ਹਾਂ ਦੀ ਐਂਟਰੀ ਦੇ ਅੱਗੇ “ਸਥਾਈ ਤੌਰ ’ਤੇ ਸ਼ਿਫਟਡ” ਲਿਖਿਆ ਹੈ। ਪੰਜਾਬ ਵਿੱਚ 13 ਅਗਸਤ ਨੂੰ ਜਾਰੀ ਡਰਾਫਟ SIR ਸੂਚੀ ਵਿੱਚੋਂ ਲਗਭਗ 20.66 ਲੱਖ ਨਾਮ ਹਟਾ ਦਿੱਤੇ ਗਏ ਸਨ। ਇਹ ਗਿਣਤੀ SIR ਤੋਂ ਪਹਿਲਾਂ ਕੁੱਲ ਵੋਟਰਾਂ ਦਾ ਲਗਭਗ 9.7 ਪ੍ਰਤੀਸ਼ਤ ਦੱਸੀ ਜਾਂਦੀ ਹੈ। ਰਾਘਵ ਚੱਢਾ ਨੇ ਕਿਹਾ ਹੈ ਕਿ ਮਾਮਲਾ ਅਜੇ ਖਤਮ ਨਹੀਂ ਹੋਇਆ ਹੈ, ਕਿਉਂਕਿ ਇਹ ਅੰਤਿਮ ਵੋਟਰ ਸੂਚੀ ਨਹੀਂ ਹੈ, ਸਗੋਂ ਇੱਕ ਡਰਾਫਟ ਸੂਚੀ ਹੈ। ਚੋਣ ਕਮਿਸ਼ਨ ਨੇ ਦਾਅਵੇ ਅਤੇ ਇਤਰਾਜ਼ ਦਾਇਰ ਕਰਨ ਲਈ 13 ਅਗਸਤ ਤੋਂ 12 ਸਤੰਬਰ ਤੱਕ ਦਾ ਸਮਾਂ ਦਿੱਤਾ ਹੈ। ਚੱਢਾ ਨੇ ਇਸ ਪ੍ਰਕਿਰਿਆ ਰਾਹੀਂ ਆਪਣਾ ਨਾਮ ਦੁਬਾਰਾ ਸ਼ਾਮਲ ਕਰਨ ਦੀਆਂ ਤਿਆਰੀਆਂ ਸ਼ੁਰੂ ਕਰ ਦਿੱਤੀਆਂ ਹਨ।

## ਸ਼੍ਰੋਮਣੀ ਅਕਾਲੀ ਦਲ ਦੇ ਵਫ਼ਦ ਨੇ ਰਾਜਪਾਲ ਨਾਲ ਕੀਤੀ ਮੁਲਾਕਾਤ, ਭਗਵੰਤ ਮਾਨ ਨੂੰ ਲਾਂਭੇ ਕਰਨ ਅਤੇ ਸੀਬੀਆਈ ਜਾਂਚ ਦੀ ਕੀਤੀ ਮੰਗ



**ਚੰਡੀਗੜ੍ਹ, 3 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਹੇਠ ਪਾਰਟੀ ਦੀ ਸੀਨੀਅਰ ਲੀਡਰਸ਼ਿਪ ਦੇ ਇੱਕ ਉੱਚ ਪੱਧਰੀ ਵਫ਼ਦ ਨੇ ਪੰਜਾਬ ਦੇ ਮਾਣਯੋਗ ਰਾਜਪਾਲ ਗੁਲਾਬ ਚੰਦ ਕਟਾਰੀਆ ਨਾਲ ਮੁਲਾਕਾਤ ਕੀਤੀ। ਇਸ ਮੁਲਾਕਾਤ ਦੌਰਾਨ ਵਫ਼ਦ ਨੇ ਸੂਬੇ ਵਿੱਚ ਲਗਾਤਾਰ ਵਿਗੜ ਰਹੀ ਕਾਨੂੰਨ ਵਿਵਸਥਾ ਦੀ ਗੰਭੀਰ ਸਥਿਤੀ ਅਤੇ ਭ੍ਰਿਸ਼ਟਾਚਾਰ ਦੇ ਮੁੱਦਿਆਂ ’ਤੇ ਡੂੰਘੀ ਚਿੰਤਾ ਪ੍ਰਗਟਾਉਂਦਿਆਂ ਇੱਕ ਮੰਗ ਪੱਤਰ ਸੌਂਪਿਆ। ਮੁਲਾਕਾਤ ਦੌਰਾਨ ਸੁਖਬੀਰ ਸਿੰਘ ਬਾਦਲ ਨੇ ਮੁੱਖ ਮੰਤਰੀ ਭਗਵੰਤ ਮਾਨ ’ਤੇ ਤਿੱਖੇ ਹਮਲੇ ਕਰਦਿਆਂ ਦੋਸ਼ ਲਾਇਆ ਕਿ ਮੁੱਖ ਮੰਤਰੀ ਦੀ ਪਤਨੀ ਅਤੇ ਸਾਂਢੂ ਵੱਲੋਂ ਬਲਾਤਕਾਰੀਆਂ ਨਾਲ ਧੀਆਂ ਦੀ ਇੱਜ਼ਤ ਦੇ ਸੌਦੇ ਕੀਤੇ ਜਾ ਰਹੇ ਹਨ ਅਤੇ 5 ਕਰੋੜ ਰੁਪਏ ਦੀ ਰਿਸ਼ਵਤ ਦੇ ਲੈਣ-ਦੇਣ ਦੇ ਗੰਭੀਰ ਮਾਮਲੇ ਸਾਹਮਣੇ ਆਏ ਹਨ। ਅਕਾਲੀ ਦਲ ਨੇ ਰਾਜਪਾਲ ਅੱਗੇ ਮੰਗ ਰੱਖੀ ਕਿ ਇਸ ਪੂਰੇ ਮਾਮਲੇ ਦੀ ਨਿਰਪੱਖ ਸੀ.ਬੀ.ਆਈ. ਜਾਂਚ ਕਰਵਾਈ ਜਾਵੇ ਅਤੇ ਨੈਤਿਕਤਾ ਦੇ ਆਧਾਰ ’ਤੇ ਮੁੱਖ ਮੰਤਰੀ ਨੂੰ ਤੁਰੰਤ ਉਨ੍ਹਾਂ ਦੇ ਅਹੁਦੇ ਤੋਂ ਹਟਾਇਆ ਜਾਵੇ। ਰਾਜਪਾਲ ਨਾਲ ਮੁਲਾਕਾਤ ਤੋਂ ਬਾਅਦ ਮੀਡੀਆ ਨੂੰ ਸੰਬੋਧਨ ਕਰਦਿਆਂ ਸੁਖਬੀਰ ਸਿੰਘ ਬਾਦਲ ਨੇ ਦੋਸ਼ ਲਗਾਇਆ ਕਿ ਪੰਜਾਬ ਦੇ ਮੁੱਖ ਮੰਤਰੀ ਦਾ ਘਰ ਕੰਮ ਕਰਵਾਉਣ ਲਈ ਇੱਕ “ਸੇਵਾ ਕੇਂਦਰ” ਅਤੇ “ਇੱਕ ਖਿੜਕੀ” ਬਣ ਗਿਆ ਹੈ। ਉਨ੍ਹਾਂ ਦਾਅਵਾ ਕੀਤਾ ਕਿ ਲੋਕਾਂ ਤੋਂ ਕਥਿਤ ਤੌਰ ’ਤੇ ਮੁੱਖ ਮੰਤਰੀ ਦੀ ਪਤਨੀ ਵੱਲੋਂ ਵੱਖ-ਵੱਖ ਮਾਮਲਿਆਂ ਨੂੰ ਸੰਭਾਲਣ ਲਈ ਪੈਸੇ ਮੰਗੇ ਜਾ ਰਹੇ ਹਨ। ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਨੇ ਦੋਸ਼ ਲਗਾਇਆ ਕਿ ਸਿਸਟਮ ਭ੍ਰਿਸ਼ਟਾਚਾਰ ਦਾ ਇੱਕ ਵੱਡਾ ਸਰੋਤ ਬਣ ਗਿਆ ਹੈ ਅਤੇ ਸੁਤੰਤਰ ਜਾਂਚ ਦੀ ਮੰਗ ਕੀਤੀ। ਸੁਖਬੀਰ ਬਾਦਲ ਨੇ ਇੱਕ ਅਮਰੀਕੀ ਨਾਗਰਿਕ ਨਾਲ ਸਬੰਧਤ ਬਲਾਤਕਾਰ ਦੇ ਮਾਮਲਿਆਂ ਬਾਰੇ ਵੀ ਦੋਸ਼ ਲਗਾਏ, ਜਿਸਦੀ ਪਛਾਣ ਉਨ੍ਹਾਂ ਨੇ ਗੁਰੀ ਚਾਹਲ ਵਜੋਂ ਕੀਤੀ। ਉਨ੍ਹਾਂ ਵੱਲੋਂ ਲਗਾਏ ਗਏ ਦੋਸ਼ਾਂ ਅਨੁਸਾਰ, ਦੋ ਔਰਤਾਂ ਨੇ ਕਥਿਤ ਤੌਰ ’ਤੇ ਬਲਾਤਕਾਰ ਤੋਂ ਬਾਅਦ ਪੁਲਿਸ ਕੋਲ ਪਹੁੰਚ ਕੀਤੀ ਸੀ। ਇੱਕ ਮਾਮਲਾ ਮੋਹਾਲੀ ਵਿੱਚ ਦਰਜ ਕੀਤਾ ਗਿਆ ਸੀ, ਜਦੋਂ ਕਿ ਦੂਜਾ ਅੰਮ੍ਰਿਤਸਰ ਵਿੱਚ ਦਰਜ ਕੀਤਾ ਗਿਆ ਸੀ। ਉਨ੍ਹਾਂ ਦਾਅਵਾ ਕੀਤਾ ਕਿ ਕਥਿਤ ਪੀੜਤਾਂ ਵਿੱਚੋਂ ਇੱਕ ਜੱਜ ਦੇ ਸਾਹਮਣੇ ਪੇਸ਼ ਹੋਈ ਅਤੇ ਆਪਣਾ ਬਿਆਨ ਦਰਜ ਕਰਵਾਇਆ। ਸੁਖਬੀਰ ਬਾਦਲ ਨੇ ਅੱਗੇ ਦੋਸ਼ ਲਗਾਇਆ ਕਿ ਦੋਸ਼ੀ ਸਿਰਫ਼ ਦੋ ਮਾਮਲਿਆਂ ਵਿੱਚ ਹੀ ਸ਼ਾਮਲ ਨਹੀਂ ਸੀ ਅਤੇ ਦਾਅਵਾ ਕੀਤਾ ਕਿ ਪੰਜ ਔਰਤਾਂ ਨੇ ਮੁੱਖ ਮੰਤਰੀ ਕੋਲ ਪਹੁੰਚ ਕਰਕੇ ਦੋਸ਼ ਲਗਾਇਆ ਸੀ ਕਿ ਉਨ੍ਹਾਂ ਦਾ ਜਿਨਸੀ ਸ਼ੋਸ਼ਣ ਇੱਕੋ ਵਿਅਕਤੀ ਨੇ ਕੀਤਾ ਹੈ। ਸ਼੍ਰੋਮਣੀ ਅਕਾਲੀ ਦਲ ਦੇ ਮੁਖੀ ਨੇ ਦੋਸ਼ ਲਗਾਇਆ ਕਿ ਸ਼ਿਕਾਇਤਾਂ ਕੀਤੇ ਜਾਣ ਤੋਂ ਬਾਅਦ ਸੀਨੀਅਰ ਪੁਲਿਸ ਅਧਿਕਾਰੀਆਂ ਨੂੰ ਬੁਲਾਇਆ ਗਿਆ ਸੀ ਪਰ ਦਾਅਵਾ ਕੀਤਾ ਕਿ ਬਾਅਦ ਵਿੱਚ ਮਾਮਲਿਆਂ ਨੂੰ ਸੁਲਝਾਉਣ ਜਾਂ ਬੰਦ ਕਰਨ ਲਈ ਦਬਾਅ ਪਾਇਆ ਗਿਆ।

## ਸੁਨਾਮ ’ਚ ਮੁੱਖ ਮੰਤਰੀ ਮਾਨ ਦਾ ਕਾਲੇ ਝੰਡਿਆਂ ਨਾਲ ਵਿਰੋਧ, ਪੁਲਿਸ ਨੇ ਛੱਤ ’ਤੇ ਚੜ੍ਹ ਫੜੇ ਲੋਕ, ਮਾਰਿਆ ਥੱਪੜ



**ਸੁਨਾਮ, 3 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ’ਚ ਆਮ ਆਦਮੀ ਪਾਰਟੀ ਦਾ ਵਿਰੋਧ ਲਗਾਤਾਰ ਵਧਦਾ ਜਾ ਰਿਹਾ ਹੈ। ਇਸਦੀ ਝਲਕ ਮੁੱਖ ਮੰਤਰੀ ਭਗਵੰਤ ਮਾਨ ਦੇ ਅੱਜ ਉਨ੍ਹਾਂ ਦੇ ਆਪਣੇ ਜ਼ਿਲ੍ਹੇ ਸੰਗਰੂਰ ਦੇ ਸੁਨਾਮ ’ਚ ਵੇਖਣ ਨੂੰ ਮਿਲੀ, ਜਿਥੇ ਮੁੱਖ ਮੰਤਰੀ ਦਾ ਸੱਥ ਪ੍ਰੋਗਰਾਮ ਰੱਖਿਆ ਗਿਆ ਸੀ। ਪਰੰਤੂ ਜਦੋਂ ਭਗਵੰਤ ਮਾਨ ਦੀ ਕਾਰਗੁਜਾਰੀ ਤੋਂ ਨਾਖੁਸ਼ ਲੋਕਾਂ ਨੇ ਉਨ੍ਹਾਂ ਦਾ ਕਾਲੇ ਝੰਡੇ ਵਿਖਾ ਕੇ ਵਿਰੋਧ ਕਰਨਾ ਚਾਹਿਆ ਤਾਂ ਪੰਜਾਬ ਪੁਲਿਸ ਨੇ ਚਲਦੇ ਪ੍ਰੋਗਰਾਮ ਦੌਰਾਨ ਆਪਣਾ ਰੂਦਰ ਰੂਪ ਵਿਖਾ ਦਿੱਤਾ, ਜਿਸ ਦੀ ਇੱਕ ਵੀਡੀਓ ਵੀ ਸਾਹਮਣੇ ਆਈ ਹੈ। ਜਾਣਕਾਰੀ ਅਨੁਸਾਰ, ਮੁੱਖ ਮੰਤਰੀ ਵੱਲੋਂ ਪਿੰਡ ਸ਼ੇਰੋਂ ਵਿਖੇ ਸੱਥ ਪ੍ਰੋਗਰਾਮ ਰੱਖਿਆ ਗਿਆ ਸੀ। ਇਸ ਦੌਰਾਨ ਜਦੋਂ ਮੁੱਖ ਮੰਤਰੀ ਇਕੱਠੇ ਲੋਕਾਂ ਨੂੰ ਸੰਬੋਧਨ ਕਰ ਰਹੇ ਸਨ ਤਾਂ ਆਮ ਆਦਮੀ ਪਾਰਟੀ ਦੀਆਂ ਨੀਤੀਆਂ ਤੋਂ ਨਾਖੁਸ਼ ਪਿੰਡ ਦੇ ਲੋਕਾਂ ਵੱਲੋਂ ਉਨ੍ਹਾਂ ਦਾ ਵਿਰੋਧ ਕਰਨ ਲਈ ਵਿਰੋਧ ਕਰਨਾ ਚਾਹਿਆ। ਇਸ ਲਈ ਉਨ੍ਹਾਂ ਵੱਲੋਂ ਮੁੱਖ ਮੰਤਰੀ ਨੂੰ ਕੋਠੇ ’ਤੇ ਚੜ੍ਹ ਕੇ ਕਾਲੇ ਝੰਡੇ ਵਿਖਾਉਣੇ ਅਤੇ ਨਾਅਰੇਬਾਜ਼ੀ ਕਰਨੀ ਸ਼ੁਰੂ ਕਰ ਦਿੱਤੀ। ਵੀਡੀਓ ਵਿੱਚ ਵਿਖਾਈ ਦੇ ਰਿਹਾ ਹੈ ਕਿ ਇੱਕ ਵਿਅਕਤੀ ਜਦੋਂ ਭਗਵੰਤ ਮਾਨ ਨੂੰ ਕਾਲੀ ਝੰਡੀ ਵਿਖਾ ਰਿਹਾ ਹੈ ਤਾਂ ਪਹਿਲਾਂ ਇੱਕ ਕਮਾਂਡੋ ਰੋਕਣ ਜਾਂਦਾ ਹੈ, ਪਰ ਜਦੋਂ ਉਹ ਰੋਸ ਤੋਂ ਨਹੀਂ ਰੁਕਦਾ ਤਾਂ ਫਿਰ ਇੱਕ-ਇੱਕ ਕਰਕੇ ਪੰਜਾਬ ਪੁਲਿਸ ਦੇ ਮੁਲਾਜ਼ਮ ਪਹੁੰਚਦੇ ਹਨ ਅਤੇ ਸ਼ਖਸ ਨੂੰ ਅੱਗਿਓ ਤੇ ਪਿੱਛੇ ਫੜ ਲੈਂਦੇ ਹਨ। ਇਸ ਦੌਰਾਨ ਇੱਕ ਹੋਰ ਉਚ ਅਧਿਕਾਰੀ ਜਲਦੀ ਨਾਲ ਛੱਤ ਵੱਲ ਭੱਜ ਕੇ ਚੜ੍ਹਦਾ ਹੈ ਅਤੇ ਵੀਡੀਓ ਬਣਾ ਰਹੇ ਇੱਕ ਹੋਰ ਦੂਜੇ ਨੌਜਵਾਨ ਸ਼ਖਸ ਦੇ ਮੂੰਹ ’ਤੇ ਚਪੇੜ ਜੜ੍ਹ ਦਿੰਦਾ ਹੈ, ਜਿਸ ਦੌਰਾਨ ਉਸ ਦਾ ਮੋਬਾਈਲ ਵੀ ਡਿੱਗ ਜਾਂਦਾ ਹੈ। ਇਸ ਪਿੱਛੋਂ ਪੁਲਿਸ ਕਾਲੇ ਝੰਡੇ ਵਿਖਾਉਣ ਵਾਲੇ ਸ਼ਖਸ ਨੂੰ ਆਪਣੇ ਹੱਥਾਂ ਨਾਲ ਜ਼ਬਰੀ ਮੂੰਹ ਬੰਦ ਕਰਕੇ ਹੇਠਾਂ ਲੈ ਜਾਂਦੀ ਹੈ। ਪੰਜਾਬ ਪੁਲਿਸ ਦੀ ਮੁੱਖ ਮੰਤਰੀ ਭਗਵੰਤ ਮਾਨ ਦੇ ਚਲਦੇ ਪ੍ਰੋਗਰਾਮ ਦੌਰਾਨ ਇਹ ਕਾਰਵਾਈ ਸੋਸ਼ਲ ਮੀਡੀਆ ’ਤੇ ਤੇਜ਼ੀ ਨਾਲ ਵਾਇਰਲ ਹੋ ਰਹੀ ਹੈ, ਜਿਸ ਦੀ ਆਮ ਲੋਕਾਂ ਵੱਲੋਂ ਭਰਵੀਂ ਨਿਖੇਧੀ ਕੀਤੀ ਜਾ ਰਹੀ ਹੈ।

# ਲੰਗਰ ਸੇਵਾ 5 ਸਤੰਬਰ ਦਿਨ ਸ਼ਨੀਵਾਰ ਨੂੰ



ਸਿੰਘ ਸਾਹਿਬ ਭਾਈ ਜਸਵੀਰ ਸਿੰਘ ਖਾਲਸਾ

ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ

ਸਿੰਘ ਸਾਹਿਬ ਭਾਈ ਜਸਵੀਰ ਸਿੰਘ ਖਾਲਸਾ ਵੱਲੋਂ ਪੰਥਕ ਅਕਾਲੀ ਦਲ ਦੇ ਸਮੂਹ ਅਹੁਦੇਦਾਰਾਂ ਰਾਜਨੀਤਿਕ ਧਾਰਮਿਕ ਅਤੇ ਕਿਸਾਨ ਵਿੰਗ ਦੇ ਸਾਰੇ ਪ੍ਰਧਾਨਾਂ ਨੂੰ ਜਰੂਰੀ ਤਾਕੀਦ ਹੈ ਕਿ ਆਪੋ-ਆਪਣੇ ਜ਼ਿਲ੍ਹਾ ਪ੍ਰਧਾਨਾਂ ਅਤੇ ਹੋਰ ਅਹੁਦੇਦਾਰਾਂ ਨੂੰ ਬੇਨਤੀ ਕਰਕੇ 5 ਸਤੰਬਰ ਨੂੰ ਠੀਕ 9 ਵਜੇ ਸ੍ਰੀ ਅੰਮ੍ਰਿਤਸਰ ਸਾਹਿਬ ਲੰਗਰ ਹਾਲ ਵਿਖੇ ਪਹੁੰਚਣ ਦੀ ਕਿਰਪਾਲਤਾ ਕਰਨੀ ਤਾਂ ਕਿ ਹਰ ਮਹੀਨੇ ਦੀ ਤਰ੍ਹਾਂ ਸ੍ਰੀ ਗੁਰੂ ਰਾਮਦਾਸ ਮਹਾਰਾਜ ਦੀਆਂ ਖੁਸ਼ੀਆਂ ਪ੍ਰਾਪਤ ਕਰ ਸਕੀਏ।



ਜਾਰੀ ਕਰਤਾ : **ਜਥੇਦਾਰ ਦਲੀਪ ਸਿੰਘ ਚਕਰ**

ਕਨਵੀਨਰ ਪੰਥਕ ਅਕਾਲੀ ਦਲ, +91 99146 00715

ਆਵਾਜ਼ਿ ਕੌਮ AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਜਨਮ ਪਿੰਡ ਰੋਡੇ 2.6.1947 Birth Pind Rode

ਸ਼ਹੀਦੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ 6.6.1984 Shaheedi Sri Darbar Sahib Amritsar



www.damdamitaksal.net

Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net



ਦਮਦਮੀ ਟਕਸਾਲ ਜਥਾ ਭਿੰਡਰਾਂ (ਮਹਿਤਾ)
www.damdamitaksal.net

ਨਾਮ ਜਪੋ ਕਿਰਤ ਕਰੋ ਵੰਡ ਛੱਕੋ — Naam Japo Kirat Karo Vand Shako

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਦੇਗ ਤੇਗ ਫ਼ਤਿਹ – ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਧੰਨ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ ਮਾਤਾ ਸਾਹਿਬ ਕੌਰ ਜੀ

# ਗੁਰਮਤਿ ਸਮਾਗਮ

1 ਨਵੰਬਰ 2026, ਦਿਨ ਐਤਵਾਰ ਨੂੰ
ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ
ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।



ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਮੰਗਲਵਾਰ, ਸਵੇਰੇ 10 ਵਜੇ
ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਐਤਵਾਰ, ਸਵੇਰੇ 9 ਵਜੇ



ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

ਨੋਟ : ਇਹ ਸਮਾਗਮ 13 ਦਿਨ ਚੱਲੇਗਾ

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।

ਬੇਨਤੀ ਕਰਤਾ
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ 98141-27470
ਜਥੇਦਾਰਨੀ ਬੀਬੀ ਸੁਰਿੰਦਰ ਕੌਰ 73408-35137
ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦੱਲ
ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404, ਜ: ਹਰਜੋਤ ਸਿੰਘ ਢਿੱਲੋਂ, ਜ: ਮਹਿਤਾਬ ਸਿੰਘ ਢਿੱਲੋਂ
ਸੰਪਰਕ ਨੰਬਰ 84278-66404


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ AWAZE QAUM
International Newspaper & WEB TV

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਮਹਾਨ ਗੁਰਮਤਿ ਸਮਾਗਮ





ਮਹਾਨ ਦਿਹਾੜਾ ਭਾਈ ਲਾਧੋ ਰੇ ਦਿਵਸ, ਸ਼ਹੀਦੀ ਦਿਹਾੜਾ ਕੌਮੀ ਸ਼ਹੀਦ ਭਾਈ ਜਸਵੰਤ ਖਾਲੜਾ , ਸ਼ਹੀਦੀ ਦਿਹਾੜਾ ਕੌਮੀ ਹੀਰੋ ਭਾਈ ਦਿਲਾਵਰ ਸਿੰਘ ਬੱਬਰ , ਸੰਪੂਰਨਤਾ ਦਿਵਸ ਧੰਨ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਸਮਰਪਿਤ ਗੁਰਮਿਤ ਸਮਾਗਮ ਕਰਵਾਏ ਜਾ ਰਹੇ ਹਨ।

ਸੰਪੂਰਨਤਾ ਦਿਵਸ ਨੂੰ ਸਮਰਪਿਤ ਸਿੱਖ ਸੰਗਤਾਂ ਵੱਲੋਂ ਸ਼੍ਰੀ ਅਖੰਡ ਪਾਠ ਸਾਹਿਬ ਦੀ ਸੇਵਾ ਲਈ ਗਈ ਹੈ 4 ਸਤੰਬਰ ਸ਼ੁੱਕਰਵਾਰ ਸਵੇਰੇ ਸਾਢੇ 10 ਵਜੇ ਅਰੰਭਤਾ ਹੋਵੇਗੀ

ਸ਼ਨਿੱਚਰਵਾਰ 5 ਸਤੰਬਰ ਸ਼ਾਮ 5 ਤੋਂ 8:30 ਵਜੇ ਤੱਕ ਦੀਵਾਨ ਸੱਜਣਗੇ।ਐਤਵਾਰ 6 ਸਤੰਬਰ 2026 ਨੂੰ 6:30 ਵਜੇ ਸਵੇਰੇ ਚੋਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 10:00 ਵਜੇ ਭੋਗ ਪੈਣ ਉਪਰੰਤ 12:45 ਵਜੇ ਤੱਕ ਦੀਵਾਨ ਸੱਜਣਗੇ।



ਢਾਡੀ ਜਥਾ ਗਿਆਨੀ ਹਰਦੀਪ ਸਿੰਘ ਖਾਲਸਾ ਮਾਨੋਚਾਹਲ

ਢਾਡੀ ਜਥਾ ਗਿਆਨੀ ਹਰਦੀਪ ਸਿੰਘ ਖਾਲਸਾ ਮਾਨੋਚਾਹਲ ਢਾਡੀ ਵਾਰਾਂ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ।
☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778


ਲੜੀਵਾਰ
ਗੁਰਬਾਣੀ ਸ਼ਬਦ ਵਿਚਾਰ
ਆਵਾਜ਼ਿ ਕੌਮ
AWAZE QAUM
International Newspaper & WEB TV
ਗੁਰਦੁਆਰਾ ਬੰਗਲਾ ਸਾਹਿਬ
5 ਸਤੰਬਰ 2026
ਦਿਨ ਸ਼ਨੀਵਾਰ ਨੂੰ
ਸਵੇਰੇ 7:30 ਤੋਂ 8:30 ਵਜੇ ਤੱਕ
LIVE ON
CHARDIKLA TIME TV
ਗੁਰਦੁਆਰਾ ਸੀਸਗੰਜ ਸਾਹਿਬ
6 ਸਤੰਬਰ 2026
ਦਿਨ ਐਤਵਾਰ ਨੂੰ
ਸਵੇਰੇ 7:30 ਤੋਂ 8:30 ਵਜੇ ਤੱਕ
LIVE ON
PTC ਸਿਮਰਨ
GURUDWARA SISGANJ SAHIB, DELHI
ਵਿਚਾਰਾਂ ਦੀ ਸਾਂਝ ਪਾਉਣਗੇ
ਪੰਥ ਪ੍ਰਸਿੱਧ ਸਿੱਖ ਪ੍ਰਚਾਰਕ
ਜਥੇਦਾਰ ਬਲਜੀਤ ਸਿੰਘ ਦਾਦੂਵਾਲ
ਚੇਅਰਮੈਨ ਧਰਮ ਪ੍ਰਚਾਰ
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਸੰਪਰਕ ਨੰਬਰ : 9814015740 , 9356060960

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਧੰਨ-ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ ਨੂੰ ਅਤੇ
ਧੰਨ-ਧੰਨ ਮਾਤਾ ਸਹਿਬ ਕੌਰ ਜੀ ਦੇ ਜਨਮ ਦਿਵਸ ਨੂੰ ਸਮਰਪਿਤ

# 30ਵਾਂ
# ਸਲਾਨਾ ਗੁਰਮਤਿ ਸਮਾਗਮ



ਸੰਤ ਬਾਬਾ ਜਰਨੈਲ ਸਿੰਘ ਜੀ
ਖਾਲਸਾ ਭਿੰਡਰਾਂਵਾਲੇ

## ਗੁਰਦੁਆਰਾ ਸ਼ਹੀਦਾਂ, ਪਿੰਡ ਜੱਸੋਵਾਲ (ਬੀਹੜਾਂ)

(ਬੱਕਰਾਂ ਦੇ ਹਾਈ ਕੋਰਟ)

## ਮਿਤੀ 1 ਨਵੰਬਰ 2026 ਦਿਨ ਐਤਵਾਰ

ਨੂੰ ਸ਼੍ਰੀ ਅਖੰਡ ਪਾਠ ਸਾਹਿਬਾਂ ਜੀ ਦੇ ਭੋਗ ਉਪਰੰਤ ਦੀਵਾਨ ਸਜਣਗੇ ।

ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਮੈਂਬਰ ਸ਼੍ਰੋਮਣੀ ਕਮੇਟੀ, ਨਿਰਮਲੇ, ਉਦਾਸੀ, ਧਾਰਮਿਕ, ਸੰਯੁਕਤ ਕਿਸਾਨ ਮੋਰਚੇ ਦੇ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਪੰਥਕ ਅਕਾਲੀ ਦਲ ਭਾਰਤ ਅਤੇ ਯੂ.ਕੇ. ਦੇ ਸਮੂਹ ਅਹੁਦੇਦਾਰ, ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ ।
ਸਭ ਨੂੰ ਬੇਨਤੀ ਹੈ ਕਿ ਪਰਿਵਾਰਾਂ ਸਮੇਤ ਵੱਧ ਤੋਂ ਵੱਧ ਸੰਗਤਾਂ ਲੈ ਕੇ ਸਮਾਗਮਾਂ ਵਿੱਚ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ ।

ਆਵਾਜ਼ਿ ਕੌਮ AWAZE QAUM International Newspaper & WEB TV

**ਗੁਰੂ ਦੇ ਲੰਗਰ ਅਤੇ ਚਾਹ-ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ ।**



## 30 ਅਕਤੂਬਰ 2026 ਦਿਨ ਸ਼ੁੱਕਰਵਾਰ

ਅਰੰਭ ਸ੍ਰੀ ਅਖੰਡ ਪਾਠ ਸਾਹਿਬ 10-00 ਵਜੇ ਸਵੇਰੇ

## 1 ਨਵੰਬਰ 2026 ਦਿਨ ਐਤਵਾਰ ਨੂੰ

ਭੋਗ ਸ੍ਰੀ ਅਖੰਡ ਪਾਠ ਸਾਹਿਬ 10-00 ਵਜੇ ਸਵੇਰੇ

ਖੁੱਲ੍ਹੇ ਪੰਡਾਲ ਵਿੱਚ ਸਵੇਰੇ 10-00 ਵਜੇ ਤੋਂ
ਸ਼ਾਮ 3-00 ਵਜੇ ਤੱਕ ਦੀਵਾਨ ਸਜਣਗੇ ।

ਨੋਟ :- 20 ਅਕਤੂਬਰ ਤੋਂ 1 ਨਵੰਬਰ ਤੱਕ 13 ਦਿਨ ਸਮਾਗਮ ਚੱਲੇਗਾ ।



## ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ

ਮੁੱਖ ਬੁਲਾਰਾ ਅੰਤਰਰਾਸ਼ਟਰੀ ਪੰਥਕ ਅਕਾਲੀ ਦਲ
ਮੈਂਬਰ ਐਸ.ਜੀ.ਪੀ.ਸੀ.
ਮੋ: 98141-27470, 73408-35137

ਜਾਰੀ ਕਰਤਾ :- ਜਰਨੈਲ ਸਿੰਘ ਢਿੱਲੋਂ, 84278-66404

## ਖਾਲਸਾ ਕਾਲਜ ਮਹਿਤਾ ਦੇ ਬੀ. ਏ./ਬੀ.ਐਸ.ਸੀ.

# ਚੌਥੇ ਸਮੈਸਟਰ ਦਾ ਨਤੀਜਾ 100 ਫ਼ੀਸਦੀ ਰਿਹਾ



**ਚੌਕ ਮਹਿਤਾ,3 ਸਤੰਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਦਮਦਮੀ ਟਕਸਾਲ ਦੇ ਮੌਜੂਦਾ ਮੁਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸ਼੍ਰੀਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਜੀ ਦੀ ਰਹਿਨੁਮਾਈ ਹੇਠ ਚੱਲ ਰਹੇ ਵਿਦਿਅਕ ਅਦਾਰੇ ਸੰਤ ਗਿਆਨੀ ਗੁਰਬਚਨ ਸਿੰਘ ਜੀ ਖਾਲਸਾ ਕਾਲਜ ਮਹਿਤਾ ਚੌਂਕ ਦੇ ਬੀ.ਏ /ਬੀ.ਐਸ.ਸੀ ਸਮੈਸਟਰ ਚੌਥਾ ਦੇ ਨਤੀਜੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਵੱਲੋਂ ਘੋਸ਼ਿਤ ਕੀਤੇ ਗਏ ।ਇਹਨਾਂ ਨਤੀਜਿਆ ਵਿੱਚ ਬੀ.ਏ/ਬੀ.ਐਸ.ਸੀ ਸਮੈਸਟਰ ਚੌਥਾ ਦੇ ਵਿਦਿਆਰਥੀਆਂ ਦੀ ਮਿਹਨਤ ਸਦਕਾ ਨਤੀਜੇ ਸੌ ਫੀਸਦੀ ਰਹੇ। ਜਿਸ ਵਿੱਚ ਬੀ.ਏ ਦੀ ਨਵਨੀਤ ਕੌਰ77%,ਹਰਮਨਪ੍ਰੀਤ ਕੌਰ76% ਅਤੇ ਗੁਰਪ੍ਰੀਤ ਸਿੰਘ 74% ਬੀ.ਐਸ.ਸੀ ਇਕਨੌਮਿਕਸ ਦੀ ਆਚਲ ਪ੍ਰੀਤ ਕੌਰ 74% ਅਤੇ ਹਰ ਸੁਖਪ੍ਰੀਤ ਸਿੰਘ ਨੇ72% ਅੰਕ ਪ੍ਰਾਪਤ ਕਰਕੇ ਕਰਮਵਾਰ ਪਹਿਲਾ ਦੂਜਾ ਅਤੇ, ਤੀਜਾ ਸਥਾਨ ਹਾਸਲ ਕਰਕੇ ਕਾਲਜ ਅਤੇ ਮਾਪਿਆ ਦਾ ਨਾਮ ਰੌਸ਼ਨ ਕੀਤਾ। ਇਸ ਬਿਹਤਰੀਨ ਨਤੀਜੇ ਕਰਕੇ ਕਾਲਜ ਵਿੱਚ ਵਿੱਚ ਦਾਖਲਿਆਂ ਦਾ ਰੁਝਾਨ ਕਾਫ਼ੀ ਵਧ ਗਿਆ ਹੈ । ਇਸ ਮੌਕੇ 'ਤੇ ਕਾਲਜ ਦੇ ਪ੍ਰਿੰਸੀਪਲ ਸਰਦਾਰ ਗੁਰਦੀਪ ਸਿੰਘ ਜਲਾਲ ਉਸਮਾਂ ਨੇ ਖ਼ੁਸ਼ੀ ਜ਼ਾਹਿਰ ਕਰਦਿਆ ਵਿਦਿਆਰਥੀਆਂ ਦੇ ਨਾਲ-ਨਾਲ ਮਾਪਿਆਂ ਅਤੇ ਅਧਿਆਪਕਾਂ ਨੂੰ ਵਧਾਈ ਦਿੱਤੀ, ਅਤੇ ਕਿਹਾ ਕਿ ਇਹ ਨਤੀਜੇ ਸਿਰਫ ਤੁਹਾਡੀ ਲਗਾਤਾਰ ਕੋਸ਼ਿਸ਼ ਨਹੀਂ ਸਗੋਂ ਤੁਹਾਡੇ ਭਵਿੱਖ ਦੀ ਮਜਬੂਤ ਨੀਂਹ ਵੀ ਹਨ। ਤੁਸੀ ਕਾਲਜ ਦਾ ਮਾਨ ਵਧਾਇਆ ਹੈ ਤੇ ਹੋਰ ਬੱਚਿਆਂ ਲਈ ਪ੍ਰੇਰਨਾ ਦਾ ਇੱਕ ਉਦਾਹਰਣ ਬਣੇ ਹੋ ।ਉਹਨਾਂ ਨੇ ਵਿਦਿਆਰਥੀਆਂ ਨੂੰ ਦਿਲ ਲਾ ਕੇ ਪੜ੍ਹਨ ਅਤੇ ਆਪਣੀ ਜ਼ਿੰਦਗੀ ਵਿੱਚ ਕਾਮਯਾਬ ਹੋਣ ਲਈ ਪ੍ਰੇਰਿਤ ਕੀਤਾ।ਇਸ ਸੁਭਾਗੇ ਮੌਕੇ 'ਤੇ ਕਾਲਜ ਪ੍ਰਿੰਸੀਪਲ ਗੁਰਦੀਪ ਸਿੰਘ ਜਲਾਲ ਉਸਮਾ,ਪ੍ਰਿੰਸੀਪਲ ਹਰਸ਼ਦੀਪ ਸਿੰਘ ਰੰਧਾਵਾ, ਪ੍ਰਿੰਸੀਪਲ ਜਤਿੰਦਰ ਸ਼ਰਮਾ, ਕੁਲਦੀਪ ਕੌਰ,ਗੁਰਸ਼ਰਨਪ੍ਰੀਤ ਕੌਰ, ਸੁਖਮਨਦੀਪ ਕੌਰ ,ਪਵਨਦੀਪ ਕੌਰ, ਅਮਨਦੀਪ ਕੌਰ, ਪੂਰਤੀ ਸ਼ਰਮਾ , ਨਵਨੀਤ ਕੌਰ, ਮਨਜੀਤ ਕੌਰ ,ਗੁਰਵਿੰਦਰ ਕੌਰ ,ਸੁਪ੍ਰੀਤ ਕੌਰ, ਰੁਪਿੰਦਰ ਕੌਰ ,ਬਲਜੀਤ ਕੌਰ ਅਤੇ ਕਾਬਲ ਸਿੰਘ ਆਦਿ ਨੇ ਵਿਦਿਆਰਥੀਆਂ ਤੇ ਮਾਪਿਆਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ।

**ਯੂਨੀਵਰਸਿਟੀ ਪ੍ਰੀਖਿਆਵਾਂ ਵਿੱਚ ਵਿਦਿਆਰਥੀਆਂ ਦੀ ਸ਼ਾਨਦਾਰ ਕਾਮਯਾਬੀ, ਪ੍ਰਿੰਸੀਪਲ ਗੁਰਦੀਪ ਸਿੰਘ ਰੰਧਾਵਾ ਜਲਾਲ ਉਸਮਾ**

## ਤਲਵੰਡੀ ਸਾਬੋ 'ਚ ਭਾਜਪਾ ਨੂੰ ਲਗਾਤਾਰ ਬਲ, ਪਿੰਡ ਲਹਿਰੀ ਅਤੇ ਸੀਂਗੋ ਦੇ

# ਦਰਜਨਾਂ ਪਰਿਵਾਰ ਭਾਜਪਾ 'ਚ ਸ਼ਾਮਲ





**ਤਲਵੰਡੀ ਸਾਬੋ, 3 ਸਤੰਬਰ (ਗੁਰਜੰਟ ਸਿੰਘ ਨਥੇਹਾ)**- ਤਲਵੰਡੀ ਸਾਬੋ ਹਲਕੇ ਅੰਦਰ ਭਾਰਤੀ ਜਨਤਾ ਪਾਰਟੀ ਨੂੰ ਲਗਾਤਾਰ ਮਜ਼ਬੂਤੀ ਮਿਲ ਰਹੀ ਹੈ। ਜ਼ਿਲ੍ਹਾ ਵਾਈਸ ਪ੍ਰਧਾਨ ਨਵਜੋਤ ਸਿੰਘ ਗੁਣੀ ਗਾਟਵਾਲੀ ਦੀ ਨਵੀਂ ਸੋਚ ਅਤੇ ਉਨ੍ਹਾਂ ਵੱਲੋਂ ਲੋਕ ਹਿੱਤਾਂ ਲਈ ਕੀਤੇ ਜਾ ਰਹੇ ਯਤਨਾਂ ਤੋਂ ਪ੍ਰਭਾਵਿਤ ਹੋ ਕੇ ਅੱਜ ਪਿੰਡ ਲਹਿਰੀ ਅਤੇ ਸੀਂਗੋ ਦੇ ਦਰਜਨਾਂ ਪ੍ਰਮੁੱਖ ਪਰਿਵਾਰ ਭਾਰਤੀ ਜਨਤਾ ਪਾਰਟੀ ਵਿੱਚ ਸ਼ਾਮਲ ਹੋ ਗਏ। ਇਸ ਮੌਕੇ ਨਵਜੋਤ ਸਿੰਘ ਗੁਣੀ ਗਾਟਵਾਲੀ ਵੱਲੋਂ ਪਾਰਟੀ ਵਿੱਚ ਸ਼ਾਮਲ ਹੋਣ ਵਾਲੇ ਪਰਿਵਾਰਾਂ ਨੂੰ ਸਿਰੋਪਾਓ ਪਾ ਕੇ ਜੀ ਆਇਆਂ ਆਖਿਆ ਗਿਆ ਅਤੇ ਪਾਰਟੀ ਵਿੱਚ ਬਣਦਾ ਮਾਣ-ਸਨਮਾਨ ਦੇਣ ਦਾ ਭਰੋਸਾ ਦਿੱਤਾ ਗਿਆ। ਦੋਵੇਂ ਪਿੰਡਾਂ ਤੋਂ ਵੱਡੀ ਗਿਣਤੀ ਵਿੱਚ ਸ਼ਾਮਲ ਹੋਏ ਪਰਿਵਾਰਾਂ ਨੇ ਕਿਹਾ ਕਿ ਨਵਜੋਤ ਸਿੰਘ ਗੁਣੀ ਗਾਟਵਾਲੀ ਵਰਗਾ ਨੌਜਵਾਨ ਅਤੇ ਲੋਕਾਂ ਨਾਲ ਜੁੜਿਆ ਹੋਇਆ ਆਗੂ ਹੀ ਤਲਵੰਡੀ ਸਾਬੋ ਹਲਕੇ ਦਾ ਭਵਿੱਖ ਹੈ। ਉਨ੍ਹਾਂ ਕਿਹਾ ਕਿ ਨਵਜੋਤ ਗੁਣੀ ਦੀ ਸੋਚ ਅਤੇ ਲੋਕਾਂ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਵਾਉਣ ਦੀ ਕਾਰਜਸ਼ੈਲੀ ਤੋਂ ਪ੍ਰਭਾਵਿਤ ਹੋ ਕੇ ਉਹ ਭਾਜਪਾ ਵਿੱਚ ਸ਼ਾਮਲ ਹੋਏ ਹਨ। ਇਸ ਮੌਕੇ ਜ਼ਿਲ੍ਹਾ ਵਾਈਸ ਪ੍ਰਧਾਨ ਨਵਜੋਤ ਸਿੰਘ ਗੁਣੀ ਗਾਟਵਾਲੀ ਨੇ ਕਿਹਾ ਕਿ ਭਾਰਤੀ ਜਨਤਾ ਪਾਰਟੀ ਦੀਆਂ ਨੀਤੀਆਂ ਅਤੇ ਦੇਸ਼ ਦੇ ਵਿਕਾਸ ਲਈ ਕੀਤੇ ਜਾ ਰਹੇ ਕੰਮਾਂ ਤੋਂ ਪ੍ਰਭਾਵਿਤ ਹੋ ਕੇ ਲੋਕ ਲਗਾਤਾਰ ਪਾਰਟੀ ਨਾਲ ਜੁੜ ਰਹੇ ਹਨ। ਉਨ੍ਹਾਂ ਕਿਹਾ ਕਿ ਤਲਵੰਡੀ ਸਾਬੋ ਹਲਕੇ ਦੇ ਹਰ ਪਿੰਡ ਅਤੇ ਹਰ ਵਰਗ ਦੇ ਲੋਕਾਂ ਨਾਲ ਮਿਲ ਕੇ ਇਲਾਕੇ ਦੇ ਵਿਕਾਸ ਅਤੇ ਲੋਕਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਕੰਮ ਕੀਤਾ ਜਾਵੇਗਾ।ਉਨ੍ਹਾਂ ਕਿਹਾ ਕਿ ਪਾਰਟੀ ਵਿੱਚ ਸ਼ਾਮਲ ਹੋਣ ਵਾਲੇ ਹਰ ਪਰਿਵਾਰ ਨੂੰ ਪੂਰਾ ਸਨਮਾਨ ਦਿੱਤਾ ਜਾਵੇਗਾ ਅਤੇ ਉਹ ਲੋਕਾਂ ਦੀਆਂ ਉਮੀਦਾਂ 'ਤੇ ਖਰਾ ਉਤਰਣ ਲਈ ਹਮੇਸ਼ਾ ਤਤਪਰ ਰਹਿਣਗੇ।ਉਨ੍ਹਾਂ ਕਿਹਾ ਕਿ ਨੌਜਵਾਨਾਂ ਨੂੰ ਨਾਲ ਲੈ ਕੇ ਤਲਵੰਡੀ ਸਾਬੋ ਦੇ ਵਿਕਾਸ ਲਈ ਇੱਕ ਨਵੀਂ ਸੋਚ ਨਾਲ ਕੰਮ ਕਰਨਾ ਉਨ੍ਹਾਂ ਦੀ ਪਹਿਲੀ ਤਰਜੀਹ ਹੈ।ਇਸ ਮੌਕੇ ਸਰਕਲ ਪ੍ਰਧਾਨ ਇਕਬਾਲ ਸਿੰਘ, ਜ਼ਿਲ੍ਹਾ ਯੂਥ ਵਾਈਸ ਪ੍ਰਧਾਨ ਮਨਦੀਪ ਸਿੰਘ ਸਮੇਤ ਭਾਰਤੀ ਜਨਤਾ ਪਾਰਟੀ ਦੀ ਸਮੁੱਚੀ ਟੀਮ ਅਤੇ ਵੱਡੀ ਗਿਣਤੀ ਵਿੱਚ ਪਾਰਟੀ ਵਰਕਰ ਹਾਜ਼ਰ ਸਨ।ਜੇ ਤੁਸੀਂ ਚਾਹੋ ਤਾਂ ਮੈਂ ਇਸ ਖ਼ਬਰ ਲਈ ਹੋਰ ਪ੍ਰਭਾਵਸ਼ਾਲੀ ਅਤੇ ਅਖ਼ਬਾਰੀ ਸੁਰਖੀ ਵੀ ਤਿਆਰ ਕਰ ਸਕਦਾ ਹਾਂ।

# ਐਚਐਮਈਐਲ ਅਤੇ ਏਮਜ਼ ਬਠਿੰਡਾ ਵੱਲੋਂ ਸਰਭੰਗੀ ਡੇਰਾ ਵਿੱਚ ਮੈਗਾ ਹੈਲਥ ਕੈਂਪ, ਮਾਹਿਰ ਡਾਕਟਰੀ ਸੇਵਾਵਾਂ ਉਪਲਬਧ ਕਰਵਾਈਆਂ

## ਇੰਟੀਗ੍ਰੇਟਿਡ ਮੋਬਾਈਲ ਮੈਡੀਕਲ ਯੂਨਿਟ ਪ੍ਰੋਜੈਕਟ ਤਹਿਤ ਹੁਣ ਤੱਕ 267 ਮੈਡੀਕਲ ਕੈਂਪ ਆਯੋਜਿਤ, 14,681 ਲੋਕਾਂ ਨੂੰ ਮਿਲਿਆ ਲਾਭ





**ਤਲਵੰਡੀ ਸਾਬੋ, 3 ਸਤੰਬਰ (ਗੁਰਜੰਟ ਸਿੰਘ ਨਥੇਹਾ)**-ਐਚਪੀਸੀਐਲ-ਮਿੱਤਲ ਐਨਰਜੀ ਲਿਮਟਿਡ ਵੱਲੋਂ ਏਮਜ਼ ਬਠਿੰਡਾ ਦੇ ਸਹਿਯੋਗ ਨਾਲ ਆਪਣੀ ਇੰਟੀਗ੍ਰੇਟਿਡ ਮੋਬਾਈਲ ਮੈਡੀਕਲ ਯੂਨਿਟ ਅਤੇ ਟੈਲੀਮੈਡੀਸਨ ਪ੍ਰੋਜੈਕਟ ਤਹਿਤ ਰਾਮਾਂ ਪਿੰਡ ਦੇ ਸਰਭੰਗੀ ਡੇਰਾ ਵਿਖੇ ਮੈਗਾ ਹੈਲਥ ਕੈਂਪ ਲਗਾਇਆ ਗਿਆ। ਇਸ ਪਹਿਲ ਦਾ ਉਦੇਸ਼ ਐਚਐਮਈਐਲ ਦੇ ਕਾਰਜ ਖੇਤਰ ਦੇ ਆਸ-ਪਾਸ ਰਹਿਣ ਵਾਲੇ ਪਿੰਡਾਂ ਦੇ ਲੋਕਾਂ ਤੱਕ ਗੁਣਵੱਤਾ ਭਰਪੂਰ ਸਿਹਤ ਸੇਵਾਵਾਂ ਅਤੇ ਮਾਹਿਰ ਡਾਕਟਰੀ ਸਲਾਹ ਪਹੁੰਚਾਉਣਾ ਹੈ, ਤਾਂ ਜੋ ਲੋਕਾਂ ਨੂੰ ਇਲਾਜ ਅਤੇ ਸਿਹਤ ਸਬੰਧੀ ਸਲਾਹ ਲਈ ਦੂਰ-ਦੁਰਾਡੇ ਸਿਹਤ ਕੇਂਦਰਾਂ ਜਾਂ ਹਸਪਤਾਲਾਂ ਤੱਕ ਜਾਣ ਦੀ ਲੋੜ ਘੱਟ ਹੋਵੇ। ਮੈਗਾ ਹੈਲਥ ਕੈਂਪ ਦੌਰਾਨ ਪਿੰਡ ਵਾਸੀਆਂ ਨੂੰ ਹੱਡੀਆਂ ਅਤੇ ਜੋੜਾਂ ਦੇ ਰੋਗ, ਅੱਖਾਂ ਦੇ ਰੋਗ, ਦੰਦਾਂ ਦੀ ਜਾਂਚ, ਚਮੜੀ ਦੇ ਰੋਗ ਅਤੇ ਜਨਰਲ ਮੈਡੀਸਨ ਸਮੇਤ ਵੱਖ-ਵੱਖ ਖੇਤਰਾਂ ਵਿੱਚ ਮਾਹਿਰ ਡਾਕਟਰੀ ਸੇਵਾਵਾਂ ਉਪਲਬਧ ਕਰਵਾਈਆਂ ਗਈਆਂ। ਕੈਂਪ ਦੌਰਾਨ 150 ਤੋਂ ਵੱਧ ਮਰੀਜ਼ਾਂ ਦੀ ਜਾਂਚ ਅਤੇ ਡਾਕਟਰੀ ਸਲਾਹ ਕੀਤੀ ਗਈ। ਇੰਟੀਗ੍ਰੇਟਿਡ ਮੋਬਾਈਲ ਮੈਡੀਕਲ ਯੂਨਿਟ ਅਤੇ ਟੈਲੀਮੈਡੀਸਨ ਪ੍ਰੋਜੈਕਟ ਤਹਿਤ ਹੁਣ ਤੱਕ 267 ਮੈਡੀਕਲ ਕੈਂਪ ਆਯੋਜਿਤ ਕੀਤੇ ਜਾ ਚੁੱਕੇ ਹਨ, ਜਿਨ੍ਹਾਂ ਰਾਹੀਂ ਕੁੱਲ 14,681 ਮਰੀਜ਼ਾਂ ਨੂੰ ਲਾਭ ਮਿਲਿਆ ਹੈ। ਪਿੰਡਾਂ ਤੱਕ ਮਾਹਿਰ ਸਿਹਤ ਸੇਵਾਵਾਂ ਦੀ ਪਹੁੰਚ ਨੂੰ ਹੋਰ ਮਜ਼ਬੂਤ ਕਰਨ ਲਈ ਮੌਜੂਦਾ ਪੜਾਅ ਤਹਿਤ ਕੁੱਲ ਅੱਠ ਮੈਗਾ ਹੈਲਥ ਕੈਂਪ ਲਗਾਉਣ ਦੀ ਯੋਜਨਾ ਬਣਾਈ ਗਈ ਹੈ। ਇਨ੍ਹਾਂ ਵਿੱਚੋਂ ਤਿੰਨ ਮੈਗਾ ਹੈਲਥ ਕੈਂਪ ਲਗਾਏ ਜਾ ਚੁੱਕੇ ਹਨ, ਜਦਕਿ ਪੰਜ ਹੋਰ ਕੈਂਪ ਆਉਣ ਵਾਲੇ ਸਮੇਂ ਵਿੱਚ ਲਗਾਏ ਜਾਣਗੇ। ਇਸ ਲੜੀ ਤਹਿਤ ਅਗਲਾ ਮੈਗਾ ਹੈਲਥ ਕੈਂਪ 8 ਸਤੰਬਰ ਨੂੰ ਸੇਖੂ ਪਿੰਡ ਵਿੱਚ ਲਗਾਇਆ ਜਾਵੇਗਾ, ਜਿਸ ਰਾਹੀਂ ਪਿੰਡ ਵਾਸੀਆਂ ਨੂੰ ਮਾਹਿਰ ਡਾਕਟਰੀ ਸਲਾਹ ਅਤੇ ਸਿਹਤ ਜਾਗਰੂਕਤਾ ਸੇਵਾਵਾਂ ਉਪਲਬਧ ਕਰਵਾਈਆਂ ਜਾਣਗੀਆਂ।ਸਿਹਤ ਜਾਂਚ ਅਤੇ ਮਾਹਿਰ ਡਾਕਟਰੀ ਸਲਾਹ ਦੇ ਨਾਲ ਕੈਂਪ ਦੌਰਾਨ ਕਾਰਡੀਓਪਲਮੋਨਰੀ ਰੀਸਸਿਟੇਸ਼ਨ ਸਬੰਧੀ ਜਾਗਰੂਕਤਾ ਅਤੇ ਸਿਖਲਾਈ ਸੈਸ਼ਨ ਵੀ ਕਰਵਾਇਆ ਗਿਆ। ਪਿੰਡ ਵਾਸੀਆਂ ਨੇ ਇਸ ਸੈਸ਼ਨ ਵਿੱਚ ਉਤਸ਼ਾਹ ਨਾਲ ਭਾਗ ਲਿਆ ਅਤੇ ਉਨ੍ਹਾਂ ਨੂੰ ਦੀਆਂ ਜ਼ਰੂਰੀ ਤਕਨੀਕਾਂ ਦੇ ਨਾਲ-ਨਾਲ ਐਮਰਜੈਂਸੀ ਸਥਿਤੀਆਂ ਦੌਰਾਨ ਮੁੱਢਲੀ ਪ੍ਰਤੀਕਿਰਿਆ ਅਤੇ ਸਹਾਇਤਾ ਦੇ ਬੁਨਿਆਦੀ ਤਰੀਕਿਆਂ ਬਾਰੇ ਜਾਣਕਾਰੀ ਦਿੱਤੀ ਗਈ। ਇਸ ਸਿਖਲਾਈ ਦਾ ਉਦੇਸ਼ ਪਿੰਡ ਵਾਸੀਆਂ ਨੂੰ ਅਚਾਨਕ ਪੈਦਾ ਹੋਣ ਵਾਲੀਆਂ ਸਿਹਤ ਸਬੰਧੀ ਐਮਰਜੈਂਸੀ ਸਥਿਤੀਆਂ ਵਿੱਚ ਮੁੱਢਲੇ ਪੱਧਰ 'ਤੇ ਪ੍ਰਭਾਵਸ਼ਾਲੀ ਢੰਗ ਨਾਲ ਪ੍ਰਤੀਕਿਰਿਆ ਦੇਣ ਲਈ ਜਾਗਰੂਕ ਅਤੇ ਤਿਆਰ ਕਰਨਾ ਸੀ। ਇਸ ਤਰ੍ਹਾਂ ਦੀਆਂ ਪਹਿਲਕਦਮੀਆਂ ਪਿੰਡ ਪੱਧਰ 'ਤੇ ਸਿਹਤ ਜਾਗਰੂਕਤਾ ਦੇ ਨਾਲ-ਨਾਲ ਐਮਰਜੈਂਸੀ ਸਥਿਤੀਆਂ ਨਾਲ ਨਜਿੱਠਣ ਦੀ ਤਿਆਰੀ ਨੂੰ ਵੀ ਮਜ਼ਬੂਤ ਕਰਦੀਆਂ ਹਨ। ਸਰਭੰਗੀ ਡੇਰਾ ਦੇ ਮੈਂਬਰਾਂ ਨੇ ਮੈਗਾ ਹੈਲਥ ਕੈਂਪ ਦੇ ਆਯੋਜਨ ਵਿੱਚ ਸਰਗਰਮ ਸਹਿਯੋਗ ਦਿੱਤਾ ਅਤੇ ਕੈਂਪ ਦੇ ਸੁਚਾਰੂ ਸੰਚਾਲਨ ਲਈ ਲੋੜੀਂਦੇ ਪ੍ਰਬੰਧਾਂ ਵਿੱਚ ਅਹਿਮ ਭੂਮਿਕਾ ਨਿਭਾਈ। ਉਨ੍ਹਾਂ ਦੇ ਸਹਿਯੋਗ ਨਾਲ ਕੈਂਪ ਵਿੱਚ ਵੱਧ ਤੋਂ ਵੱਧ ਪਿੰਡ ਵਾਸੀਆਂ ਦੀ ਭਾਗੀਦਾਰੀ ਯਕੀਨੀ ਬਣੀ ਅਤੇ ਸਿਹਤ ਸੇਵਾਵਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲੋਕਾਂ ਤੱਕ ਪਹੁੰਚਾਇਆ ਜਾ ਸਕਿਆ। ਕੈਂਪ ਦੌਰਾਨ ਐਚਐਮਈਐਲ ਦੇ ਕਰਮਚਾਰੀਆਂ ਨੇ ਸੀ.ਐੱਸ.ਆਰ ਵਲੰਟੀਅਰਾਂ ਵਜੋਂ ਸਰਗਰਮ ਭਾਗੀਦਾਰੀ ਕੀਤੀ।ਉਨ੍ਹਾਂ ਨੇ ਕੈਂਪ ਦੀਆਂ ਵੱਖ-ਵੱਖ ਗਤੀਵਿਧੀਆਂ ਵਿੱਚ ਸਹਿਯੋਗ ਦਿੱਤਾ ਅਤੇ ਮਰੀਜ਼ਾਂ ਅਤੇ ਪਿੰਡ ਵਾਸੀਆਂ ਨੂੰ ਲੋੜੀਂਦੀ ਸਹਾਇਤਾ ਪ੍ਰਦਾਨ ਕੀਤੀ। ਇਨ੍ਹਾਂ ਸਿਹਤ ਸਬੰਧੀ ਪਹਿਲਕਦਮੀਆਂ ਰਾਹੀਂ ਪਿੰਡਾਂ ਦੇ ਲੋਕਾਂ ਨੂੰ ਮੁੱਢਲੀਆਂ ਸਿਹਤ ਸੇਵਾਵਾਂ ਦੇ ਨਾਲ-ਨਾਲ ਲੋੜ ਅਨੁਸਾਰ ਮਾਹਿਰ ਡਾਕਟਰੀ ਸਲਾਹ ਵੀ ਉਪਲਬਧ ਕਰਵਾਈ ਜਾ ਰਹੀ ਹੈ। ਇਸ ਦੇ ਨਾਲ ਹੀ ਸਿਹਤ ਜਾਂਚ, ਬਿਮਾਰੀਆਂ ਦੀ ਸ਼ੁਰੂਆਤੀ ਪਛਾਣ, ਇਲਾਜ ਸਬੰਧੀ ਸਲਾਹ ਅਤੇ ਰੋਕਥਾਮੀ ਸਿਹਤ ਸੰਭਾਲ ਪ੍ਰਤੀ ਜਾਗਰੂਕਤਾ ਨੂੰ ਵੀ ਉਤਸ਼ਾਹਿਤ ਕੀਤਾ ਜਾ ਰਿਹਾ ਹੈ। ਇਹ ਪਹਿਲਕਦਮੀ ਪਿੰਡਾਂ ਵਿੱਚ ਸਿਹਤ ਸੇਵਾਵਾਂ ਦੀ ਪਹੁੰਚ ਨੂੰ ਮਜ਼ਬੂਤ ਕਰਨ ਦੇ ਨਾਲ-ਨਾਲ ਲੋਕਾਂ ਨੂੰ ਸਿਹਤਮੰਦ ਅਤੇ ਸੁਰੱਖਿਅਤ ਜੀਵਨ ਵੱਲ ਪ੍ਰੇਰਿਤ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾ ਰਹੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਸੇਂਟ ਸੋਲਜਰ ਸਕੂਲ ਵਿਖੇ ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਅਤੇ ਗਰੈਂਡ ਪੇਰੈਂਟਸ ਡੇ

# ਬੜੇ ਉਤਸ਼ਾਹ ਅਤੇ ਖੁਸ਼ੀਆਂ ਨਾਲ ਮਨਾਇਆ ਗਿਆ




**ਜੰਡਿਆਲਾ ਗੁਰੂ, 3 ਸਤੰਬਰ ( ਕੁਲਵੰਤ ਸਿੰਘ ਵਿਰਦੀ )**-ਭਗਤੀ, ਆਸਥਾ, ਅਤੇ ਦਾਦੇ ਦਾਦੀਆਂ ਦੇ ਸਤਿਕਾਰ ਅਤੇ ਪਿਆਰ ਨੂੰ ਦਰਸਾਉਂਦੇ ਹੋਏ ਅੱਜ ਸੇਂਟ ਸੋਲਜਰ ਇਲੀਟ ਕਾਨਵੈਂਟ ਸਕੂਲ ਜੰਡਿਆਲਾ ਗੁਰੂ ਵਿੱਚ ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਅਤੇ ਗਰੈਂਡ ਪੇਰੈਂਟਸ ਡੇ ਨੂੰ ਬੜੇ ਉਤਸਾਹ ਅਤੇ ਖੁਸ਼ੀਆਂ ਨਾਲ ਮਨਾਇਆ ਗਿਆ। ਇਸ ਸਬੰਧੀ ਸਕੂਲ ਦੇ ਸ਼ਾਨਦਾਰ ਆਡੀਟੋਰੀਅਮ ਵਿੱਚ ਖੁਸ਼ੀਆਂ ਭਰਿਆ ਇੱਕ ਸਮਾਗਮ ਰੱਖਿਆ ਗਿਆ। ਇਸ ਫੰਕਸ਼ਨ ਵਿੱਚ ਕਿੰਡਰ ਗਾਰਡਨ ਸੈਕਸ਼ਨ ਦੇ ਮਾਤਾ ਪਿਤਾ ਅਤੇ ਖਾਸ ਤੌਰ ਤੇ ਬੱਚਿਆਂ ਦੇ ਦਾਦੇ ਦਾਦੀਆਂ ਨੇ ਵਿਸ਼ੇਸ਼ ਤੌਰ ਤੇ ਸ਼ਿਰਕਤ ਕੀਤੀ। ਸਮਾਗਮ ਦੀ ਸ਼ੁਰੂਆਤ ਵਿੱਚ ਛੋਟੇ ਛੋਟੇ ਬੱਚਿਆਂ ਵੱਲੋਂ "ਸ੍ਰੀ ਕ੍ਰਿਸ਼ਨ ਗੋਵਿੰਦ ਹਰੇ ਮੁਰਾਰੀ" ਭਜਨ ਗਾ ਕੇ ਸਭ ਨੂੰ ਸ੍ਰੀ ਕ੍ਰਿਸ਼ਨ ਭਗਤੀ ਦੇ ਰੰਗ ਵਿੱਚ ਰੰਗ ਦਿੱਤਾ। ਉਪਰੰਤ ਕਿੰਡਰ ਗਾਰਟਨ ਸੈਕਸ਼ਨ ਦੇ ਛੋਟੇ ਛੋਟੇ ਬੱਚਿਆਂ ਨੇ ਸ੍ਰੀ ਕ੍ਰਿਸ਼ਨ ਰਾਧਾ ਜੀ ਦੇ ਭਗਤੀ ਭਰੇ ਗੀਤਾਂ ਤੇ ਭਗਤੀ ਨੂੰ ਦਰਸਾਉਂਦਾ ਬੜਾ ਸੁੰਦਰ ਨਾਚ ਪੇਸ਼ ਕੀਤੇ। ਸਭ ਬੱਚੇ ਰਾਧਾ ਕ੍ਰਿਸ਼ਨ ਜੀ ਦੇ ਪਹਿਰਾਵੇ ਵਿੱਚ ਬਹੁਤ ਸੋਹਣੇ ਲੱਗ ਰਹੇ ਸਨ। ਭਗਵਾਨ ਕ੍ਰਿਸ਼ਨ ਜੀ ਦੀ ਮੂਰਤੀ ਨੂੰ ਬੜੇ ਸੁੰਦਰ ਅਤੇ ਨਿਵੇਕਲੇ ਢੰਗ ਨਾਲ ਸਜਾਇਆ ਗਿਆ ਸੀ। ਸੁਰੀਲੇ ਭਜਨਾ ਅਤੇ ਨਾਚ ਨੇ ਮਾਹੌਲ ਨੂੰ ਪ੍ਰਭੂ ਭਗਤੀ ਦੇ ਰੰਗ ਵਿੱਚ ਰੰਗ ਦਿੱਤਾ। ਉਪਰੰਤ ਗਰੈਂਡ ਪੇਰੈਂਟਸ ਦਾ ਦਿਨ ਮਨਾਉਂਦੇ ਹੋਏ ਬੱਚਿਆਂ ਨੇ ਦਾਦੇ ਦਾਦੀਆਂ ਦੇ ਗੀਤਾਂ ਤੇ ਬਹੁਤ ਸੁੰਦਰ ਪੇਸ਼ਕਾਰੀਆਂ ਕੀਤੀਆਂ। ਬੱਚਿਆਂ ਨੇ ਦਾਦਾ ਦਾਦੀ ਅਤੇ ਸਮਾਜਿਕ ਰਿਸ਼ਤਿਆਂ ਨੂੰ ਦਰਸ਼ਾਉਂਦਾ ਹੋਇਆ ਇੱਕ ਸ਼ਾਨਦਾਰ ਡਰਾਮਾ ਵੀ ਪੇਸ਼ ਕੀਤਾ। ਜੋ ਕਿ ਸਾਰਿਆਂ ਨੂੰ ਇੱਕ ਚੰਗੀ ਸੇਧ ਦੇ ਗਿਆ। ਬੱਚਿਆਂ ਦੇ ਦਾਦੇ ਦਾਦੀਆਂ ਨੇ ਗਿੱਧੇ ਅਤੇ ਭੰਗੜੇ ਪਾ ਕੇ ਮਾਹੌਲ ਨੂੰ ਬਹੁਤ ਖੁਸ਼ੀਆਂ ਭਰਿਆ ਕਰ ਦਿੱਤਾ।।

ਆਵਾਜ਼ਿ ਕੌਮ AWAZE QAUM International Newspaper & WEB TV

**ਆਏ ਮਹਿਮਾਨਾਂ ਨੂੰ ਡਾ: ਮੰਗਲ ਸਿੰਘ ਕਿਸ਼ਨਪੁਰੀ ਤੇ ਮੈਨੇਜਮੈਂਟ ਵੱਲੋਂ ਯਾਦਗਾਰੀ ਚਿੰਨ ਮੋਮੈਂਟੋ ਭੇਂਟ ਕਰਕੇ ਸਨਮਾਨਿਤ ਕੀਤਾ ਗਿਆ**

ਇਸ ਸਮਾਗਮ ਵਿੱਚ ਮੁੱਖ ਮਹਿਮਾਨ ਦੇ ਤੌਰ ਤੇ ਸ੍ਰੀ ਰਾਜਕੁਮਾਰ ਮਲਹੋਤਰਾ ਸਾਬਕਾ ਪ੍ਰਧਾਨ ਨਗਰ ਕੌਂਸਲ ਜੰਡਿਆਲਾ ਗੁਰੂ ਅਤੇ ਮਾਸਟਰ ਰਾਜਬੀਰ ਸਿੰਘ ਟਰਸਟੀ ਆਲ ਇੰਡੀਆ ਭਗਤ ਪੂਰਨ ਸਿੰਘ ਪਿੰਗਲਵਾੜਾ ਚੈਰੀਟੇਬਲ ਸੁਸਾਇਟੀ ਅਤੇ ਇਨਵਾਇਰਮੈਂਟ ਐਕਟੀਵਿਟੀਜ ਅਤੇ ਡਾਇਰੈਕਟਰ ਪ੍ਰਿੰਸੀਪਲ ਡਾ. ਅਮਨਦੀਪ ਕੌਰ( ਸੇਂਟ ਸੋਲਜਰ ਕੈਂਬਰਿਜ ਸਕੂਲ) ਉਚੇਚੇ ਤੌਰ ਤੇ ਪਹੁੰਚੇ। ਸਕੂਲ ਦੇ ਮੈਨੇਜਿੰਗ ਡਾਇਰੈਕਟਰ ਡਾ.ਮੰਗਲ ਸਿੰਘ ਕਿਸ਼ਨਪੁਰੀ ਅਤੇ ਡਾਇਰੈਕਟਰ ਪ੍ਰਿੰਸੀਪਲ ਡਾ.ਅਮਰਪ੍ਰੀਤ ਕੌਰ ਜੀ ਨੇ ਆਏ ਹੋਏ ਮਹਿਮਾਨਾਂ ਦਾ ਸਵਾਗਤ ਕੀਤਾ ਅਤੇ ਯਾਦਗਾਰੀ ਚਿੰਨ ਮੋਮੈਂਟੋ ਭੇਂਟ ਕਰਕੇ ਉਹਨਾਂ ਨੂੰ ਸਨਮਾਨਿਤ ਕੀਤਾ। ਇਸ ਮੌਕੇ ਤੇ ਸਕੂਲ ਦੇ ਪ੍ਰਿੰਸੀਪਲ ਸੰਦੀਪ ਸ਼ਰਮਾ, ਵਾਈਸ ਪ੍ਰਿੰਸੀਪਲ ਸ਼ਿਲਪਾ ਸ਼ਰਮਾ, ਕੁਆਡੀਨੇਟਰ ਨੀਲਾਕਸ਼ੀ ਗੁਪਤਾ ਸਮੂਹ ਸਟਾਫ ਅਤੇ ਬੱਚੇ ਹਾਜ਼ਰ ਸਨ।।

## ਆਰਐੱਸਐੱਸ ਦਾ 'ਸਿਆਸੀ ਖੇਡ', ਮੋਹਨ ਭਾਗਵਤ ਦੀ ਮੌਜੂਦਗੀ ਲੁਕਾ ਕੇ ਨਿਊਯਾਰਕ ਦੇ ਮੈਡੀਸਨ ਸਕੁਏਅਰ ਵਿਚ

# ਧਾਰਮਿਕ ਆਗੂਆਂ ਨੂੰ ਮੰਚ 'ਤੇ ਲਿਆਉਣ ਦੇ ਉਠਾਏ ਦੋਸ਼



**90 ਅਮਰੀਕੀ ਸਿਆਸੀ ਆਗੂਆਂ ਵੱਲੋਂ ਆਰ.ਐੱਸ.ਐੱਸ. ਨਾਲ ਕਥਿਤ ਤੌਰ 'ਤੇ ਜੁੜੇ ਫੰਡ ਤੋਂ ਦੂਰੀ ਦਾ ਅਹਿਦ**

**ਨਵੀਂ ਦਿੱਲੀ 3 ਸੰਤਬਰ (ਮਨਪ੍ਰੀਤ ਸਿੰਘ ਖਾਲਸਾ)**:- ਵਿਸ਼ਵ ਏਕਤਾ ਅਤੇ ਅੰਤਰ-ਧਾਰਮਿਕ ਸਾਂਝ ਦੇ ਵੱਡੇ ਦਾਅਵਿਆਂ ਨਾਲ ਨਿਊਯਾਰਕ ਦੇ ਮੈਡੀਸਨ ਸਕੁਏਅਰ ਗਾਰਡਨ ਵਿੱਚ ਕਰਵਾਇਆ ਗਿਆ 'ਯੂਨੀਵਰਸਲ ਵਨਨੈੱਸ ਸੈਲੀਬ੍ਰੇਸ਼ਨ' ਹੁਣ ਖੁਦ ਪਾਰਦਰਸ਼ਤਾ ਅਤੇ ਭਰੋਸੇ ਦੇ ਕਟਹਿਰੇ ਵਿੱਚ ਖੜ੍ਹਾ ਹੈ। ਦੋਸ਼ ਲੱਗ ਰਹੇ ਹਨ ਕਿ ਸਮਾਗਮ ਦੇ ਪ੍ਰਬੰਧਕਾਂ ਨੇ ਆਰ.ਐੱਸ.ਐੱਸ. ਮੁਖੀ ਮੋਹਨ ਭਾਗਵਤ ਦੀ ਮੌਜੂਦਗੀ ਅਤੇ ਸੰਘ ਨਾਲ ਜੁੜੀਆਂ ਅਹਿਮ ਜਾਣਕਾਰੀਆਂ ਪਹਿਲਾਂ ਸਪੱਸ਼ਟ ਨਹੀਂ ਕੀਤੀਆਂ ਅਤੇ ਧਾਰਮਿਕ ਆਗੂਆਂ ਨੂੰ 'ਅੰਤਰ-ਧਾਰਮਿਕ ਏਕਤਾ' ਦੇ ਨਾਂ 'ਤੇ ਮੰਚ ਤੱਕ ਲਿਆਂਦਾ। ਜੇ ਇਹ ਦੋਸ਼ ਸਹੀ ਹਨ ਤਾਂ ਇਹ ਸਿਰਫ਼ ਇੱਕ ਆਮ ਪ੍ਰਬੰਧਕੀ ਗਲਤੀ ਨਹੀਂ, ਸਗੋਂ ਧਾਰਮਿਕ ਆਗੂਆਂ ਦੇ ਭਰੋਸੇ ਨਾਲ ਕੀਤਾ ਗਿਆ ਗੰਭੀਰ ਫਰੇਬ ਹੈ। ਰਿਵਰਸਾਈਡ ਚਰਚ ਦੀ ਮੰਤਰੀ ਐਡਰੀਅਨ ਥੌਰਨ ਅਤੇ ਮੁਸਲਿਮ ਆਗੂ ਸ਼ਮਸੀ ਅਲੀ ਵੱਲੋਂ ਬਾਅਦ ਵਿੱਚ ਆਪਣੀ ਸ਼ਮੂਲੀਅਤ 'ਤੇ ਰੋਸ ਜਤਾਉਣਾ ਵੀ ਇਸ ਵਿਵਾਦ ਦੀ ਗੰਭੀਰਤਾ ਵੱਲ ਇਸ਼ਾਰਾ ਕਰਦਾ ਹੈ। ਸਵਾਲ ਸਿੱਧਾ ਹੈ—ਜੇ ਭਾਗਵਤ ਦੀ ਮੌਜੂਦਗੀ ਪਹਿਲਾਂ ਹੀ ਸਪੱਸ਼ਟ ਕਰ ਦਿੱਤੀ ਜਾਂਦੀ ਤਾਂ ਕੀ ਇਹ ਧਾਰਮਿਕ ਆਗੂ ਉਸੇ ਤਰ੍ਹਾਂ ਸਮਾਗਮ ਵਿੱਚ ਸ਼ਾਮਲ ਹੁੰਦੇ? 'ਯੋਗਾ ਇੰਟਰਨੈਸ਼ਨਲ ਯੂਐੱਸਏ' ਅਤੇ 'ਅਹੇਡ' ਵਰਗੀਆਂ ਸੰਸਥਾਵਾਂ ਦੇ ਨਾਂ ਅੱਗੇ ਰੱਖ ਕੇ ਕਥਿਤ ਤੌਰ 'ਤੇ ਆਰ.ਐੱਸ.ਐੱਸ. ਦੀ ਵਿਚਾਰਧਾਰਕ ਪਿਛੋਕੜ ਨੂੰ ਓਹਲੇ ਵਿੱਚ ਰੱਖਣ ਦੇ ਦੋਸ਼ਾਂ ਨੇ ਪ੍ਰਬੰਧਕਾਂ ਦੀ ਨੀਅਤ 'ਤੇ ਹੀ ਵੱਡਾ ਸਵਾਲ ਖੜ੍ਹਾ ਕਰ ਦਿੱਤਾ ਹੈ। ਏਕਤਾ ਦੇ ਮੰਚ 'ਤੇ ਜੇ ਪਹਿਚਾਣ ਹੀ ਲੁਕਾਈ ਜਾਵੇ ਤਾਂ ਫਿਰ ਉਸ ਏਕਤਾ ਦੀ ਨੈਤਿਕਤਾ ਕਿੱਥੇ ਰਹਿ ਜਾਂਦੀ ਹੈ? ਮਾਮਲਾ ਇੱਥੇ ਹੀ ਨਹੀਂ ਰੁਕਿਆ। ਭਾਗਵਤ ਦੀ ਅਮਰੀਕਾ ਫੇਰੀ ਦੌਰਾਨ 'ਹਿੰਦੂਜ਼ ਫਾਰ ਹਿਊਮਨ ਰਾਈਟਸ ਐਕਸ਼ਨ' ਅਤੇ 'ਸੈਕਰਡ ਐਕਟਸ' ਵੱਲੋਂ ਕੀਤੇ ਦਾਅਵੇ ਅਨੁਸਾਰ ਡੈਮੋਕ੍ਰੈਟਿਕ ਅਤੇ ਰਿਪਬਲਿਕਨ ਧੜਿਆਂ ਨਾਲ ਸਬੰਧਤ ਕਰੀਬ 90 ਅਮਰੀਕੀ ਸਿਆਸੀ ਆਗੂਆਂ ਨੇ ਆਰ.ਐੱਸ.ਐੱਸ. ਅਤੇ ਇਸ ਨਾਲ ਕਥਿਤ ਤੌਰ 'ਤੇ ਜੁੜੇ ਸਰੋਤਾਂ ਤੋਂ ਸਿਆਸੀ ਦਾਨ ਨਾ ਲੈਣ ਦਾ ਅਹਿਦ ਲਿਆ ਹੈ। ਇਨ੍ਹਾਂ ਵੱਲੋਂ ਪਹਿਲਾਂ ਮਿਲੇ ਅਜਿਹੇ ਯੋਗਦਾਨ ਵਾਪਸ ਕਰਨ ਜਾਂ ਲੋਕਤੰਤਰ-ਪੱਖੀ ਸੰਸਥਾਵਾਂ ਨੂੰ ਦੇਣ ਦੀ ਵਚਨਬੱਧਤਾ ਜਤਾਏ ਜਾਣ ਦਾ ਵੀ ਦਾਅਵਾ ਹੈ। ਕਾਂਗਰਸਮੈਨ ਰੋ ਖੰਨਾ ਵੱਲੋਂ ਕਥਿਤ ਆਰ.ਐੱਸ.ਐੱਸ. ਸਬੰਧਾਂ ਵਾਲੇ ਇੱਕ ਅਰਬਪਤੀ ਤੋਂ ਮਿਲੇ 6,600 ਡਾਲਰ ਵਾਪਸ ਕਰਨ ਦਾ ਐਲਾਨ ਵੀ ਇਸੇ ਸੰਦਰਭ ਵਿੱਚ ਸਾਹਮਣੇ ਆਇਆ। ਇਸ ਤਰ੍ਹਾਂ ਇੱਕ ਪਾਸੇ ਨਿਊਯਾਰਕ ਵਿੱਚ 'ਵਨਨੈੱਸ' ਅਤੇ ਧਾਰਮਿਕ ਸਦਭਾਵਨਾ ਦਾ ਮੰਚ ਸਜਾਇਆ ਗਿਆ, ਜਦਕਿ ਦੂਜੇ ਪਾਸੇ ਅਮਰੀਕੀ ਸਿਆਸਤ ਵਿੱਚ ਆਰ.ਐੱਸ.ਐੱਸ. ਦੀ ਕਥਿਤ ਪਹੁੰਚ, ਫੰਡਿੰਗ ਅਤੇ ਪ੍ਰਭਾਵ ਨੂੰ ਲੈ ਕੇ ਵਿਰੋਧ ਤੇਜ਼ ਹੋ ਗਿਆ। ਹੁਣ ਸਵਾਲ ਸਿਰਫ਼ ਇਹ ਨਹੀਂ ਕਿ ਸਮਾਗਮ ਵਿੱਚ ਕੌਣ ਆਇਆ ਸੀ; ਸਵਾਲ ਇਹ ਹੈ ਕਿ ਕੌਣ, ਕਿਸ ਮਕਸਦ ਨਾਲ ਅਤੇ ਕਿਹੜੀ ਜਾਣਕਾਰੀ ਲੁਕਾ ਕੇ ਉੱਥੇ ਲਿਆਂਦਾ ਗਿਆ? ਜੇ ਅੰਤਰ-ਧਾਰਮਿਕ ਮੰਚ ਦੀ ਵਰਤੋਂ ਕਿਸੇ ਖਾਸ ਵਿਚਾਰਧਾਰਾ ਦੀ ਸਵੀਕਾਰਤਾ ਵਧਾਉਣ ਲਈ ਕੀਤੀ ਗਈ, ਤਾਂ ਇਹ ਧਾਰਮਿਕ ਸਾਂਝ ਨਹੀਂ ਬਲਕਿ ਸਾਂਝ ਦੇ ਨਾਂ 'ਤੇ ਸਿਆਸੀ ਪ੍ਰਭਾਵ ਬਣਾਉਣ ਦੀ ਕੋਸ਼ਿਸ਼ ਵਜੋਂ ਦੇਖੀ ਜਾਵੇਗੀ। ਨਿਊਯਾਰਕ ਦਾ ਇਹ ਵਿਵਾਦ ਹੁਣ ਪ੍ਰਬੰਧਕਾਂ ਤੋਂ ਸਿਰਫ਼ ਸਫਾਈ ਨਹੀਂ, ਸਗੋਂ ਪੂਰੀ ਪਾਰਦਰਸ਼ਤਾ ਅਤੇ ਜਵਾਬਦੇਹੀ ਦੀ ਮੰਗ ਕਰ ਰਿਹਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

# 9 ਦਿਨਾਂ ਤੋਂ ਲਾਪਤਾ 15 ਸਾਲ੍ਹਾ ਰਵੀ ਸਿੰਘ ਨੂੰ ਸੀਂਗੋ ਪੁਲਿਸ ਨੇ ਰਾਜਸਥਾਨ ਤੋਂ ਲੱਭਕੇ ਕੀਤਾ ਘਰਦਿਆਂ ਹਵਾਲੇ



ਤਲਵੰਡੀ ਸਾਬੋ, 3 ਸਤੰਬਰ (ਗੁਰਜੰਟ ਸਿੰਘ ਨਥੇਹਾ)- 25 ਅਗਸਤ 2026 ਨੂੰ ਘਰੋਂ ਬਿਨਾਂ ਦੱਸੇ ਨਿਕਲੇ ਉੱਪ ਮੰਡਲ ਤਲਵੰਡੀ ਸਾਬੋ ਦੇ ਪਿੰਡ ਬਹਿਮਣ ਕੌਰ ਸਿੰਘ ਦੇ 15 ਸਾਲਾ ਰਵੀ ਸਿੰਘ ਪੁੱਤਰ ਦਰਸ਼ਨ ਸਿੰਘ ਨੂੰ ਆਖਿਰ 9 ਦਿਨਾਂ ਬਾਅਦ ਸੀਂਗੋ ਚੌਂਕੀ ਦੀ ਪੁਲਿਸ ਨੇ ਰਾਜਸਥਾਨ ਤੋਂ ਲੱਭਕੇ ਅੱਜ ਪਰਿਵਾਰਿਕ ਮੈਂਬਰਾਂ ਦੇ ਹਵਾਲੇ ਕਰ ਦਿੱਤਾ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸੀਂਗੋ ਪੁਲਿਸ ਚੌਂਕੀ ਦੇ ਏ.ਐੱਸ.ਆਈ. ਬਲਵੰਤ ਸਿੰਘ ਨੇ ਦੱਸਿਆ ਕਿ ਰਵੀ ਸਿੰਘ 25 ਅਗਸਤ ਨੂੰ ਆਪਣੇ ਪਰਿਵਾਰ ਨੂੰ ਬਿਨਾਂ ਦੱਸੇ ਘਰੋਂ ਚਲਾ ਗਿਆ ਸੀ ਤੇ ਆਸ ਪਾਸ ਲੱਭਣ ਤੋਂ ਬਾਅਦ ਉਸਦੇ ਪਰਿਵਾਰਿਕ ਮੈਂਬਰਾਂ ਨੇ ਪੁਲਿਸ ਚੌਂਕੀ ਸੀਂਗੋ ਨੂੰ ਇਤਲਾਹ ਦਿੱਤੀ ਉਨਾਂ ਕਿਹਾ ਕਿ ਪੁਲਿਸ ਨੇ ਮਾਮਲੇ ਨੂੰ ਗੰਭੀਰਤਾ ਨਾਲ ਲੈਂਦਿਆਂ ਉਸ ਦੀ ਵੱਖ ਵੱਖ ਤਰੀਕਿਆਂ ਨਾਲ ਭਾਲ ਆਰੰਭ ਦਿੱਤੀ ਤੇ ਆਖਿਰ ਪੁਲਿਸ ਟੀਮ ਨੂੰ ਰਵੀ ਦੇ ਪੀਲੀਬੰਗਾ (ਰਾਜਸਥਾਨ) ਚ ਹੋਣ ਬਾਰੇ ਪਤਾ ਲੱਗਾ ਤੇ ਅੱਜ ਰਵੀ ਸਿੰਘ ਨੂੰ ਉਸ ਦੀ ਮਾਤਾ ਕੁਲਵੰਤ ਕੌਰ,ਪਿਤਾ ਦਰਸ਼ਨ ਸਿੰਘ ਅਤੇ ਪਿੰਡ ਵਾਸੀਆਂ ਦੀ ਮੌਜੂਦਗੀ ਵਿੱਚ ਉਨਾਂ ਦੇ ਹਵਾਲੇ ਕਰ ਦਿੱਤਾ ਗਿਆ ਏ.ਐੱਸ.ਆਈ ਬਲਵੰਤ ਸਿੰਘ ਨੇ ਸੰਪਰਕ ਕਰਨ ਤੇ ਦੱਸਿਆ ਕਿ ਰਵੀ ਸਿੰਘ ਦੀ ਗੁੰਮਸ਼ੁਦਗੀ ਦੀ ਸੂਚਨਾ ਮਿਲਦਿਆਂ ਹੀ ਪੁਲਿਸ ਪਾਰਟੀ ਨੇ ਉਸਦੇ ਸੰਪਰਕ ਵਾਲਿਆਂ ਦੀ ਸੂਚੀ ਤਿਆਰ ਕਰਨੀ ਸ਼ੁਰੂ ਕੀਤੀ ਤੇ ਸਭਨਾਂ ਤੱਕ ਪਹੁੰਚ ਕਰਦਿਆਂ ਕਰਦਿਆਂ ਆਖਿਰ ਪਤਾ ਲੱਗਾ ਕਿ ਉਹ ਆਪਣੇ ਇੱਕ ਸੰਪਰਕ ਵਾਲੇ ਵਿਅਕਤੀ ਕੋਲ ਰਾਜਸਥਾਨ ਦੇ ਪੀਲੀਬੰਗਾਂ ਵਿਖੇ ਪਹੁੰਚਿਆਂ ਹੋਇਆ ਹੈ ਉਕਤ ਵਿਅਕਤੀ ਨਾਲ ਸੰਪਰਕ ਸਾਧ ਕੇ ਉਸਨੂੰ ਸਾਰੀ ਕਹਾਣੀ ਤੋਂ ਜਾਣੂੰ ਕਰਵਾਇਆ ਗਿਆ ਤਾਂ ਉਹ ਰਵੀ ਨੂੰ ਲੈ ਕੇ ਬਠਿੰਡਾ ਆਉਣ ਲਈ ਰਾਜ਼ੀ ਹੋ ਗਿਆ ਜਿੱਥੋਂ ਸੀਂਗੋ ਪੁਲਿਸ ਚੌਂਕੀ ਦੀ ਪੁਲਿਸ ਨੇ ਰਵੀ ਸਿੰਘ ਨੂੰ ਸੁਰੱਖਿਅਤ ਹਾਸਿਲ ਕਰਕੇ ਅੱਜ ਪਰਿਵਾਰਿਕ ਮੈਂਬਰਾਂ ਦੇ ਹਵਾਲੇ ਕਰ ਦਿੱਤਾ।ਰਵੀ ਦੇ ਸੁਰੱਖਿਅਤ ਮਿਲਣ ਦੀ ਖ਼ਬਰ ਨਾਲ ਪਰਿਵਾਰਿਕ ਮੈਂਬਰਾਂ ਨੂੰ ਸੁੱਖ ਦਾ ਸਾਹ ਆਇਆ।ਰਵੀ ਦੇ ਮਾਪਿਆਂ ਨੇ ਉਸਦੀ ਭਾਲ ਕਰਨ ਵਾਲੀ ਸਮੁੱਚੀ ਪੁਲਿਸ ਟੀਮ ਦੇ ਨਾਲ ਨਾਲ ਸੀਂਗੋ ਚੌਂਕੀ ਇੰਚਾਰਜ ਰਵਨੀਤ ਸਿੰਘ ਦਾ ਵੀ ਸ਼ੁਕਰੀਆ ਅਦਾ ਕੀਤਾ।ਰਵੀ ਸਿੰਘ ਨੂੰ ਅੱਜ ਪਰਿਵਾਰਿਕ ਮੈਂਬਰਾਂ ਦੇ ਹਵਾਲੇ ਕਰਨ ਸਮੇਂ ਪਿੰਡ ਦੇ ਸਰਪੰਚ ਵਜ਼ੀਰ ਸਿੰਘ, ਬਿੰਦਰ ਸਿੰਘ ਅਤੇ ਨਿਰਮਲ ਸਿੰਘ ਸਮੇਤ ਹੋਰ ਮੁਹਤਬਰ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਅੱਜ ਬਰਸੀ 'ਤੇ ਹਾਕਮ ਸੂਫ਼ੀ ਨੂੰ ਯਾਦ ਕਰਦਿਆਂ

ਮੁਕਤਸਰ ਸਾਹਿਬ ਜ਼ਿਲ੍ਹੇ ਦੇ ਪ੍ਰਸਿੱਧ ਸ਼ਹਿਰ ਗਿੱਦੜਬਾਹਾ ਵਿਖੇ ਜੰਮਿਆਂ ਹਾਕਮ ਅਤੇ ਮੈਂ ਪਟਿਆਲਾ ਜ਼ਿਲ੍ਹੇ ਦੇ ਨਾਭਾ ਵਿਖੇ ਆਰਟਸ ਐਂਡ ਕਰਾਫ਼ਟਸ ਟੀਚਰਜ਼ ਟ੍ਰੇਨਿੰਗ ਇੰਸਟੀਚਿਊਟ ਵਿੱਚ ਜਮਾਤੀ ਰਹੇ ਸਾਂ । ਇੱਕੋ ਸ਼ੌਂਕ ਅਤੇ ਇੱਕੋ ਜਿਹਾ ਸੁਭਾਅ ਹੋਣ ਕਾਰਨ ਚੰਗੇ ਦੋਸਤ ਵੀ ਬਣ ਵੀ ਬਣ ਗਏ ਸਾਂ । ਇੱਕੋ ਹੋਸਟਲ ਵਿੱਚ ਰਹਿਣਾ , ਜਦੋਂ ਜੀਅ ਕਰਨਾ ਗੀਤ ਸੰਗੀਤ ਦੀ ਮਹਿਫ਼ਿਲ ਸਜਾ ਲੈਣੀ ।



ਪ੍ਰਿੰਸੀਪਲ ਪੀ. ਐੱਲ ਸ਼ਰਮਾ ਗੀਤ ਸੰਗੀਤ ਦੇ ਸ਼ੌਕੀਨ ਹੋਣ ਕਾਰਨ ਕੋਈ ਨਾ ਕੋਈ ਸਮਾਗਮ ਕਰਵਾਉਂਦੇ ਹੀ ਰਹਿੰਦੇ ਤਾਂ ਸਾਡੀ ਹਾਜ਼ਰੀ ਲਾਜ਼ਮੀ ਹੁੰਦੀ ਸੀ ।ਇੱਕ ਰੰਗਾਰੰਗ ਸਮਾਰੋਹ ਵਿੱਚ ਤਾਂ ਅਸੀਂ ਦੋਵਾਂ ਨੇ ਇਕੱਠਿਆਂ ਇੱਕ ਡਿਊਟ ਗੀਤ ਵੀ ਗਾਇਆ ਸੀ ਜਿਹੜਾ ਲੰਮਾ ਸਮਾਂ ਚਰਚਾ ਦਾ ਵਿਸ਼ਾ ਵੀ ਰਿਹਾ ਸੀ , ਜਿਸ ਦੇ ਮੇਰੇ ਬੋਲ ਸਨ , " ਗੋਡੇ ਗੋਡੇ ਦਿਨ ਆਇਆ ਉੱਠ ਨੀ ਪੰਜਾਬੋ ਤੇਰੀ ਭੱਤਾ ਲੈ ਕੇ ਤੁਰ ਗਈ ਜਠਾਣੀ , ਨੀ ਉੱਠ ਕੇ ਦਲ਼ਾਵਾ ਦਲ਼ ਦੇ , ਕਾਹਤੋਂ ਪਈ ਐਂ ਮੂੰਗੀਆ ਤਾਣੀ। ਨੀ ਉੱਠ ਕੇ ਦਲ਼ਾਵਾ ਦਲ਼ ਦੇ । ਹਾਕਮ ਦੇ ਘਰਵਾਲ਼ੀ ਵਾਲ਼ੇ ਬੋਲ ਸਨ , " ਧੀ ਜੈਲਦਾਰ ਦੀ ਮੈਂ ਨੂੰਹ ਸੂਬੇਦਾਰ ਦੀ ਵੇ ਮੈਥੋਂ ਨੰਗ ਜੱਟ ਕਣਕ ਪਿਸਾਉਂਦਾ , ਵੇ ਦਰ 'ਤੇ ਮਸ਼ੀਨ ਚੱਲਦੀ , ਸਾਡਾ ਖੌਂਸੜਾ ਚੱਕੀ ਨੂੰ ਹੱਥ ਲਾਉਂਦਾ , ਵੇ ਦਰ 'ਤੇ ਮਸ਼ੀਨ ਚੱਲਦੀ ।

ਸਨ 1973 ਵਿੱਚ ਵਿੱਛੜ ਕੇ ਵੱਖੋ ਵੱਖਰੇ ਸਕੂਲਾਂ ਵਿੱਚ ਡਰਾਇੰਗ ਅਧਿਆਪਕ ਦੀ ਸੇਵਾ ਕਰਦੇ ਰਹੇ । ਉਸ ਨੇ ਗਾਇਕੀ ਦੇ ਖੇਤਰ ਵਿੱਚ ਚੰਗਾ ਨਾਮਣਾ ਖੱਟਿਆ ਅਤੇ ਮੇਰੇ ਲਿਖੇ ਗੀਤ ਵੀ ਬਹੁਤ ਸਾਰੇ ਗਾਇਕ ਗਾਇਕਾਵਾਂ ਨੇ ਰਿਕਾਰਡ ਕਰਵਾਏ ।

ਇੱਕ ਵਾਰੀ ਇੱਕ ਪ੍ਰੋਗਰਾਮ 'ਤੇ ਮੇਲ ਹੋਇਆ ਤਾਂ ਕਹਿੰਦਾ " ਮੈਂ ਹੁਣ ਨੌਕਰੀ ਛੱਡ ਦੇਣੀ ਹੈ , ਮੇਰੀ ਗਾਇਕੀ ਵਿੱਚ ਅੜਿੱਚਣ ਬਣਦੀ ਹੈ " । ਮੇਰੇ ਸਮਝਾਉਂਣ 'ਤੇ ਨਾ ਛੱਡੀ ਅਤੇ ਬਾਅਦ ਵਿੱਚ ਇੱਕ ਹੋਰ ਪ੍ਰੋਗਰਾਮ ਸਮੇਂ ਮੇਰਾ ਸ਼ੁਕਰੀਆ ਵੀ ਕੀਤਾ ਕਿਉਂਕਿ ਕੁੱਝ ਸਮੇਂ ਮਗਰੋਂ ਹੀ ਪ੍ਰੋਗਰਾਮ ਬਿਲਕੁਲ ਹੀ ਘੱਟ ਹੋ ਗਏ ਸਨ । ਮੇਰੀ ਸਲਾਹ ਨਾਲ਼ ਨੌਕਰੀ ਤਾਂ ਬਚੀ ਹੀ 2010 ਤੋਂ ਬਾਅਦ ਪੈਨਸ਼ਨ ਵੀ ਮਿਲਦੀ ਰਹੀ । ਸੇਵਾ ਮੁਕਤ ਹੋਣ ਤੋਂ ਲਗਭਗ ਦੋ ਕੁ ਸਾਲ ਮਗਰੋਂ ਹੀ ਉਹ ਇਸ ਫਾਨੀ ਦੁਨੀਆਂ ਨੂੰ ਅਲਵਿਦਾ ਕਹਿ ਗਿਆ ਸੀ ਐਪਰ ਉਸ ਦੇ ਲਿਖੇ ਅਤੇ ਗਾਏ ਗੀਤ ਅੱਜ ਵੀ ਜਿਉਂਦੇ ਹਨ ਅਤੇ ਉਸ ਨੂੰ ਵੀ ਲੋਕ ਦਿਲਾਂ ਵਿੱਚੋਂ ਨਿੱਕਲਣ ਨਹੀਂ ਦੇ ਰਹੇ , ਚੌਦਾਂ ਸਾਲ ਪਹਿਲਾਂ ਅੱਜ ਦੇ ਦਿਨ ਸਦੀਵੀ ਤੌਰ 'ਤੇ ਵਿੱਛੜਨ ਵਾਲ਼ੇ ਉਸ ਰੰਗਲੇ ਸਾਥੀ ਦੀ ਰੂਹ ਨੂੰ ਸਲਾਮ ਹੈ । ਉਸ ਦੇ ਜਿਉਂਦੇ ਜੀਅ ਕੁਲਵੰਤ ਬੁੰਗਾ ਮਲੇਰਕੋਟਲਾ ਵੱਲੋਂ ਅਤੇ ਬਾਅਦ ਵਿੱਚ ਸੁਤੰਤਰਜੋਤ ਰਾਠੀ ਮਾਨਸਾ ਵੱਲੋਂ ਉਸ ਬਾਰੇ ਸੰਪਾਦਿਤ ਕੀਤੀਆਂ ਪੁਸਤਕਾਂ ਵਿੱਚ ਵੀ ਮੇਰਾ ਪੂਰਨ ਸਹਿਯੋਗ ਰਿਹਾ ਹੈ ਤੇ ਅੱਗੋਂ ਲਈ ਵੀ ਰਹੇਗਾ ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਬਠਿੰਡਾ ਨੇ

# ਨੈਤਿਕ ਸਿੱਖਿਆ ਇਮਤਿਹਾਨ ਸਕੂਲ 2026 ਦਾ ਨਤੀਜਾ ਐਲਾਨਿਆ

**ਬਠਿੰਡਾ**, 03 **ਸਤੰਬਰ (ਗੁਰਜੰਟ ਸਿੰਘ ਨਥੇਹਾ)**- ਪਿਛਲੇ 55 ਸਾਲ ਤੋਂ ਵਿਦਿਆਰਥੀਆਂ ਵਿੱਚ ਨੈਤਿਕ ਕਦਰਾਂ ਕੀਮਤਾਂ ਅਤੇ ਵਿਰਸੇ ਦੀ ਸੰਭਾਲ ਲਈ ਕਰਜਸੀਲ ਗੁਰੂ ਗੋਬਿੰਦ ਸਿੰਘ ਸਟਡੀ ਸਰਕਲ ਵੱਲੋਂ ਸੂਬਾ ਪੱਧਰ ਤੇ ਨੈਤਿਕ ਸਿੱਖਿਆ ਇਮਤਿਹਾਨ (ਸਕੂਲ ਅਤੇ ਕਾਲਜ) ਦਾ ਆਯੋਜਿਨ ਕੀਤਾ ਜਾਂਦਾ ਹੈ। ਅੱਜ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਖੇਤਰ ਬਠਿੰਡਾ ਵੱਲੋਂ ਨੈਤਿਕ ਸਿੱਖਿਆ ਇਮਤਿਹਾਨ (ਸਕੂਲ) 2026 ਦਾ ਨਤੀਜਾ ਘੋਸ਼ਿਤ ਕੀਤਾ ਗਿਆ। ਇਸ ਵਿੱਚ ਮਿਡਲ ਗਰੁੱਪ ਤੇ ਸਕੈਂਡਰੀ ਗਰੁੱਪ ਦਾ ਨਤੀਜਾ ਘੋਸ਼ਿਤ ਕਰਦਿਆਂ ਖੇਤਰ ਬਠਿੰਡਾ ਦੇ ਪ੍ਰਧਾਨ ਬਲਵੰਤ ਸਿੰਘ ਕਾਲਝਰਾਣੀ ਅਤੇ ਸਕੱਤਰ ਡਾ.ਗੁਰਜਿੰਦਰ ਸਿੰਘ ਰੋਮਾਣਾ ਨੇ ਦੱਸਿਆ ਕਿ ਸੈਕੰਡਰੀ ਗਰੁੱਪ (9ਵੀਂ ਤੋਂ 12ਵੀਂ) ਵਿੱਚ ਸੁਖਨੂਰ ਕੌਰ ਬੇਟੀ ਤਰਸੇਮ ਸਿੰਘ ਦਸ਼ਮੇਸ਼ ਗਰਲਜ ਸੀਨੀਅਰ ਸੈਕੈਂਡਰੀ ਸਕੂਲ ਬਾਦਲ ਨੇ ਪਹਿਲਾ, ਪ੍ਰਭਜੋਤ ਕੌਰ ਬੇਟੀ ਗੁਰਦਿੱਤ ਸਿੰਘ ਮੈਰੀਟੋਰੀਅਸ ਸਕੂਲ ਬਠਿੰਡਾ ਨੇ ਦੂਜਾ, ਸੁਮਨਦੀਪ ਕੌਰ ਬੇਟੀ ਗੁਰਪਾਲ ਸਿੰਘ ਬਾਬਾ ਫਰੀਦ ਸੀਨੀਅਰ ਸੈਕੰਡਰੀ ਸਕੂਲ ਦਿਉਣ ਨੇ ਤੀਜਾ, ਤਨਵੀਰ ਕੌਰ ਬੇਟੀ ਸੁਖਜਿੰਦਰ ਸਿੰਘ ਦਸ਼ਮੇਸ਼ ਗਰਲਜ ਸੀਨੀਅਰ ਸੈਕੈਂਡਰੀ ਸਕੂਲ ਬਾਦਲ ਨੇ ਚੌਥਾ ਅਤੇ ਕਿਰਤਪ੍ਰੀਤ ਕੌਰ ਬੇਟੀ ਸੁਖਵਿੰਦਰ ਸਿੰਘ, ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ ਬਠਿੰਡਾ ਨੇ ਪੰਜਵਾਂ ਸਥਾਨ ਹਾਸਿਲ ਕੀਤਾ। ਮਿਡਲ ਗਰੁੱਪ (6ਵੀਂ ਤੋਂ 8ਵੀਂ) ਵਿੱਚ ਪਹਿਲਾ ਸਥਾਨ ਹਰਨੂਰਪ੍ਰੀਤ ਸਿੰਘ ਬੇਟਾ ਗੁਰਮੀਤ ਸਿੰਘ ਲਿਟਲ ਫਲਾਵਰ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਬਠਿੰਡਾ, ਦੂਸਰਾ ਸਥਾਨ ਏਕਮਨੂਰ ਕੌਰ ਬੇਟੀ ਅਰਸ਼ਦੀਪ ਸਿੰਘ, ਸ਼੍ਰੀ ਗੁਰੂ ਹਰਗੋਬਿੰਦ ਸੀਨੀਅਰ ਸੈਕੈਂਡਰੀ ਸਕੂਲ ਨਥਾਣਾ, ਤੀਸਰਾ ਸਥਾਨ ਮੁਸਕਾਨ ਬੇਟੀ ਸੰਤੋਸ਼ ਕੁਮਾਰ, ਲਿਟਲ ਫਲਾਵਰ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਬਠਿੰਡਾ, ਚੌਥਾ ਸਥਾਨ ਗੁਰਨੂਰ ਸਿੰਘ ਪੁੱਤਰ ਕੁਲਵਿੰਦਰ ਸਿੰਘ, ਟੌਪ ਰੈਂਕਰ ਇੰਟਰਨੈਸ਼ਨਲ ਸਕੂਲ ਨਥਾਣਾ ਅਤੇ ਪੰਜਵਾਂ ਸਥਾਨ ਬਲਕਾਰ ਸਿੰਘ ਪੁੱਤਰ ਜਗਤਾਰ ਸਿੰਘ, ਸਰਕਾਰੀ ਹਾਈ ਸਕੂਲ ਗਿੱਦੜ ਜਿਲਾ ਬਠਿੰਡਾ ਨੇ ਹਾਸਿਲ ਕੀਤਾ। ਇਸ ਤੋਂ ਇਲਾਵਾ ਸੈਕੰਡਰੀ ਗਰੁੱਪ ਦੇ ਵਿੱਚ 31 ਅਤੇ ਮਿਡਲ ਗਰੁੱਪ ਵਿੱਚ 24 ਵਿਦਿਆਰਥੀ ਮੈਰਿਟ ਸਥਾਨ ਲਈ ਚੁਣੇ ਗਏ। ਉਹਨਾਂ ਦੱਸਿਆ ਕਿ ਅਕਤੂਬਰ ਮਹੀਨੇ ਹੋਣ ਵਾਲੇ ਅੰਤਰ-ਸਕੂਲ ਯੁਵਕ ਮੇਲੇ ਵਿੱਚ ਪੁਜੀਸ਼ਨਾਂ ਲੈਣ ਵਾਲੇ ਵਿਦਿਆਰਥੀਆਂ ਨੂੰ ਨਗਦ ਇਨਾਮ ਤੇ ਵਿਸ਼ੇਸ਼ ਟਰੋਫੀਆਂ ਨਾਲ ਅਤੇ ਮੈਰਿਟ ਸੂਚੀ ਵਿੱਚ ਆਉਣ ਵਾਲੇ ਵਿਦਿਆਰਥੀਆਂ ਨੂੰ ਉਚੇਚੇ ਤੌਰ ਤੇ ਟਰੋਫੀਆਂ ਅਤੇ ਸਰਟੀਫਿਕੇਟਾਂ ਨਾਲ ਸਨਮਾਨਿਤ ਕੀਤਾ ਜਾਏਗਾ। ਇਸ ਇਮਤਿਹਾਨ ਅਤੇ ਨਤੀਜੇ ਨੂੰ ਕਾਮਯਾਬੀ ਨਾਲ ਸੰਪੂਰਨ ਕਰਨ ਦੇ ਵਿੱਚ ਸਾਰਪ੍ਰਸਤ ਬਲਵੰਤ ਸਿੰਘ ਮਾਨ, ਸੁਰਿੰਦਰ ਪਾਲ ਸਿੰਘ ਐਡੀਸ਼ਨਲ ਖੇਤਰ ਸਕੱਤਰ, ਰਮਨਦੀਪ ਸਿੰਘ ਯੂਨਿਟ ਇੰਚਾਰਜ ਰਾਮਪੁਰਾ ਫੂਲ, ਊਧਮ ਸਿੰਘ ਯੂਨਿਟ ਸਕੱਤਰ ਲਹਿਰਾ ਮੁਹੱਬਤ, ਡਾ ਵੀਰਪਾਲ ਕੌਰ, ਭੈਣ ਪਵਿੱਤਰ ਕੌਰ ਇੰਚਾਰਜ, ਇਸਤਰੀ ਵਿੰਗ ਲਹਿਰਾ ਮੁਹੱਬਤ, ਸੁਖਵਿੰਦਰ ਕੌਰ, ਗੁਰਸੇਵਕ ਸਿੰਘ, ਇਕਬਾਲ ਸਿੰਘ ਕਾਉਣੀ, ਜਸਬੀਰ ਸਿੰਘ, ਅਵਤਾਰ ਸਿੰਘ ਦਾ ਵਿਸ਼ੇਸ਼ ਯੋਗਦਾਨ ਰਿਹਾ।




## ਫਿਲੌਰ ਥਾਣੇ ਵਿਚ ਧੋਖਾਧੜੀ ਦੀ ਦਰਜ਼ ਹੋਈ ਐਫਆਈਆਰ 'ਚ

# ਦਿੱਲੀ ਕਮੇਟੀ ਮੈਂਬਰਾਂ ਦੇ ਨਾਮ, ਹਰਮੀਤ ਕਾਲਕਾ ਤੁਰੰਤ ਦੇਣ ਅਸਤੀਫਾ: ਸਰਨਾ

ਨਵੀਂ ਦਿੱਲੀ, 2 ਸਤੰਬਰ (ਮਨਪ੍ਰੀਤ ਸਿੰਘ ਖਾਲਸਾ ): ਦਿੱਲੀ ਅਕਾਲੀ ਆਗੂ ਪਰਮਜੀਤ ਸਿੰਘ ਸਰਨਾ ਨੇ ਫਿਲੌਰ ਥਾਣੇ ਵਿੱਚ ਦਰਜ ਐੱਫ.ਆਈ.ਆਰ. ਵਿੱਚ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰਾਂ ਦੇ ਨਾਂ ਆਉਣ ਨੂੰ ਗੰਭੀਰ ਮਾਮਲਾ ਕਰਾਰ ਦਿੰਦਿਆਂ ਕਮੇਟੀ ਦੇ ਪ੍ਰਧਾਨ ਹਰਮੀਤ ਸਿੰਘ ਕਲਕਾ ਤੋਂ ਤੁਰੰਤ ਅਸਤੀਫ਼ੇ ਦੀ ਮੰਗ ਕੀਤੀ ਹੈ। ਸਰਦਾਰ ਸਰਨਾ ਨੇ ਕਿਹਾ ਕਿ ਐੱਫ.ਆਈ.ਆਰ. ਨੰਬਰ 0253 ਵਿੱਚ ਡੀ.ਐੱਸ.ਜੀ.ਐੱਮ.ਸੀ. ਮੈਂਬਰ ਭੁਪਿੰਦਰ ਸਿੰਘ ਗਿੰਨੀ ਤੇ ਮਨਜੀਤ ਸਿੰਘ ਔਲਖ ਸਮੇਤ ਹੋਰਾਂ ਵਿਰੁੱਧ ਨਵੀਂ ਦਿੱਲੀ ਦੇ ਵਜ਼ੀਰਪੁਰ ਇੰਡਸਟਰੀਅਲ ਏਰੀਆ ਸਥਿਤ 3,200 ਵਰਗ ਗਜ਼ ਦੇ ਉਦਯੋਗਿਕ ਪਲਾਟ ਨਾਲ ਸਬੰਧਤ ਕਥਿਤ ਧੋਖਾਧੜੀ ਦਾ ਮਾਮਲਾ ਦਰਜ ਹੈ। ਉਨ੍ਹਾਂ ਕਿਹਾ ਕਿ ਅਜਿਹੇ ਗੰਭੀਰ ਦੋਸ਼ਾਂ ਦੇ ਸਾਹਮਣੇ ਆਉਣ ਮਗਰੋਂ ਡੀ.ਐੱਸ.ਜੀ.ਐੱਮ.ਸੀ. ਪ੍ਰਧਾਨ ਨੂੰ ਸੰਗਤ ਪ੍ਰਤੀ ਜਵਾਬਦੇਹ ਹੁੰਦਿਆਂ ਆਪਣੇ ਅਹੁਦੇ ਤੋਂ ਅਸਤੀਫ਼ਾ ਦੇਣਾ ਚਾਹੀਦਾ ਹੈ। ਸਰਦਾਰ ਸਰਨਾ ਨੇ ਦੋਸ਼ ਲਾਇਆ ਕਿ ਇਸ ਮਾਮਲੇ ਵਿੱਚ ਦਿੱਲੀ ਸਰਕਾਰ ਦੇ ਮੰਤਰੀ ਮਨਜਿੰਦਰ ਸਿੰਘ ਸਿਰਸਾ ਦਾ ਨਾਂ ਵੀ ਐੱਫ.ਆਈ.ਆਰ. ਵਿੱਚ ਦਰਜ ਹੈ ਅਤੇ ਉਹ ਡੀ.ਐੱਸ.ਜੀ.ਐੱਮ.ਸੀ. ਦੇ ਕੰਮਕਾਜ 'ਤੇ ਪ੍ਰਭਾਵ ਰੱਖਦੇ ਹਨ। ਉਨ੍ਹਾਂ ਦਾਅਵਾ ਕੀਤਾ ਕਿ ਪਲਾਟ ਦਿਵਾਉਣ ਦੇ ਨਾਂ 'ਤੇ 76.81 ਲੱਖ ਰੁਪਏ ਲਏ ਜਾਣ ਅਤੇ ਕਥਿਤ ਤੌਰ 'ਤੇ ਕਈ ਕਰੋੜ ਰੁਪਏ ਦੇ ਲੈਣ-ਦੇਣ ਦੇ ਦੋਸ਼ ਸਾਹਮਣੇ ਆਏ ਹਨ। ਸਰਨਾ ਨੇ ਕਿਹਾ ਕਿ ਮਾਮਲੇ ਵਿੱਚ ਪੰਜਾਬ ਪੁਲਿਸ ਵੱਲੋਂ ਪ੍ਰਾਪਤ ਕਾਨੂੰਨੀ ਰਾਇ ਵੀ ਐੱਫ.ਆਈ.ਆਰ. ਨਾਲ ਦਰਜ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਮਾਮਲਾ ਸਿਰਫ਼ ਪੈਸੇ ਜਾਂ ਜਾਇਦਾਦ ਦਾ ਨਹੀਂ, ਸਗੋਂ ਇਹ ਸਵਾਲ ਵੀ ਹੈ ਕਿ ਡੀ.ਐੱਸ.ਜੀ.ਐੱਮ.ਸੀ. ਦੇ ਫ਼ੈਸਲਿਆਂ ਦੀ ਅਸਲ ਜ਼ਿੰਮੇਵਾਰੀ ਕਿਸ ਦੀ ਹੈ। ਸਰਦਾਰ ਸਰਨਾ ਨੇ ਭਾਜਪਾ ਲੀਡਰਸ਼ਿਪ ਤੋਂ ਵੀ ਸਪੱਸ਼ਟੀਕਰਨ ਮੰਗਦਿਆਂ ਕਿਹਾ ਕਿ ਸਿਰਸਾ ਨਾਲ ਜੁੜੇ ਵਿਵਾਦਾਂ ਨੂੰ ਨਜ਼ਰਅੰਦਾਜ਼ ਨਹੀਂ ਕੀਤਾ ਜਾ ਸਕਦਾ। ਉਨ੍ਹਾਂ ਓਪਨ ਮਾਰਕੀਟ ਸੇਲ ਸਕੀਮ ਤਹਿਤ ਚੌਲਾਂ ਦੀ ਕਥਿਤ ਅਲਾਟਮੈਂਟ ਵਿੱਚ ਬੇਨਿਯਮੀਆਂ ਸਬੰਧੀ ਦਰਜ ਸੀ.ਬੀ.ਆਈ. ਐੱਫ.ਆਈ.ਆਰ. ਦਾ ਹਵਾਲਾ ਦਿੰਦਿਆਂ ਕਿਹਾ ਕਿ ਲਗਾਤਾਰ ਸਾਹਮਣੇ ਆ ਰਹੇ ਦੋਸ਼ਾਂ ਨਾਲ ਸਰਕਾਰ ਅਤੇ ਪਾਰਟੀ ਦੀ ਸਾਖ 'ਤੇ ਸਵਾਲ ਖੜ੍ਹੇ ਹੁੰਦੇ ਹਨ। ਅੰਤ ਵਿਚ ਸਰਦਾਰ ਸਰਨਾ ਨੇ ਕਿਹਾ ਕਿ ਭਾਜਪਾ ਨੂੰ ਫ਼ੈਸਲਾ ਕਰਨਾ ਚਾਹੀਦਾ ਹੈ ਕਿ ਉਹ ਕਿਸੇ ਵਿਅਕਤੀ ਨੂੰ ਬਚਾਉਣਾ ਚਾਹੁੰਦੀ ਹੈ ਜਾਂ ਸਰਕਾਰ ਅਤੇ ਪਾਰਟੀ ਦੀ ਭਰੋਸੇਯੋਗਤਾ ਨੂੰ।



## 2027 'ਚ ਬਣੇਗੀ

# ਭਾਰਤੀ ਜਨਤਾ ਪਾਰਟੀ ਦੀ ਨਿਰਪੱਖ ਸਰਕਾਰ-ਵਿੱਕੀ ਪਰੋਚਾ

**ਮਹਿਲ ਕਲਾਂ ( ਰਣਜੀਤ ਸਿੰਘ ਪੇਧਨੀ )**-ਹਲਕਾ ਮਹਿਲ ਕਲਾਂ ਦੇ ਪਿੰਡ ਪੱਖੋਕੇ ਦੇ ਸਾਬਕਾ ਸਰਪੰਚ ਹਰਜਿੰਦਰ ਸਿੰਘ ਦੀ ਅਗਵਾਈ ਵਿੱਚ ਉਨ੍ਹਾਂ ਦੇ ਗ੍ਰਹਿ ਵਿਖੇ ਭਾਜਪਾ ਆਗੂ ਵਿੱਕੀ ਪਰੋਚਾ ਵੱਲੋਂ ਇੱਕ ਅਹਿਮ ਮੀਟਿੰਗ ਕੀਤੀ ਗਈ। ਇਸ ਮੌਕੇ ਵਿੱਕੀ ਪਰੋਚਾ ਨੇ ਬੋਲਦਿਆਂ ਕਿਹਾ ਕਿ ਪਾਰਟੀ ਦੀਆਂ ਨੀਤੀਆਂ, ਕੇਂਦਰ ਸਰਕਾਰ ਵੱਲੋਂ ਕੀਤੇ ਜਾ ਰਹੇ ਵਿਕਾਸ ਕਾਰਜਾਂ, ਲੋਕ-ਹਿਤੈਸ਼ੀ ਯੋਜਨਾਵਾਂ, ਲੋਕ ਭਲਾਈ ਸਕੀਮਾਂ ਨੂੰ ਪਿੰਡ-ਪਿੰਡ ਅਤੇ ਘਰ-ਘਰ ਤੱਕ ਪਹੁੰਚਾਉਣਾ ਸਮੇਂ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਪਾਰਟੀ ਵਰਕਰ ਲੋਕਾਂ ਨਾਲ ਸਿੱਧਾ ਸੰਪਰਕ ਕਰਕੇ ਪਾਰਟੀ ਦੀਆਂ ਨੀਤੀਆਂ ਬਾਰੇ ਦੱਸਣ, ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਸਮਝਣ ਅਤੇ ਉਨ੍ਹਾਂ ਦੀ ਆਵਾਜ਼ ਨੂੰ ਉੱਚ ਪੱਧਰ ਤੱਕ ਪਹੁੰਚਾਉਣ ਲਈ ਲਗਾਤਾਰ ਕੰਮ ਕਰਨ। ਉਨ੍ਹਾਂ ਨੇ ਕਿਹਾ ਕਿ ਹਲਕਾ ਮਹਿਲ ਕਲਾਂ ਵਿੱਚ ਭਾਜਪਾ ਦੇ ਸੰਗਠਨ ਨੂੰ ਹੋਰ ਮਜ਼ਬੂਤ ਕਰਨ ਲਈ ਪਿੰਡ ਪੱਧਰ 'ਤੇ ਵਰਕਰਾਂ ਨਾਲ ਮੀਟਿੰਗਾਂ ਦਾ ਸਿਲਸਿਲਾ ਜਾਰੀ ਰੱਖਿਆ ਜਾਵੇਗਾ। ਨੌਜਵਾਨਾਂ, ਮਹਿਲਾਵਾਂ ਅਤੇ ਆਮ ਲੋਕਾਂ ਨੂੰ ਪਾਰਟੀ ਦੀ ਵਿਚਾਰਧਾਰਾ ਅਤੇ ਨੀਤੀਆਂ ਨਾਲ ਜੋੜਨ ਲਈ ਵੀ ਵਿਸ਼ੇਸ਼ ਉਪਰਾਲੇ ਕੀਤੇ ਜਾਣਗੇ। ਜਿਹੜੇ ਸੂਬਿਆਂ ਵਿੱਚ ਭਾਰਤੀ ਜਨਤਾ ਪਾਰਟੀ ਦੀ ਸਰਕਾਰ ਹੈ ਉਹ ਸੂਬੇ ਤਰੱਕੀ ਕਰ ਰਹੇ ਹਨ ਤੇ ਖੁਸ਼ਹਾਲ ਹੋ ਰਹੇ ਹਨ। ਵਿੱਕੀ ਪਰੋਚਾ ਨੇ ਸਾਰੇ ਪੰਜਾਬੀਆਂ ਨੂੰ ਪੁਰਜੋਰ ਅਪੀਲ ਕੀਤੀ ਕਿ ਪੰਜਾਬ ਦੀ ਤਰੱਕੀ ਅਤੇ ਖੁਸ਼ਹਾਲੀ ਲਈ ਇਸ ਵਾਰ ਪੰਜਾਬ ਅੰਦਰ ਭਾਰਤੀ ਜਨਤਾ ਪਾਰਟੀ ਦੀ ਸਰਕਾਰ ਬਣਾਉਣੀ ਜ਼ਰੂਰੀ ਹੈ। ਪੰਜਾਬ ਅੰਦਰ ਭਾਰਤੀ ਜਨਤਾ ਪਾਰਟੀ ਦੀ ਸਰਕਾਰ ਦੇ ਆਉਣ ਨਾਲ ਪੰਜਾਬ ਦੇ ਸਿਰ ਚੜੀ ਕਰਜੇ ਦੀ ਪੰਡ ਹਲਕੀ ਹੋਵੇਗੀ ਅਤੇ ਪੰਜਾਬ ਤਰੱਕੀ ਕਰੇਗਾ। ਇਸ ਮੌਕੇ ਰਾਜ ਸਿੰਘ ਮੱਲੀਆਂ, ਅਰਸ਼ਦੀਪ ਸਿੰਘ, ਗੁਰਦੇਵ ਸਿੰਘ, ਲਖਵੀਰ ਸਿੰਘ ਪੱਖੋਕੇ, ਦਰਬਾਰਾ ਸਿੰਘ ਮੱਲੀਆਂ, ਅਤੇ ਹੋਰ ਪਾਰਟੀ ਵਰਕਰ ਹਾਜ਼ਰ ਸਨ।



ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਮੁਲਾਜ਼ਮਾਂ ਦੀਆਂ ਹੱਕੀ ਮੰਗਾਂ ਪ੍ਰਤੀ ਪੰਜਾਬ ਸਰਕਾਰ ਦਾ ਰਵੱਈਆ ਨਿਰਾਸ਼ਾਜਨਕ : ਡਾ. ਜਗਜੀਵਨ ਸਿੰਘ ਸੇਰਪੁਰ

**ਸੇਰਪੁਰ ( ਰਣਜੀਤ ਸਿੰਘ ਪੇਧਨੀ )**-ਪੰਜਾਬ ਸਰਕਾਰ ਵੱਲੋਂ ਸਰਕਾਰੀ ਮੁਲਾਜ਼ਮਾਂ ਦੀਆਂ ਲੰਮੇ ਸਮੇਂ ਤੋਂ ਲਟਕਦੀਆਂ ਹੱਕੀ ਮੰਗਾਂ ਨੂੰ ਅਣਗੌਲਿਆਂ ਕਰਨ ਦੀ ਸਖ਼ਤ ਨਿੰਦਾ ਕੀਤੀ ਹੈ। ਉਨ੍ਹਾਂ ਕਿਹਾ ਕਿ ਮਹਿੰਗਾਈ ਦੇ ਦੌਰ ਵਿੱਚ ਮੁਲਾਜ਼ਮਾਂ ਨੂੰ ਡੀ.ਏ. ਦੀਆਂ ਬਕਾਇਆ ਕਿਸ਼ਤਾਂ ਨਾ ਦੇਣਾ ਅਤੇ ਉਨ੍ਹਾਂ ਦੇ ਬਣਦੇ ਬਕਾਏ ਰੋਕੀ ਰੱਖਣਾ ਬੇਹੱਦ ਨਿਰਾਸ਼ਾਜਨਕ ਹੈ। ਇਸ ਦੇ ਨਾਲ ਹੀ ਪੁਰਾਣੀ ਪੈਨਸ਼ਨ ਸਕੀਮ (ਓ.ਪੀ.ਐੱਸ.) ਦੀ ਬਹਾਲੀ ਦੀ ਮੰਗ ਵੀ ਲੰਮੇ ਸਮੇਂ ਤੋਂ ਲਟਕ ਰਹੀ ਹੈ, ਜਦਕਿ ਇਹ ਮੁਲਾਜ਼ਮਾਂ ਦੇ ਭਵਿੱਖ ਦੀ ਸਮਾਜਿਕ ਤੇ ਆਰਥਿਕ ਸੁਰੱਖਿਆ ਨਾਲ ਸਿੱਧੇ ਤੌਰ 'ਤੇ ਜੁੜਿਆ ਮਸਲਾ ਹੈ। ਉਨਾ ਕਿਹਾ ਕਿ ਸਰਕਾਰ ਵੱਲੋਂ ਵਾਰ-ਵਾਰ ਭਰੋਸੇ ਦੇਣ ਦੀ ਬਜਾਏ ਮੁਲਾਜ਼ਮਾਂ ਦੀਆਂ ਮੰਗਾਂ 'ਤੇ ਠੋਸ ਅਤੇ ਤੁਰੰਤ ਫ਼ੈਸਲੇ ਲਏ ਜਾਣ। ਉਨ੍ਹਾਂ ਛੇਵੇਂ ਤਨਖ਼ਾਹ ਕਮਿਸ਼ਨ ਦੇ ਬਕਾਏ, ਤਨਖ਼ਾਹਾਂ ਤੇ ਭੱਤਿਆਂ ਨਾਲ ਸਬੰਧਤ ਮਸਲਿਆਂ, ਕੱਚੇ ਮੁਲਾਜ਼ਮਾਂ ਨੂੰ ਪੱਕਾ ਕਰਨ ਅਤੇ ਹੋਰ ਲੰਬਿਤ ਮੰਗਾਂ ਦਾ ਵੀ ਤੁਰੰਤ ਨਿਪਟਾਰਾ ਕਰਨ ਦੀ ਮੰਗ ਕੀਤੀ। ਉਨ੍ਹਾਂ ਚਿਤਾਵਨੀ ਦਿੱਤੀ ਕਿ ਜੇਕਰ ਸਰਕਾਰ ਨੇ ਮੁਲਾਜ਼ਮਾਂ ਦੀਆਂ ਹੱਕੀ ਮੰਗਾਂ ਨੂੰ ਹੋਰ ਲਟਕਾਇਆ ਤਾਂ ਯੂਨੀਅਨ ਵੱਲੋਂ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ। ਉਨ੍ਹਾਂ ਪੰਜਾਬ ਸਰਕਾਰ ਨੂੰ ਅਪੀਲ ਕੀਤੀ ਕਿ ਡੀ.ਏ. ਦੀਆਂ ਬਕਾਇਆ ਕਿਸ਼ਤਾਂ ਜਾਰੀ ਕਰਕੇ, ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰਨ ਸਮੇਤ ਸਾਰੀਆਂ ਹੱਕੀ ਮੰਗਾਂ ਦਾ ਤੁਰੰਤ ਨਿਪਟਾਰਾ ਕੀਤਾ ਜਾਵੇ।



# ਪੰਜਾਬ ਬਰੂਦ ਦੇ ਢੇਰ 'ਤੇ, ਭਾਖੜਾ ਦੀ ਮੈਨੇਜਮੈਂਟ 'ਤੇ ਉਠੇ ਗੰਭੀਰ ਸਵਾਲ: ਭਾਈ ਗੁਰਦੇਵ ਸਿੰਘ ਕੋਹਾੜਕਾ

## ਲੋਕਾਂ ਦੀਆਂ ਜ਼ਿੰਦਗੀਆਂ ਨਾਲ ਖਿਲਵਾੜ ਕਰਨ ਵਾਲੀਆਂ ਸਰਕਾਰਾਂ ਨੂੰ ਸੱਤਾ ਦਾ ਸੁਖ ਬਹੁਤ ਮਹਿੰਗਾ ਪਵੇਗਾ

ਨਵੀਂ ਦਿੱਲੀ 3 ਸੰਤਬਰ (ਮਨਪ੍ਰੀਤ ਸਿੰਘ ਖਾਲਸਾ):- ਪੰਜਾਬ ਅੱਜ ਇੱਕ ਅਜਿਹੇ ਨਾਜ਼ੁਕ ਮੋੜ 'ਤੇ ਖੜ੍ਹਾ ਹੈ, ਜਿੱਥੇ ਭਾਖੜਾ ਡੈਮ ਦੀ ਮੈਨੇਜਮੈਂਟ ਅਤੇ ਪਾਣੀ ਪ੍ਰਬੰਧਨ ਨੂੰ ਲੈ ਕੇ ਗੰਭੀਰ ਸਵਾਲ ਖੜ੍ਹੇ ਹੋ ਰਹੇ ਹਨ। ਸੱਚਖੰਡ ਸ੍ਰੀ ਦਰਬਾਰ ਸਾਹਿਬ ਦੇ ਸਾਬਕਾ ਹਜ਼ੂਰੀ ਰਾਗੀ ਭਾਈ ਗੁਰਦੇਵ ਸਿੰਘ ਕੋਹਾੜਕਾ ਨੇ ਕਿਹਾ ਕਿ ਇਹ ਸਿਰਫ਼ ਕਿਸੇ ਡੈਮ ਜਾਂ ਪ੍ਰਬੰਧਕੀ ਵਿਵਸਥਾ ਦਾ ਮਾਮਲਾ ਨਹੀਂ, ਸਗੋਂ ਪੰਜਾਬ ਦੇ ਲੱਖਾਂ ਲੋਕਾਂ ਦੀਆਂ ਜ਼ਿੰਦਗੀਆਂ ਅਤੇ ਭਵਿੱਖ ਦੀ ਸੁਰੱਖਿਆ ਨਾਲ ਸਿੱਧਾ ਜੁੜਿਆ ਮੁੱਦਾ ਹੈ। ਭਾਈ ਗੁਰਦੇਵ ਸਿੰਘ ਨੇ ਕਿਹਾ ਕਿ ਡੈਮਾਂ ਦੇ ਪਾਣੀ ਪ੍ਰਬੰਧਨ ਵਿੱਚ ਬਰਸਾਤ ਅਤੇ ਬਰਫ਼ ਪਿਘਲਣ ਦੇ ਮੌਸਮ ਤੋਂ ਪਹਿਲਾਂ ਪਾਣੀ ਦੇ ਪੱਧਰ ਨੂੰ ਨਿਯਮਾਂ ਅਨੁਸਾਰ ਸੰਭਾਲਣਾ ਬੇਹੱਦ ਜ਼ਰੂਰੀ ਹੁੰਦਾ ਹੈ, ਤਾਂ ਜੋ ਅਚਾਨਕ ਆਉਣ ਵਾਲੇ ਵਾਧੂ ਪਾਣੀ ਲਈ ਰਿਜ਼ਰਵ ਸਮਰੱਥਾ ਮੌਜੂਦ ਰਹੇ। ਉਨ੍ਹਾਂ ਸਵਾਲ ਕੀਤਾ ਕਿ ਜੇਕਰ ਪਾਣੀ ਪ੍ਰਬੰਧਨ ਵਿੱਚ ਪਹਿਲਾਂ ਤੋਂ ਹੀ ਲੋੜੀਂਦੀ ਸਾਵਧਾਨੀ ਵਰਤੀ ਜਾਵੇ ਤਾਂ ਅਚਾਨਕ ਵੱਡੀ ਮਾਤਰਾ ਵਿੱਚ ਪਾਣੀ ਛੱਡਣ ਦੀ ਨੌਬਤ ਕਿਉਂ ਆਉਂਦੀ ਹੈ? ਉਨ੍ਹਾਂ ਕਿਹਾ ਕਿ ਜਦੋਂ ਡੈਮਾਂ ਤੋਂ ਪਾਣੀ ਛੱਡਿਆ ਜਾਂਦਾ ਹੈ ਤਾਂ ਇਸ ਦਾ ਸਭ ਤੋਂ ਵੱਡਾ ਪ੍ਰਭਾਵ ਪੰਜਾਬ ਦੇ ਦਰਿਆਈ ਅਤੇ ਨੀਵੇਂ ਇਲਾਕਿਆਂ 'ਤੇ ਪੈਂਦਾ ਹੈ। ਇਸ ਲਈ ਪਾਣੀ ਛੱਡਣ ਦੇ ਮਾਪਦੰਡ, ਡੈਮ ਦੀ ਸੁਰੱਖਿਆ, ਤਕਨੀਕੀ ਜਾਂਚ ਅਤੇ ਹੜ੍ਹ-ਚੇਤਾਵਨੀ ਪ੍ਰਣਾਲੀ ਬਾਰੇ ਪੂਰੀ ਪਾਰਦਰਸ਼ਤਾ ਹੋਣੀ ਚਾਹੀਦੀ ਹੈ। ਭਾਈ ਗੁਰਦੇਵ ਸਿੰਘ ਕੋਹਾੜਕਾ ਨੇ ਕਿਹਾ ਕਿ ਜਿਸ ਪੰਜਾਬ ਨੂੰ ਹੜ੍ਹਾਂ ਦੀ ਤਬਾਹੀ ਸਿੱਧੀ ਆਪਣੇ ਪਿੰਡੇ 'ਤੇ ਹੰਢਾਉਣੀ ਪੈਂਦੀ ਹੈ, ਉਸ ਦੀ ਆਵਾਜ਼ ਅਤੇ ਹਿੱਤਾਂ ਨੂੰ ਅਜਿਹੇ ਅਹਿਮ ਫ਼ੈਸਲਿਆਂ ਵਿੱਚ ਨਜ਼ਰਅੰਦਾਜ਼ ਨਹੀਂ ਕੀਤਾ ਜਾ ਸਕਦਾ। ਉਨ੍ਹਾਂ ਮੰਗ ਕੀਤੀ ਕਿ ਭਾਖੜਾ ਡੈਮ ਦੀ ਸੁਰੱਖਿਆ ਅਤੇ ਪਾਣੀ ਪ੍ਰਬੰਧਨ ਦਾ ਸੁਤੰਤਰ ਤਕਨੀਕੀ ਆਡਿਟ ਕਰਵਾਇਆ ਜਾਵੇ, ਪਾਣੀ ਛੱਡਣ ਦੀ ਨੀਤੀ ਦੀ ਪਾਰਦਰਸ਼ੀ ਸਮੀਖਿਆ ਕੀਤੀ ਜਾਵੇ ਅਤੇ ਪੰਜਾਬ ਲਈ ਪ੍ਰਭਾਵਸ਼ਾਲੀ ਹੜ੍ਹ-ਚੇਤਾਵਨੀ ਪ੍ਰਣਾਲੀ ਨੂੰ ਹੋਰ ਮਜ਼ਬੂਤ ਕੀਤਾ ਜਾਵੇ। ਪਹਾੜੀ ਖੇਤਰਾਂ ਵਿੱਚ ਭਾਰੀ ਮੀਂਹ, ਬੱਦਲ ਫਟਣ ਅਤੇ ਭੂ-ਖਿਸਕਣ ਵਰਗੇ ਖ਼ਤਰਿਆਂ ਦੇ ਮੱਦੇਨਜ਼ਰ ਡੈਮ ਪ੍ਰਬੰਧਨ ਵਿੱਚ ਕਿਸੇ ਵੀ ਕਿਸਮ ਦੀ ਲਾਪਰਵਾਹੀ ਦੀ ਗੁੰਜਾਇਸ਼ ਨਹੀਂ ਹੋਣੀ ਚਾਹੀਦੀ। ਭਾਈ ਗੁਰਦੇਵ ਸਿੰਘ ਨੇ ਕਿਹਾ ਕਿ ਅਤੀਤ ਵਿੱਚ ਵਾਪਰੀਆਂ ਵੱਡੀਆਂ ਤਬਾਹੀਆਂ ਤੋਂ ਸਬਕ ਲੈਣ ਦੀ ਬਜਾਏ ਜੇਕਰ ਚੇਤਾਵਨੀਆਂ ਨੂੰ ਅਣਸੁਣਿਆ ਕੀਤਾ ਜਾਂਦਾ ਰਿਹਾ ਤਾਂ ਇਸ ਦੀ ਕੀਮਤ ਆਮ ਲੋਕਾਂ ਨੂੰ ਆਪਣੀਆਂ ਜਾਨਾਂ ਅਤੇ ਘਰ-ਬਾਰ ਗੁਆ ਕੇ ਚੁਕਾਉਣੀ ਪਵੇਗੀ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕਾਂ ਦੇ ਲਹੂ ਅਤੇ ਪਸੀਨੇ ਨਾਲ ਬਣੇ ਸਰੋਤਾਂ ਦੀ ਆੜ ਵਿੱਚ ਉਨ੍ਹਾਂ ਦੀਆਂ ਜ਼ਿੰਦਗੀਆਂ ਨਾਲ ਖਿਲਵਾੜ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ। ਉਨ੍ਹਾਂ ਸਰਕਾਰਾਂ ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ ਲੋਕਾਂ ਦੀਆਂ ਜ਼ਿੰਦਗੀਆਂ ਨਾਲ ਖਿਲਵਾੜ ਕਰਨ ਵਾਲੀਆਂ ਸਰਕਾਰਾਂ ਨੂੰ ਸੱਤਾ ਦਾ ਸੁਖ ਬਹੁਤ ਮਹਿੰਗਾ ਪਵੇਗਾ। ਸੱਤਾ ਦੇ ਨਸ਼ੇ ਵਿੱਚ ਚੂਰ ਹਾਕਮ ਇਹ ਨਾ ਭੁੱਲਣ ਕਿ ਜੇਕਰ ਕਿਸੇ ਵੱਡੀ ਤਬਾਹੀ ਤੋਂ ਪਹਿਲਾਂ ਮਿਲ ਰਹੀਆਂ ਚੇਤਾਵਨੀਆਂ ਨੂੰ ਅਣਡਿੱਠਾ ਕੀਤਾ ਗਿਆ ਤਾਂ ਉਸ ਦੀ ਜ਼ਿੰਮੇਵਾਰੀ ਤੈਅ ਹੋਣੀ ਚਾਹੀਦੀ ਹੈ। ਭਾਈ ਗੁਰਦੇਵ ਸਿੰਘ ਕੋਹਾੜਕਾ ਨੇ ਸਪੱਸ਼ਟ ਕਿਹਾ ਕਿ ਸਵਾਲ ਕਿਸੇ ਡੈਮ ਜਾਂ ਕਿਸੇ ਇੱਕ ਸਰਕਾਰ ਦੀ ਰਾਜਨੀਤੀ ਦਾ ਨਹੀਂ, ਸਗੋਂ ਪੰਜਾਬ ਦੀ ਅਣਖ, ਲੋਕਾਂ ਦੀ ਜ਼ਿੰਦਗੀ ਅਤੇ ਆਉਣ ਵਾਲੀਆਂ ਪੀੜ੍ਹੀਆਂ ਦੇ ਭਵਿੱਖ ਦੀ ਸੁਰੱਖਿਆ ਦਾ ਹੈ।



# ਕਿਰਪਾਨ, ਨੀਲਾ ਬਾਣਾ ਤੇ ਖਾਲਸਾਈ ਅਣਖ ਭੁੱਲ ਕੇ ਹਿੰਦੂਤਵ ਤਾਕਤਾਂ ਦੀ ਗੁਲਾਮੀ ਕਿਉਂ.. ?—ਮਾਨ

ਨਵੀਂ ਦਿੱਲੀ, 3 ਸਤੰਬਰ (ਮਨਪ੍ਰੀਤ ਸਿੰਘ ਖਾਲਸਾ):- ਗੁਰੂ ਗੋਬਿੰਦ ਸਿੰਘ ਜੀ ਨੇ ਖੰਡੇ ਬਾਟੇ ਦੇ ਅੰਮ੍ਰਿਤ ਦੇ ਨਾਲ ਕਿਰਪਾਨ, ਨੀਲਾ ਬਾਣਾ, ਘੋੜਸਵਾਰੀ, ਬਾਜ਼ ਅਤੇ ਅਕਾਲ ਪੁਰਖ ਵਿੱਚ ਅਟੁੱਟ ਵਿਸ਼ਵਾਸ ਵਾਲੀ ਅਣਖੀਲੀ ਤੇ ਆਜ਼ਾਦ ਸਿੱਖ ਪਹਿਚਾਣ ਬਖ਼ਸ਼ੀ, ਪਰ ਅਫ਼ਸੋਸ ਅੱਜ ਸਿੱਖਾਂ ਦਾ ਵੱਡਾ ਹਿੱਸਾ ਆਪਣੀ ਨਿਰਾਲੀ ਪਹਿਚਾਣ ਅਤੇ ਸੋਚ ਤੋਂ ਦੂਰ ਹੋ ਕੇ ਬੀਜੇਪੀ-ਆਰ.ਐਸ.ਐਸ., ਕਾਂਗਰਸ ਅਤੇ ਆਮ ਆਦਮੀ ਪਾਰਟੀ ਵਰਗੀਆਂ ਸਿਆਸੀ ਤਾਕਤਾਂ ਦੇ ਪਿੱਛੇ ਤੁਰ ਰਿਹਾ ਹੈ। ਇਹ ਵਿਚਾਰ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਪ੍ਰਧਾਨ ਸ. ਸਿਮਰਨਜੀਤ ਸਿੰਘ ਮਾਨ ਨੇ ਗੁਰਦੁਆਰਾ ਸ੍ਰੀ ਚਮਕੌਰ ਸਾਹਿਬ ਵਿਖੇ ਸ਼ਹੀਦ ਭਾਈ ਬਲਵਿੰਦਰ ਸਿੰਘ ਜਟਾਣਾ ਅਤੇ ਭਾਈ ਚਰਨਜੀਤ ਸਿੰਘ ਚੰਨਾ ਦੀ ਬਰਸੀ ਮੌਕੇ ਸੰਗਤ ਨੂੰ ਸੰਬੋਧਨ ਕਰਦਿਆਂ ਪ੍ਰਗਟ ਕੀਤੇ। ਉਨ੍ਹਾਂ ਕਿਹਾ ਕਿ ਇਨ੍ਹਾਂ ਸ਼ਹੀਦਾਂ ਨੇ ਪੰਜਾਬ ਦੇ ਪਾਣੀਆਂ ਅਤੇ ਕੌਮੀ ਹੱਕਾਂ ਦੀ ਰਾਖੀ ਲਈ ਆਪਣੀਆਂ ਜਾਨਾਂ ਕੁਰਬਾਨ ਕਰਕੇ ਜ਼ੁਲਮ ਅੱਗੇ ਨਾ ਝੁਕਣ ਦਾ ਸੰਦੇਸ਼ ਦਿੱਤਾ। ਉਨ੍ਹਾਂ ਕਿਹਾ ਕਿ ਸਿੱਖ ਲੀਡਰਸ਼ਿਪ ਦਾ ਇੱਕ ਹਿੱਸਾ ਵੀ ਆਪਣੇ ਸਿਆਸੀ ਤੇ ਮਾਲੀ ਸਵਾਰਥਾਂ ਲਈ ਤਾਕਤਵਰ ਧਿਰਾਂ ਅੱਗੇ ਝੁਕ ਰਿਹਾ ਹੈ, ਜਦਕਿ ਗੁਰੂ ਸਾਹਿਬਾਨ ਦੀ ਬਾਣੀ ਤੇ ਬਾਣਾ ਸਾਨੂੰ ਅਣਖ, ਆਜ਼ਾਦੀ ਅਤੇ ਸਰਬੱਤ ਦੇ ਭਲੇ ਦੀ ਸੋਚ ਨਾਲ ਜਿਊਣ ਦਾ ਮਾਰਗ ਦਿਖਾਉਂਦੇ ਹਨ। ਸ. ਮਾਨ ਨੇ ਕਿਹਾ ਕਿ ਸਿੱਖ ਕੌਮ ਉੱਤੇ ਜਨ-ਗਣ-ਮਨ, ਵੰਦੇ ਮਾਤਰਮ ਜਾਂ ਕਿਸੇ ਵੀ ਧਾਰਮਿਕ ਅਡੰਬਰ ਨੂੰ ਜਬਰੀ ਥੋਪਣਾ ਪ੍ਰਵਾਨ ਨਹੀਂ ਕੀਤਾ ਜਾ ਸਕਦਾ ਅਤੇ ਸਿੱਖ ਆਪਣੇ ਗੁਰੂ ਸਾਹਿਬ ਦੇ "ਦੇਹ ਸਿਵਾ ਬਰੁ ਮੋਹਿ ਇਹੈ, ਸੁਭ ਕਰਮਨ ਤੇ ਕਬਹੂੰ ਨ ਟਰੋਂ" ਦੇ ਸਿਧਾਂਤ 'ਤੇ ਹੀ ਪਹਿਰਾ ਦੇਣਗੇ। ਉਨ੍ਹਾਂ ਕਿਹਾ ਕਿ ਪੰਜਾਬ ਅਤੇ ਸਿੱਖ ਕੌਮ ਦੇ ਹੱਕਾਂ ਦੀ ਰਾਖੀ ਲਈ ਜ਼ਬਰ ਅੱਗੇ ਨਾ ਝੁਕਣ ਦਾ ਪ੍ਰਣ ਕਰਨਾ ਹੋਵੇਗਾ ਅਤੇ ਅਜਿਹਾ ਆਜ਼ਾਦ ਬਾਦਸ਼ਾਹੀ ਸਿੱਖ ਰਾਜ ਕਾਇਮ ਕਰਨ ਲਈ ਯਤਨ ਕਰਨਾ ਹੋਵੇਗਾ, ਜਿਸ ਵਿੱਚ ਹਿੰਦੂ, ਮੁਸਲਿਮ, ਇਸਾਈ, ਸਿੱਖ ਅਤੇ ਹਰ ਵਰਗ ਨੂੰ ਬਰਾਬਰਤਾ, ਇਨਸਾਫ਼ ਤੇ ਸੁਰੱਖਿਆ ਮਿਲੇ। ਉਨ੍ਹਾਂ ਕਿਹਾ ਕਿ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਵਿੱਚ ਪੰਜਾਬੀਆਂ ਨੂੰ ਆਪਣੇ ਹੱਕਾਂ, ਪਾਣੀਆਂ ਅਤੇ ਕੌਮੀ ਪਹਿਚਾਣ ਨਾਲ ਜੁੜੇ ਮੁੱਦਿਆਂ ਨੂੰ ਮੁੱਖ ਰੱਖ ਕੇ ਫ਼ੈਸਲਾ ਕਰਨਾ ਚਾਹੀਦਾ ਹੈ ਅਤੇ ਉਨ੍ਹਾਂ ਤਾਕਤਾਂ ਨੂੰ ਸੱਤਾ ਤੋਂ ਦੂਰ ਰੱਖਣਾ ਚਾਹੀਦਾ ਹੈ ਜੋ ਪੰਜਾਬ ਦੇ ਹਿੱਤਾਂ ਨਾਲ ਧੋਖਾ ਕਰਦੀਆਂ ਆ ਰਹੀਆਂ ਹਨ। ਉਨ੍ਹਾਂ ਕਿਹਾ ਕਿ ਸ਼ਹੀਦਾਂ ਨੂੰ ਸੱਚੀ ਸ਼ਰਧਾਂਜਲੀ ਗੁਰੂ ਸਾਹਿਬ ਦੀ ਬਰਾਬਰੀ, ਇਨਸਾਫ਼, ਆਜ਼ਾਦੀ ਅਤੇ ਸਰਬੱਤ ਦੇ ਭਲੇ ਦੀ ਸੋਚ ਨੂੰ ਅਮਲ ਵਿੱਚ ਲਿਆਉਣਾ ਹੀ ਹੈ।



### ਵਿਧਾਇਕ ਨਰਿੰਦਰ ਕੌਰ ਭਰਾਜ ਨੇ

# 1.21 ਕਰੋੜ ਰੁਪਏ ਦੇ ਸੜਕ ਵਿਕਾਸ ਕਾਰਜਾਂ ਦੀ ਕਰਵਾਈ ਸ਼ੁਰੂਆਤ




**ਸੰਗਰੂਰ (ਰਣਜੀਤ ਸਿੰਘ ਪੇਧਨੀ )**-ਸੰਗਰੂਰ ਸ਼ਹਿਰ ਦੇ ਸੜਕੀ ਢਾਂਚੇ ਨੂੰ ਹੋਰ ਮਜ਼ਬੂਤ ਕਰਦਿਆਂ ਵਿਧਾਇਕ ਨਰਿੰਦਰ ਕੌਰ ਭਰਾਜ ਵੱਲੋਂ ਕੁੱਲ 1.21 ਕਰੋੜ ਰੁਪਏ ਦੀ ਲਾਗਤ ਵਾਲੇ ਵੱਖ-ਵੱਖ ਸੜਕ ਵਿਕਾਸ ਕਾਰਜਾਂ ਦੀ ਸ਼ੁਰੂਆਤ ਕਰਵਾਈ ਗਈ।ਇਨ੍ਹਾਂ ਤਹਿਤ 76.04 ਲੱਖ ਰੁਪਏ ਦੀ ਲਾਗਤ ਨਾਲ ਉਭਾਵਾਲ ਰੋਡ 'ਤੇ ਪੈਟਰੋਲ ਪੰਪ ਦੇ ਸਾਹਮਣੇ ਤੋਂ ਯੂਨੀਅਨ ਬੈਂਕ ਤੱਕ ਅਤੇ ਉਭਾਵਾਲ ਫਾਟਕ ਤੋਂ ਟਿਊਬਵੈੱਲ ਤੱਕ ਦੀ ਸੜਕ ਦੇ ਪੁਨਰ ਨਿਰਮਾਣ ਦਾ ਕੰਮ ਸ਼ੁਰੂ ਕੀਤਾ ਗਿਆ। ਇਸ ਦੇ ਨਾਲ ਹੀ 45 ਲੱਖ ਰੁਪਏ ਦੀ ਲਾਗਤ ਨਾਲ ਹਰੇੜੀ ਰੋਡ ਦੇ ਪੁਨਰ ਨਿਰਮਾਣ ਕਾਰਜ ਦੀ ਵੀ ਸ਼ੁਰੂਆਤ ਕਰਵਾਈ ਗਈ। ਵਿਧਾਇਕ ਨਰਿੰਦਰ ਕੌਰ ਭਰਾਜ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੰਗਰੂਰ ਸ਼ਹਿਰ ਵਿੱਚ ਲੋਕਾਂ ਨੂੰ ਬਿਹਤਰ ਸੜਕਾਂ ਅਤੇ ਮਜ਼ਬੂਤ ਬੁਨਿਆਦੀ ਢਾਂਚਾ ਮੁਹੱਈਆ ਕਰਵਾਉਣ ਲਈ ਵਿਕਾਸ ਕਾਰਜ ਲਗਾਤਾਰ ਜਾਰੀ ਹਨ। ਉਨ੍ਹਾਂ ਕਿਹਾ ਕਿ ਇਨ੍ਹਾਂ ਸੜਕਾਂ ਦੇ ਪੁਨਰ ਨਿਰਮਾਣ ਨਾਲ ਇਲਾਕਾ ਵਾਸੀਆਂ ਨੂੰ ਆਵਾਜਾਈ ਵਿੱਚ ਵੱਡੀ ਸਹੂਲਤ ਮਿਲੇਗੀ ਅਤੇ ਰੋਜ਼ਾਨਾ ਆਉਣ-ਜਾਣ ਵਾਲੇ ਲੋਕਾਂ ਨੂੰ ਰਾਹਤ ਮਿਲੇਗੀ। ਵਿਧਾਇਕ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸ਼ਹਿਰੀ ਖੇਤਰਾਂ ਵਿੱਚ ਬੁਨਿਆਦੀ ਸਹੂਲਤਾਂ ਨੂੰ ਬਿਹਤਰ ਬਣਾਉਣ 'ਤੇ ਵਿਸ਼ੇਸ਼ ਤਵੱਜੋ ਦਿੱਤੀ ਜਾ ਰਹੀ ਹੈ ਅਤੇ ਲੋਕਾਂ ਦੀਆਂ ਜ਼ਰੂਰਤਾਂ ਅਨੁਸਾਰ ਵਿਕਾਸ ਕਾਰਜਾਂ ਨੂੰ ਤਰਜੀਹ ਦੇ ਕੇ ਮੁਕੰਮਲ ਕੀਤਾ ਜਾ ਰਿਹਾ ਹੈ। ਇਸ ਮੌਕੇ ਵਿਧਾਇਕ ਨਰਿੰਦਰ ਕੌਰ ਭਰਾਜ ਨੇ ਸੜਕ ਵਿਕਾਸ ਕਾਰਜਾਂ ਦੀ ਸ਼ੁਰੂਆਤ ਮੌਕੇ ਹਾਜ਼ਰ ਚੇਅਰਮੈਨ ਅਤੇ ਐਮ.ਸੀ. ਸਾਹਿਬਾਨ ਸਮੇਤ ਸਮੁੱਚੀ ਆਮ ਆਦਮੀ ਪਾਰਟੀ ਦੀ ਟੀਮ ਦਾ ਧੰਨਵਾਦ ਕੀਤਾ।

**ਉਭਾਵਾਲ ਰੋਡ ਦੀਆਂ ਦੋ ਸੜਕਾਂ ਦੇ ਪੁਨਰ ਨਿਰਮਾਣ 'ਤੇ 76.04 ਲੱਖ ਅਤੇ ਹਰੇੜੀ ਰੋਡ 'ਤੇ 45 ਲੱਖ ਰੁਪਏ ਹੋਣਗੇ ਖਰਚ: ਨਰਿੰਦਰ ਕੌਰ ਭਰਾਜ**

ਆਵਾਜ਼ਿ ਕੌਮ AWAZE QAUM International Newspaper & WEB TV

### ਕ੍ਰਿਸ਼ੀ ਵਿਗਿਆਨ ਕੇਂਦਰ ਨੇ ਪਿੰਡ ਚੱਠੇ ਸੇਖਵਾਂ ਵਿਖੇ

# ਪਰਾਲੀ ਪ੍ਰਬੰਧਨ ਬਾਰੇ ਜਾਗਰੂਕਤਾ ਕੈਂਪ ਲਗਾਇਆ



**ਸੰਗਰੂਰ ( ਰਣਜੀਤ ਸਿੰਘ ਪੇਧਨੀ )**-ਝੋਨੇ ਦੀ ਪਰਾਲੀ ਦੇ ਸੁਚੱਜੇ ਪ੍ਰਬੰਧਨ ਬਾਰੇ ਵਿੱਢੀ ਮੁਹਿੰਮ ਅਧੀਨ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੇ ਕ੍ਰਿਸ਼ੀ ਵਿਗਿਆਨ ਕੇਂਦਰ, ਸੰਗਰੂਰ ਵੱਲੋਂ ਪਿੰਡ ਚੱਠੇ ਸੇਖਵਾਂ, ਬਲਾਕ ਸੰਗਰੂਰ ਵਿਖੇ ਇੱਕ -ਰੋਜ਼ਾ ਕਿਸਾਨ ਜਾਗਰੂਕਤਾ ਕੈਂਪ ਲਗਾਇਆ ਗਿਆ। ਜਿਸ ਵਿੱਚ ਪਿੰਡ ਦੀ ਸਮੁੱਚੀ ਗ੍ਰਾਮ ਪੰਚਾਇਤ ਸਮੇਤ ਲੱਗਭੱਗ 80 ਕਿਸਾਨਾਂ ਨੇ ਸ਼ਮੂਲੀਅਤ ਕੀਤੀ। ਇਸ ਮੌਕੇ ਡਾ. ਮਨਦੀਪ ਸਿੰਘ, ਇੰਚਾਰਜ, ਪੀ.ਏ.ਯੂ.-ਕ੍ਰਿਸ਼ੀ ਵਿਗਿਆਨ ਕੇਂਦਰ, ਸੰਗਰੂਰ ਨੇ ਕਿਸਾਨਾਂ ਨੂੰ ਝੋਨੇ ਦੀ ਪਰਾਲੀ ਨੂੰ ਖੇਤ ਵਿੱਚ ਹੀ ਸੰਭਾਲਦੇ ਹੋਏ ਕਣਕ ਬੀਜਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਸਾਨਾਂ ਨੂੰ ਪਰਾਲੀ ਨੂੰ ਅੱਗ ਲਾਉਣ ਨਾਲ ਵਾਤਾਵਰਣ, ਮਿੱਟੀ ਦੀ ਸਿਹਤ ਅਤੇ ਮਨੁੱਖੀ ਸਿਹਤ ਉੱਤੇ ਪੈਣ ਵਾਲੇ ਪ੍ਰਭਾਵਾਂ ਬਾਰੇ ਵਿਸਥਾਰਪੂਰਵਕ ਜਾਗਰੂਕ ਕੀਤਾ। ਉਹਨਾਂ ਪਰਾਲੀ ਨੂੰ ਖੇਤ ਵਿੱਚ ਸੰਭਾਲਣ ਨਾਲ ਹੋਣ ਵਾਲੇ ਫ਼ਾਇਦਿਆਂ ਅਤੇ ਮਿੱਟੀ ਦੀ ਸਿਹਤ ਵਿੱਚ ਹੋਣ ਵਾਲੇ ਸੁਧਾਰ ਸੰਬੰਧੀ ਵੀ ਦੱਸਿਆ। ਉਹਨਾਂ ਕ੍ਰਿਸ਼ੀ ਵਿਗਿਆਨ ਕੇਂਦਰ, ਸੰਗਰੂਰ ਵੱਲੋਂ ਕਿਸਾਨਾਂ ਲਈ ਲਗਾਏ ਜਾ ਰਹੇ ਕਿੱਤਾਮੁਖੀ ਸਿਖਲਾਈ ਕੋਰਸਾਂ, ਮਿੱਟੀ-ਪਾਣੀ ਪਰਖ ਸੇਵਾਵਾਂ, ਸੀ.ਆਰ.ਐਮ. ਮਸ਼ੀਨਰੀ ਬੈਂਕ ਅਤੇ ਵੱਖ-ਵੱਖ ਫ਼ਸਲਾਂ ਦੇ ਤਿਆਰ ਕੀਤੇ ਜਾ ਰਹੇ ਬੀਜਾਂ, ਆਦਿ ਬਾਰੇ ਵੀ ਚਾਨਣਾ ਪਾਇਆ। ਡਾ. ਸੁਨੀਲ ਕੁਮਾਰ, ਸਹਾਇਕ ਪ੍ਰੋਫੈਸਰ (ਫਾਰਮ ਮਸ਼ੀਨਰੀ) ਨੇ ਕਿਸਾਨਾਂ ਨੂੰ ਪਰਾਲੀ ਨੂੰ ਖੇਤ ਵਿੱਚ ਸਾਂਭਦੇ ਹੋਏ ਕਣਕ ਦੀ ਬਿਜਾਈ ਲਈ ਉਪਲਬਧ ਖੇਤੀ ਮਸ਼ੀਨਰੀ ਅਤੇ ਇਸ ਦੀ ਸੁਚੱਜੀ ਵਰਤੋਂ ਬਾਬਤ ਵਿਸਤਾਪੂਰਵਕ ਜਾਣਕਾਰੀ ਦਿੱਤੀ। ਉਨ੍ਹਾਂ ਨੇ ਕਿਸਾਨਾਂ ਨੂੰ ਪਰਾਲੀ ਨੂੰ ਖੇਤ ਵਿੱਚੋਂ ਬਾਹਰ ਕੱਢ ਕੇ ਕਣਕ ਦੀ ਬਿਜਾਈ ਕਰਨ ਤੋਂ ਗੁ.ਰੇਜ਼ ਕਰਨ ਲਈ ਵੀ ਕਿਹਾ। ਡਾ. ਰੁਕਿੰਦਰਪ੍ਰੀਤ ਸਿੰਘ, ਸਹਾਇਕ ਪ੍ਰੋਫੈਸਰ (ਫ਼ਸਲ ਵਿਗਿਆਨ) ਨੇ ਕਿਸਾਨਾਂ ਨਾਲ ਝੋਨੇ ਦੀ ਕਾਸ਼ਤ ਵਿੱਚ ਦਰਪੇਸ਼ ਆ ਰਹੀਆਂ ਸਮੱਸਿਆਵਾਂ ਜਿਵੇਂ ਕਿ ਬੌਣਾ ਰੋਗ, ਭੂਰੇ ਪਿੱਠ ਵਾਲਾ ਟਿੱਡਾ, ਝੰਡਾ ਰੋਗ, ਹਲਦੀ ਰੋਗ ਅਤੇ ਹੋਰ ਬਿਮਾਰੀਆਂ ਦੀ ਰੋਕਥਾਮ ਸੰਬੰਧੀ ਜਾਣਕਾਰੀ ਦਿੱਤੀ। ਉਨ੍ਹਾਂ ਕਿਸਾਨਾਂ ਨੂੰ ਝੋਨੇ ਵਿੱਚ ਪੋਟਾਸ਼ੀਅਮ ਨਾਈਟ੍ਰੇਟ (13:0:45) ਦੀ ਵਰਤੋਂ ਦੇ ਫਾਇਦਿਆਂ ਬਾਰੇ ਦੱਸਦੇ ਹੋਏ ਇਸ ਦਾ ਸਪਰੇਅ ਕਰਨ ਲਈ ਆਖਿਆ। ਉਹਨਾਂ ਕਿਹਾ ਕਿ ਜਦੋਂ ਝੋਨਾ ਗੋ.ਭ ਵਿੱਚ ਆਵੇ ਤਾਂ 1.5% ਪੋਟਾਸ਼ੀਅਮ ਨਾਈਟ੍ਰੇਟ (3 ਕਿਲੋ ਪੋਟਾਸ਼ੀਅਮ ਨਾਈਟ੍ਰੇਟ 200 ਲਿਟਰ ਪਾਣੀ ਪ੍ਰਤੀ ਏਕੜ) ਦਾ ਛਿੜਕਾਅ ਕਰੋ। ਡਾ. ਰਵਿੰਦਰ ਕੌਰ, ਸਹਿਯੋਗੀ ਪ੍ਰੋਫੈਸਰ (ਬਾਗਬਾਨੀ) ਨੇ ਕਿਸਾਨਾਂ ਨੂੰ ਸਰਦੀ ਰੁੱਤ ਦੀ ਘਰੇਲੂ ਸਬਜ਼ੀ ਬਗੀਚੀ ਲਗਾਉਣ ਲਈ ਪ੍ਰੇਰਿਤ ਕੀਤਾ। ਉਹਨਾਂ ਸਬਜ਼ੀਆਂ ਦੀਆਂ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਵੱਲੋਂ ਵਿਕਸਤ ਕੀਤੀਆਂ ਵੱਖ-ਵੱਖ ਕਿਸਮਾਂ ਬਾਰੇ ਵੀ ਜਾਣਕਾਰੀ ਦਿੱਤੀ। ਇਸ ਤੋਂ ਇਲਾਵਾ ਉਨ੍ਹਾਂ ਕ੍ਰਿਸ਼ੀ ਵਿਗਿਆਨ ਕੇਂਦਰ, ਸੰਗਰੂਰ ਵੱਲੋਂ ਕਿਸਾਨਾਂ ਲਈ ਤਿਆਰ ਕੀਤੀਆਂ ਜਾਂਦੀਆਂ ਸਬਜ਼ੀਆਂ ਦੀਆਂ ਪਨੀਰੀਆਂ ਸੰਬੰਧੀ ਵੀ ਜਾਣਕਾਰੀ ਦਿੱਤੀ। ਇਸ ਕੈਂਪ ਦੇ ਅਖੀਰ ਵਿੱਚ ਕਿਸਾਨ ਵੀਰਾਂ ਦੇ ਸਵਾਲਾਂ ਦੇ ਜਵਾਬ ਦਿੱਤੇ ਗਏ ਉਹਨਾਂ ਨੂੰ ਯੂਨੀਵਰਸਿਟੀ ਵੱਲੋਂ ਤਿਆਰ ਸਰਦੀ ਰੁੱਤ ਦੀਆਂ ਸਬਜ਼ੀਆਂ ਦੇ ਬੀਜਾਂ ਦੀਆਂ ਕਿੱਟਾਂ ਮੁਹਈਆ ਕਰਵਾਈਆਂ ਗਈਆਂ। ਕੈਂਪ ਵਿੱਚ ਪਿੰਡ ਦੇ ਸਰਪੰਚ ਸ. ਦਰਸ਼ਨ ਸਿੰਘ, ਮੈਂਬਰ ਪੰਚਾਇਤ ਸ. ਗੁਰਦੀਪ ਸਿੰਘ, ਸ਼੍ਰੀ ਪਰਮਜੀਤ ਸ਼ਰਮਾ ਅਤੇ ਨੰਬਰਦਾਰ ਅਤੇ ਸਾਬਕਾ ਸਰਪੰਚ ਸ. ਨਿਰਵੈਰ ਸਿੰਘ ਵਿਸ਼ੇਸ਼ ਤੌਰ ਉੱਤੇ ਹਜ਼ਾਰ ਰਹੇ ਅਤੇ ਕ੍ਰਿਸ਼ੀ ਵਿਗਿਆਨ ਕੇਂਦਰ ਸੰਗਰੂਰ ਦੀ ਟੀਮ ਦਾ ਤਹਿ-ਦਿਲੋਂ ਧੰਨਵਾਦ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV

# ਮੋਹਾਲੀ 'ਚ ਸੜਕ ਕਿਨਾਰੇ ਟਰਾਲੀਆਂ 'ਤੇ ਵੱਸੇ ਪਿੰਡ, ਹੰਕਾਰੀ ਸਰਕਾਰ ਦਾ ਉਜਾੜਾ ਬਣਨਗੇ- ਗਿਆਨੀ ਹਰਪ੍ਰੀਤ ਸਿੰਘ



**ਚੰਡੀਗੜ੍ਹ, 3 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਪੁਨਰ-ਸੁਰਜੀਤ ਦੇ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਨੇ ਇਕ ਪ੍ਰੈਸ ਬਿਆਨ ਜਾਰੀ ਕਰਕੇ ਕਿਹਾ ਕਿ ਦੇਸ਼ ਭਰ ਦੇ ਲੋਕਾਂ ਦਾ ਢਿੱਡ ਭਰਨ ਵਾਲਾ ਕਿਸਾਨ ਆਪਣੀਆਂ ਹੱਕੀ ਮੰਗਾਂ ਲਈ ਅੱਜ ਸੜਕਾਂ 'ਤੇ ਉਤਰਨ ਲਈ ਮਜਬੂਰ ਹੈ। ਪਰ ਸਰਕਾਰ ਨੇ ਮੰਗਾਂ ਤਾਂ ਕੀ ਮੰਨਣੀਆਂ ਹਨ, ਉਹਨਾਂ ਨਾਲ ਗੱਲਬਾਤ ਕਰਕੇ ਕੋਈ ਹੱਲ ਕੱਢਣ ਦਾ ਯਤਨ ਵੀ ਨਹੀ ਕਰ ਰਹੀ। ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਸਰਕਾਰਾਂ ਨੂੰ ਇਹ ਯਾਦ ਰੱਖਣਾ ਚਾਹੀਦਾ ਹੈ ਕਿ ਸੜਕ ਕਿਨਾਰੇ ਟਰਾਲੀਆਂ 'ਤੇ ਵੱਸੇ ਇਹ ਪਿੰਡ ਸਰਕਾਰਾਂ ਉਜਾੜਨ ਦਾ ਸਬੱਬ ਜਰੂਰ ਬਣਨਗੇ। ਕਿਉਂਕਿ ਸਰਕਾਰ ਨੂੰ ਦੁਸ਼ਮਣ ਵਜੋਂ ਦਿੱਸਦੇ, ਹੱਕ ਮੰਗਣ ਵਾਲੇ ਇਹਨਾਂ ਲੋਕਾਂ ਨੇ ਹੀ ਆਖਿਰ ਵੋਟਾਂ ਪਾਕੇ ਸਰਕਾਰ ਚੁਣਨੀ ਹੈ। ਇਸਤੋਂ ਪਹਿਲਾਂ ਛੇ ਲੱਖ ਤੋਂ ਵੱਧ ਮੁਲਾਜ਼ਮਾਂ ਨੂੰ ਵੀ ਉਹਨਾਂ ਦਾ ਬਣਦਾ ਪੈਸਾ ਦੇਣ ਦੀ ਬਜਾਏ ਸਰਕਾਰ ਸੁਪਰੀਮ ਕੋਰਟ ਦਾ ਦਰਵਾਜਾ ਖੜਕਾ ਚੁੱਕੀ ਹੈ। ਬੇਸਮਝ ਆਗੂਆਂ ਨੂੰ ਇੰਨਾ ਵੀ ਸਮਝ ਨਹੀਂ ਆ ਰਿਹਾ ਕਿ ਕਿਸਾਨਾਂ ਅਤੇ ਮੁਲਾਜ਼ਮਾਂ ਦੇ ਹੱਕ ਮਾਰਕੇ ਉਹ ਸਰਕਾਰਾਂ ਕਿਵੇਂ ਚਲਾ ਲੈਣਗੇ। ਗਿਆਨੀ ਹਰਪ੍ਰੀਤ ਸਿੰਘ ਨੇ ਬਿਆਨ ਦੇ ਅਖੀਰ ਵਿੱਚ ਸਮੂਹ ਕਿਸਾਨ ਅਤੇ ਮੁਲਾਜ਼ਮ ਜਥੇਬੰਦੀਆਂ ਨਾਲ ਪੂਰੀ ਇਕਜੁੱਟਤਾ ਪ੍ਰਗਟਾਉਂਦਿਆਂ ਕਿਹਾ ਕਿ ਅਕਾਲੀ ਦਲ ਪੁਨਰ-ਸੁਰਜੀਤ ਵੱਧ ਚੜ੍ਹ ਕੇ ਉਹਨਾਂ ਦੇ ਸੰਘਰਸ਼ ਵਿੱਚ ਸਾਥ ਦੇਵੇਗਾ। ਪ੍ਰੈੱਸ ਨੂੰ ਇਹ ਬਿਆਨ ਮੀਡੀਆ ਇੰਚਾਰਜ ਸ ਤੇਜਿੰਦਰ ਸਿੰਘ ਪੰਨੂੰ ਵੱਲੋਂ ਜਾਰੀ ਕੀਤਾ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

# ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਦਿੜ੍ਹਬਾ ਵਿਖੇ 8 ਸਤੰਬਰ ਨੂੰ ਹੋਵੇਗਾ 500 ਡਰੋਨਾਂ ਦਾ ਵਿਸ਼ੇਸ਼ ਸ਼ੋਅ



**ਸੰਗਰੂਰ ( ਰਣਜੀਤ ਸਿੰਘ ਪੇਧਨੀ )**-ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਰਾਜ ਭਰ ਵਿੱਚ ਵੱਖ-ਵੱਖ ਵਿਸ਼ੇਸ਼ ਸਮਾਗਮ ਕਰਵਾਏ ਜਾ ਰਹੇ ਹਨ। ਇਸੇ ਲੜੀ ਤਹਿਤ ਜ਼ਿਲ੍ਹਾ ਸੰਗਰੂਰ ਵਿੱਚ ਵੀ 8 ਸਤੰਬਰ ਨੂੰ ਅਨਾਜ ਮੰਡੀ ਦਿੜ੍ਹਬਾ ਵਿਖੇ 500 ਡਰੋਨਾਂ ਦਾ ਵਿਸ਼ੇਸ਼ ਸ਼ੋਅ ਸ਼ਾਮ 6 ਵਜੇ ਤੋਂ ਰਾਤ 8 ਵਜੇ ਤੱਕ ਕਰਵਾਇਆ ਜਾਵੇਗਾ। ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਸੁਖਚੈਨ ਸਿੰਘ ਪਾਪੜਾ ਨੇ ਦੱਸਿਆ ਕਿ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਇਹ ਵਿਸ਼ੇਸ਼ ਡਰੋਨ ਸ਼ੋਅ ਲੋਕਾਂ ਲਈ ਖਿੱਚ ਦਾ ਕੇਂਦਰ ਹੋਵੇਗਾ। ਲਗਭਗ 500 ਡਰੋਨ ਇਕੋ ਸਮੇਂ ਅਸਮਾਨ ਵਿੱਚ ਉੱਡ ਕੇ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਜੀਵਨ, ਬਾਣੀ, ਵਿਚਾਰਧਾਰਾ ਅਤੇ ਮਹਾਨ ਸਿੱਖਿਆਵਾਂ ਨੂੰ ਦਰਸਾਉਂਦੀ ਵਿਲੱਖਣ ਪੇਸ਼ਕਾਰੀ ਦੇਣਗੇ। ਉਨ੍ਹਾਂ ਕਿਹਾ ਕਿ ਇਸ ਡਰੋਨ ਸ਼ੋਅ ਦਾ ਉਦੇਸ਼ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੀਆਂ ਸਿੱਖਿਆਵਾਂ ਅਤੇ ਸਮਾਜ ਨੂੰ ਦਿੱਤੇ ਮਹਾਨ ਸੰਦੇਸ਼ ਨੂੰ ਨਵੀਂ ਪੀੜ੍ਹੀ ਤੱਕ ਪਹੁੰਚਾਉਣਾ ਹੈ। ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਪਰਿਵਾਰਾਂ ਅਤੇ ਬੱਚਿਆਂ ਸਮੇਤ ਇਸ ਵਿਲੱਖਣ ਤੇ ਯਾਦਗਾਰ ਡਰੋਨ ਸ਼ੋਅ ਵਿੱਚ ਸ਼ਾਮਲ ਹੋਣ। ਵਧੀਕ ਡਿਪਟੀ ਕਮਿਸ਼ਨਰ ਨੇ ਸਬੰਧਤ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਡਰੋਨ ਸ਼ੋਅ ਨੂੰ ਸਫਲਤਾਪੂਰਵਕ ਨੇਪਰੇ ਚਾੜ੍ਹਨ ਲਈ ਸਾਰੇ ਲੋੜੀਂਦੇ ਪ੍ਰਬੰਧ ਸਮੇਂ ਸਿਰ ਮੁਕੰਮਲ ਕੀਤੇ ਜਾਣ। ਉਨ੍ਹਾਂ ਸੁਰੱਖਿਆ ਪ੍ਰਬੰਧਾਂ, ਆਵਾਜਾਈ ਨੂੰ ਸੁਚਾਰੂ ਢੰਗ ਨਾਲ ਚਲਾਉਣ, ਪਾਰਕਿੰਗ, ਬਿਜਲੀ ਦੀ ਨਿਰਵਿਘਨ ਸਪਲਾਈ, ਪੀਣ ਵਾਲੇ ਸਾਫ਼ ਪਾਣੀ, ਸਾਫ਼-ਸਫ਼ਾਈ, ਬੈਠਣ ਦੀ ਵਿਵਸਥਾ ਅਤੇ ਹੋਰ ਬੁਨਿਆਦੀ ਸਹੂਲਤਾਂ ਨੂੰ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸਮਾਗਮ ਵਿੱਚ ਸ਼ਾਮਲ ਹੋਣ ਵਾਲੇ ਲੋਕਾਂ ਦੀ ਸਹੂਲਤ ਨੂੰ ਧਿਆਨ ਵਿੱਚ ਰੱਖਦਿਆਂ ਪੁਖ਼ਤਾ ਪ੍ਰਬੰਧ ਕੀਤੇ ਜਾਣਗੇ, ਤਾਂ ਜੋ ਹਰ ਕੋਈ ਇਸ ਵਿਸ਼ੇਸ਼ ਡਰੋਨ ਸ਼ੋਅ ਦਾ ਆਨੰਦ ਮਾਣ ਸਕੇ ਅਤੇ ਸਮਾਗਮ ਸੁਚੱਜੇ ਢੰਗ ਨਾਲ ਸੰਪੰਨ ਹੋਵੇ। ਵਧੀਕ ਡਿਪਟੀ ਕਮਿਸ਼ਨਰ ਨੇ ਸਮੂਹ ਜ਼ਿਲ੍ਹਾ ਵਾਸੀਆਂ ਨੂੰ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਇਸ ਵਿਸ਼ੇਸ਼ ਸਮਾਗਮ ਵਿੱਚ ਵੱਧ-ਚੜ੍ਹ ਕੇ ਸ਼ਮੂਲੀਅਤ ਕਰਨ ਦੀ ਅਪੀਲ ਕੀਤੀ।

ਆਵਾਜ਼ਿ ਕੌਮ AWAZE QAUM International Newspaper & WEB TV

# ਮੁੱਖ ਮੰਤਰੀ ਦੇ ਓਐਸਡੀ ਸੁਖਵੀਰ ਸਿੰਘ ਸੁੱਖੀ ਨੇ ਪਿੰਡ ਬਟੂਹਾਂ ਦੇ ਚੱਲ ਰਹੇ ਵਿਕਾਸ ਕਾਰਜਾਂ ਦਾ ਲਿਆ ਜਾਇਜ਼ਾ



**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਹਲਕੇ ਵਿੱਚ ਪੈਂਦੇ ਪਿੰਡ ਬਟੂਹਾਂ ਦੇ ਸਰਪੰਚ ਸਿਮਰਨਜੀਤ ਸਿੰਘ ਕਾਲਾ ਦੀ ਅਗਵਾਈ ਹੇਠ ਚੱਲ ਰਹੇ ਪਿੰਡ ਵਿੱਚ ਵਿਕਾਸ ਕਾਰਜਾਂ ਦਾ ਜਾਇਜ਼ਾ ਲੈਣ ਲਈ ਮੁੱਖ ਮੰਤਰੀ ਦੇ ਓਐਸਡੀ ਸੁਖਵੀਰ ਸਿੰਘ ਸੁੱਖੀ ਵਿਸ਼ੇਸ਼ ਤੌਰ 'ਤੇ ਪਿੰਡ ਬਟੂਹਾਂ ਵਿਖੇ ਪਹੁੰਚੇ। ਇਸ ਮੌਕੇ ਪਿੰਡ ਵਾਸੀਆਂ ਵੱਲੋਂ ਪਿੰਡ ਪਹੁੰਚਣ ਤੇ ਆਗੂਆਂ ਦਾ ਨਿੱਘਾ ਸਵਾਗਤ ਕੀਤਾ ਗਿਆ। ਮੁੱਖ ਮੰਤਰੀ ਦੇ ਓਐਸਡੀ ਸੁਖਵੀਰ ਸਿੰਘ ਸੁੱਖੀ ਨੇ ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਧੂਰੀ ਹਲਕੇ ਦੇ ਵਿਕਾਸ ਕਾਰਜਾਂ ਨੂੰ ਪਹਿਲ ਦੇ ਆਧਾਰ 'ਤੇ ਚਲਾ ਕੇ ਹਲਕੇ ਦੀ ਨੁਹਾਰ ਬਦਲਣ ਵਿੱਚ ਕੋਈ ਵੀ ਕਮੀ ਨਹੀਂ ਛੱਡੀ ਜਾ ਰਹੀ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਵੱਲੋਂ ਹਲਕੇ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਨੂੰ ਦੇਖਣ ਲਈ ਮੇਰੀ ਡਿਊਟੀ ਲਗਾਈ ਗਈ ਹੈ ਅਸੀਂ ਪਿੰਡ ਪਿੰਡ ਜਾ ਕੇ ਹਲਕੇ ਦੀਆਂ ਪੰਚਾਇਤਾਂ ਨੂੰ ਮਿਲ ਕੇ ਹਰ ਸਮੱਸਿਆ ਨੂੰ ਹੱਲ ਕਰਨ ਵਿੱਚ ਲੱਗੇ ਹੋਏ ਹਾਂ। ਇਸ ਮੌਕੇ ਹਰਜਿੰਦਰ ਸਿੰਘ ਕਾਂਝਲਾ ਮੈਂਬਰ ਜਿਲ੍ਹਾ ਪ੍ਰੀਸ਼ਦ, ਸਰਪੰਚ ਅਮਰੀਕ ਸਿੰਘ ਕਿਲਾ ਹਕੀਮਾਂ, ਸਰਪੰਚ ਮਨਪ੍ਰੀਤ ਸ਼ਰਮਾ ਜਹਾਂਗੀਰ, ਸਰਪੰਚ ਅੰਮ੍ਰਿਤ ਚਹਿਲ ਹਾਜਰ ਸਨ।

### ਘਰੇਲੂ ਬਗੀਚੀ ਰਾਹੀਂ ਤਾਜ਼ੀਆਂ ਤੇ

# ਪਿੰਡ ਭਰੂਰ ਵਿਖੇ ਵਿਸ਼ੇਸ਼ ਪਸਾਰ ਗਤੀਵਿਧੀ ਕਰਵਾਈ ਗਈ




**ਸੰਗਰੂਰ ( ਰਣਜੀਤ ਸਿੰਘ ਪੇਧਨੀ )**-ਪੰਜਾਬ ਖੇਤੀਬਾੜੀ ਯੂਨੀਵਰਸਿਟੀ, ਲੁਧਿਆਣਾ ਦੇ ਨਿਰਦੇਸ਼ਕ ਪਸਾਰ ਸਿੱਖਿਆ ਦੇ ਦਿਸ਼ਾ-ਨਿਰਦੇਸ਼ਾਂ ਹੇਠ ਪੀ.ਏ.ਯੂ.-ਫਾਰਮ ਸਲਾਹਕਾਰ ਸੇਵਾ ਕੇਂਦਰ, ਸੰਗਰੂਰ ਵੱਲੋਂ ਘਰੇਲੂ ਬਗੀਚੀ ਵਿੱਚ ਸਰਦੀ ਰੁੱਤ ਦੀਆਂ ਸਬਜ਼ੀਆਂ ਦੀ ਕਾਸ਼ਤ ਨੂੰ ਉਤਸ਼ਾਹਿਤ ਕਰਨ ਲਈ ਪਿੰਡ ਭਰੂਰ ਵਿਖੇ ਵਿਸ਼ੇਸ਼ ਪਸਾਰ ਗਤੀਵਿਧੀ ਕਰਵਾਈ ਗਈ। ਇਸ ਦੌਰਾਨ ਪਿੰਡ ਵਿੱਚ ਸਰਦੀ ਰੁੱਤ ਦੀਆਂ ਸਬਜ਼ੀਆਂ ਨਾਲ ਸਬੰਧਤ 30 ਪ੍ਰਦਰਸ਼ਨੀਆਂ ਲਗਾਈਆਂ ਗਈਆਂ। ਫਾਰਮ ਸਲਾਹਕਾਰ ਸੇਵਾ ਕੇਂਦਰ, ਸੰਗਰੂਰ ਦੇ ਇੰਚਾਰਜ ਅਤੇ ਸੀਨੀਅਰ ਪਸਾਰ ਵਿਗਿਆਨੀ ਡਾ. ਅਸ਼ੋਕ ਕੁਮਾਰ ਗਰਗ ਨੇ ਕਿਸਾਨਾਂ ਨੂੰ ਸਬਜ਼ੀਆਂ ਦੀ ਚੋਣ, ਬਿਜਾਈ ਦੇ ਢੁਕਵੇਂ ਸਮੇਂ, ਖਾਦਾਂ ਦੀ ਸੁਚੱਜੀ ਵਰਤੋਂ, ਸਿੰਚਾਈ ਅਤੇ ਘਰੇਲੂ ਬਗੀਚੀ ਦੀ ਸੰਭਾਲ ਸਬੰਧੀ ਵਿਹਾਰਕ ਅਤੇ ਵਿਗਿਆਨਕ ਜਾਣਕਾਰੀ ਦਿੱਤੀ। ਡਾ. ਗਰਗ ਨੇ ਕਿਹਾ ਕਿ ਅੱਜ ਦੇ ਸਮੇਂ ਵਿੱਚ ਘਰੇਲੂ ਬਗੀਚੀ ਦੀ ਮਹੱਤਤਾ ਹੋਰ ਵੀ ਵੱਧ ਗਈ ਹੈ। ਘਰ ਦੇ ਆਲੇ-ਦੁਆਲੇ ਥੋੜ੍ਹੀ ਜਿਹੀ ਥਾਂ ਦੀ ਸਹੀ ਵਰਤੋਂ ਕਰਕੇ ਪਰਿਵਾਰ ਦੀ ਰੋਜ਼ਾਨਾ ਲੋੜ ਅਨੁਸਾਰ ਕਈ ਕਿਸਮਾਂ ਦੀਆਂ ਤਾਜ਼ੀਆਂ ਸਬਜ਼ੀਆਂ ਆਸਾਨੀ ਨਾਲ ਪੈਦਾ ਕੀਤੀਆਂ ਜਾ ਸਕਦੀਆਂ ਹਨ। ਉਨ੍ਹਾਂ ਕਿਹਾ ਕਿ ਘਰੇਲੂ ਬਗੀਚੀ ਰਾਹੀਂ ਪਰਿਵਾਰ ਨੂੰ ਤਾਜ਼ੀਆਂ, ਸਾਫ਼-ਸੁਥਰੀਆਂ ਅਤੇ ਪੌਸ਼ਟਿਕ ਸਬਜ਼ੀਆਂ ਲਗਾਤਾਰ ਮਿਲਣ ਦੇ ਨਾਲ-ਨਾਲ ਬਾਜ਼ਾਰ ਤੋਂ ਸਬਜ਼ੀਆਂ ਖਰੀਦਣ 'ਤੇ ਹੋਣ ਵਾਲੇ ਖਰਚੇ ਵਿੱਚ ਵੀ ਕਮੀ ਆ ਸਕਦੀ ਹੈ। ਉਨ੍ਹਾਂ ਦੱਸਿਆ ਕਿ ਖੇਤਾਂ ਵਿੱਚ ਟਿਊਬਵੈੱਲਾਂ ਨੇੜੇ ਜਾਂ ਹੋਰ ਢੁਕਵੀਆਂ ਥਾਵਾਂ 'ਤੇ ਵੀ ਘਰੇਲੂ ਲੋੜ ਅਨੁਸਾਰ ਸਬਜ਼ੀਆਂ ਦੀ ਕਾਸ਼ਤ ਕੀਤੀ ਜਾ ਸਕਦੀ ਹੈ। ਡਾ. ਗਰਗ ਨੇ ਦੱਸਿਆ ਕਿ ਸਤੰਬਰ ਮਹੀਨਾ ਸਰਦੀ ਰੁੱਤ ਦੀਆਂ ਕਈ ਮਹੱਤਵਪੂਰਨ ਸਬਜ਼ੀਆਂ ਦੀ ਬਿਜਾਈ ਲਈ ਢੁਕਵਾਂ ਸਮਾਂ ਹੈ। ਉਨ੍ਹਾਂ ਕਿਸਾਨਾਂ ਨੂੰ ਬਰੋਕਲੀ, ਮਟਰ, ਮੂਲੀ, ਗਾਜਰ, ਸ਼ਲਗਮ ਅਤੇ ਵੱਖ-ਵੱਖ ਪੱਤੇਦਾਰ ਸਬਜ਼ੀਆਂ ਦੀ ਸਮੇਂ ਸਿਰ ਬਿਜਾਈ ਕਰਨ ਦੀ ਸਲਾਹ ਦਿੱਤੀ, ਤਾਂ ਜੋ ਵਧੀਆ ਪੈਦਾਵਾਰ ਲਈ ਅਨੁਕੂਲ ਹਾਲਾਤ ਪੈਦਾ ਕੀਤੇ ਜਾ ਸਕਣ। ਇਸ ਮੌਕੇ ਝੋਨੇ ਵਿੱਚ ਸੰਤੁਲਿਤ ਖੁਰਾਕੀ ਤੱਤਾਂ ਦੇ ਪ੍ਰਬੰਧਨ ਅਤੇ ਫੋਕ ਘਟਾਉਣ ਲਈ ਪੋਟਾਸ਼ੀਅਮ ਨਾਈਟ੍ਰੇਟ ਦੀ ਵਰਤੋਂ ਬਾਰੇ ਵੀ ਕਿਸਾਨਾਂ ਨੂੰ ਜਾਣਕਾਰੀ ਦਿੱਤੀ ਗਈ। ਉਨ੍ਹਾਂ ਦੱਸਿਆ ਕਿ ਝੋਨੇ ਵਿੱਚ ਫੋਕ ਘਟਾਉਣ ਅਤੇ ਦਾਣਿਆਂ ਦੇ ਭਰਨ ਨੂੰ ਸੁਧਾਰਨ ਲਈ ਗੋਭ ਦੇ ਪੜਾਅ 'ਤੇ 1.5 ਫੀਸਦੀ ਪੋਟਾਸ਼ੀਅਮ ਨਾਈਟ੍ਰੇਟ (13:0:45) ਦਾ ਪੱਤਿਆਂ 'ਤੇ ਛਿੜਕਾਅ ਕਰਨ ਦੀ ਸਿਫਾਰਸ਼ ਹੈ। ਇਸ ਲਈ 3 ਕਿਲੋ ਪੋਟਾਸ਼ੀਅਮ ਨਾਈਟ੍ਰੇਟ ਨੂੰ 200 ਲੀਟਰ ਪਾਣੀ ਵਿੱਚ ਘੋਲ ਕੇ ਪ੍ਰਤੀ ਏਕੜ ਛਿੜਕਾਅ ਕੀਤਾ ਜਾ ਸਕਦਾ ਹੈ। ਕਿਸਾਨ ਮੇਲਿਆਂ ਵਿੱਚ ਵੱਧ ਤੋਂ ਵੱਧ ਸ਼ਮੂਲੀਅਤ ਦੀ ਅਪੀਲ ਇਸ ਮੌਕੇ ਡਾ. ਗਰਗ ਨੇ ਕਿਸਾਨਾਂ ਨੂੰ ਸਤੰਬਰ 2026 ਦੌਰਾਨ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਵੱਲੋਂ ਲਗਾਏ ਜਾ ਰਹੇ ਕਿਸਾਨ ਮੇਲਿਆਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਉਨ੍ਹਾਂ ਕਿਸਾਨਾਂ ਨੂੰ ਇਨ੍ਹਾਂ ਮੇਲਿਆਂ ਵਿੱਚ ਵੱਧ ਤੋਂ ਵੱਧ ਗਿਣਤੀ ਵਿੱਚ ਸ਼ਾਮਲ ਹੋ ਕੇ ਖੇਤੀਬਾੜੀ ਦੀਆਂ ਨਵੀਆਂ ਤਕਨੀਕਾਂ, ਸੁਧਰੀਆਂ ਕਿਸਮਾਂ, ਖੇਤੀ ਮਸ਼ੀਨਰੀ ਅਤੇ ਯੂਨੀਵਰਸਿਟੀ ਦੀਆਂ ਨਵੀਨਤਮ ਸਿਫਾਰਸ਼ਾਂ ਬਾਰੇ ਜਾਣਕਾਰੀ ਹਾਸਲ ਕਰਨ ਦੀ ਅਪੀਲ ਕੀਤੀ।

> **ਸਤੰਬਰ ਮਹੀਨਾ ਬਰੋਕਲੀ, ਮਟਰ, ਮੂਲੀ, ਗਾਜਰ, ਸ਼ਲਗਮ ਤੇ ਪੱਤੇਦਾਰ ਸਬਜ਼ੀਆਂ ਦੀ ਬਿਜਾਈ ਲਈ ਢੁਕਵਾਂ ਸਮਾਂ: ਡਾ. ਅਸ਼ੋਕ ਕੁਮਾਰ ਗਰਗ**

ਉਨ੍ਹਾਂ ਕਿਹਾ ਕਿ ਵਿਗਿਆਨਕ ਖੇਤੀ ਦੇ ਨਾਲ-ਨਾਲ ਘਰੇਲੂ ਪੱਧਰ 'ਤੇ ਸਬਜ਼ੀਆਂ ਦੀ ਕਾਸ਼ਤ ਪਰਿਵਾਰਕ ਆਮਦਨ, ਪੋਸ਼ਣ ਅਤੇ ਕੁਦਰਤੀ ਸਰੋਤਾਂ ਦੀ ਸੁਚੱਜੀ ਵਰਤੋਂ ਲਈ ਮਹੱਤਵਪੂਰਨ ਕਦਮ ਹੈ। ਉਨ੍ਹਾਂ ਕਿਸਾਨਾਂ ਨੂੰ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੀਆਂ ਸਿਫਾਰਸ਼ਾਂ ਨੂੰ ਅਪਣਾਉਂਦਿਆਂ ਖੇਤੀ ਵਿੱਚ ਨਵੀਆਂ ਅਤੇ ਵਿਗਿਆਨਕ ਤਕਨੀਕਾਂ ਨੂੰ ਤਰਜੀਹ ਦੇਣ ਲਈ ਪ੍ਰੇਰਿਤ ਕੀਤਾ। ਪ੍ਰਦਰਸ਼ਨੀਆਂ ਦੇ ਸਫ਼ਲ ਆਯੋਜਨ ਵਿੱਚ ਪਿੰਡ ਦੇ ਸ. ਬਲਵਿੰਦਰ ਸਿੰਘ, ਸ. ਗੁਰਪ੍ਰੀਤ ਸਿੰਘ (ਸਰਪੰਚ), ਸ. ਕਰਨੈਲ ਸਿੰਘ (ਨੰਬਰਦਾਰ) ਅਤੇ ਸ. ਗੁਰਦੀਪ ਸਿੰਘ ਨੇ ਵਿਸ਼ੇਸ਼ ਸਹਿਯੋਗ ਦਿੱਤਾ। ਅੰਤ ਵਿੱਚ ਟੀਮ ਵੱਲੋਂ ਸ. ਗੁਰਦੀਪ ਸਿੰਘ ਦੀ ਘਰੇਲੂ ਬਗੀਚੀ ਅਤੇ ਸ. ਬਲਵਿੰਦਰ ਸਿੰਘ ਦੀ ਸਾਉਣੀ ਰੁੱਤ ਦੀ ਮੱਕੀ ਦੀ ਪ੍ਰਦਰਸ਼ਨੀ ਦਾ ਦੌਰਾ ਵੀ ਕੀਤਾ ਗਿਆ।

### ਟੀ.ਬੀ.ਐਸ. ਇੰਟਰਨੈਸ਼ਨਲ ਸਕੂਲ ਵਿਖੇ

# ਸ਼ਰਧਾ ਤੇ ਉਤਸ਼ਾਹ ਨਾਲ ਮਨਾਈ ਜਨਮ ਅਸ਼ਟਮੀ




ਫ਼ਿਰੋਜ਼ਪੁਰ, 03 ਸਤੰਬਰ (ਮਨੋਹਰ ਲਾਲ) :— ਮੋਗਾ ਰੋਡ ਸਥਿਤ ਟੀ.ਬੀ.ਐਸ ਇੰਟਰਨੈਸ਼ਨਲ ਸਕੂਲ ਵਿਖੇ ਭਗਵਾਨ ਸ੍ਰੀ ਕ੍ਰਿਸ਼ਨ ਦੇ ਜਨਮ ਦਿਹਾੜੇ ਜਨਮ ਅਸ਼ਟਮੀ ਦਾ ਤਿਉਹਾਰ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਸਕੂਲ ਦੇ ਚੇਅਰਮੈਨ ਡਾ: ਹੀਰਾਲਾਲ ਸ਼ਰਮਾ, ਵਾਈਸ ਚੇਅਰਮੈਨ ਵਿਭੋਰ ਸ਼ਰਮਾ, ਮੈਨੇਜਿੰਗ ਡਾਇਰੈਕਟਰ ਦੀਪਾਲੀ ਸ਼ਰਮਾ ਅਤੇ ਜਨਰਲ ਸਕੱਤਰ ਸ਼ਿਵਮ ਸ਼ਰਮਾ ਦੀ ਦੇਖ—ਰੇਖ ਹੇਠ ਕਰਵਾਏ ਗਏ ਸਮਾਗਮ ਦੌਰਾਨ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲਿਆ। ਇਸ ਮੌਕੇ ਵਿਸ਼ੇਸ਼ ਸਭਾ ਕਰਵਾਈ ਗਈ ਅਤੇ ਸਮਾਗਮ ਦੀ ਸ਼ੁਰੂਆਤ ਵਿਦਿਆਰਥੀਆਂ ਵੱਲੋਂ ਭਗਵਾਨ ਸ੍ਰੀ ਕ੍ਰਿਸ਼ਨ ਦੀ ਸਿਫ਼ਤ ਵਿਚ ਪੇਸ਼ ਕੀਤੇ ਭਾਵਪੂਰਨ ਭਜਨਾਂ ਨਾਲ ਕੀਤੀ ਗਈ। ਇਸ ਉਪਰੰਤ ਵਿਦਿਆਰਥੀਆਂ ਨੇ ਭਗਵਾਨ ਸ੍ਰੀ ਕ੍ਰਿਸ਼ਨ ਦੇ ਜੀਵਨ ਅਤੇ ਉਨ੍ਹਾਂ ਦੀਆਂ ਸਿੱਖਿਆਵਾਂ ਸਬੰਧੀ ਭਾਸ਼ਣ ਪੇਸ਼ ਕਰਦਿਆਂ ਜਨਮ ਅਸ਼ਟਮੀ ਦੇ ਮਹੱਤਵ ਬਾਰੇ ਚਾਨਣਾ ਪਾਇਆ। ਸਮਾਗਮ ਦਾ ਮੁੱਖ ਆਕਰਸ਼ਣ ਫਾਊਂਡੇਸ਼ਨ ਪੱਧਰ ਦੇ ਨੰਨ੍ਹੇ—ਮੁੰਨੇ ਬੱਚੇ ਰਹੇ, ਜੋ ਰਾਧਾ ਅਤੇ ਸ੍ਰੀ ਕ੍ਰਿਸ਼ਨ ਦੀ ਮਨਮੋਹਕ ਵੇਸ਼ਭੂਸ਼ਾ ਵਿਚ ਸਜੇ ਹੋਏ ਸਕੂਲ ਪਹੁੰਚੇ। ਬੱਚਿਆਂ ਦੀਆਂ ਮਨਮੋਹਕ ਪੁਸ਼ਾਕਾਂ ਅਤੇ ਮਾਸੂਮ ਮੁਸਕਾਨਾਂ ਨੇ ਹਰੇਕ ਦਾ ਮਨ ਮੋਹ ਲਿਆ ਅਤੇ ਸਮਾਗਮ ਦੀ ਖੁਸ਼ੀ ਨੂੰ ਹੋਰ ਵਧਾ ਦਿੱਤਾ। ਇਸ ਮੌਕੇ ਮੈਨੇਜਿੰਗ ਡਾਇਰੈਕਟਰ ਦੀਪਾਲੀ ਸ਼ਰਮਾ ਨੇ ਕਿਹਾ ਕਿ ਜਨਮ ਅਸ਼ਟਮੀ ਕੇਵਲ ਧਾਰਮਿਕ ਤਿਉਹਾਰ ਹੀ ਨਹੀਂ, ਸਗੋਂ ਭਗਵਾਨ ਸ੍ਰੀ ਕ੍ਰਿਸ਼ਨ ਵੱਲੋਂ ਦਿੱਤੇ ਪਿਆਰ, ਸੱਚ, ਕਰਮ ਅਤੇ ਨੇਕੀ ਦੇ ਸੰਦੇਸ਼ ਨੂੰ ਆਪਣੇ ਜੀਵਨ ਵਿਚ ਅਪਣਾਉਣ ਦਾ ਮੌਕਾ ਵੀ ਹੈ। ਅਜਿਹੇ ਸਮਾਗਮਾਂ ਰਾਹੀਂ ਬੱਚਿਆਂ ਨੂੰ ਆਪਣੀ ਅਮੀਰ ਭਾਰਤੀ ਸੰਸਕ੍ਰਿਤੀ ਤੇ ਪਰੰਪਰਾਵਾਂ ਨਾਲ ਜੋੜਨ ਦਾ ਯਤਨ ਕੀਤਾ ਜਾਂਦਾ ਹੈ। ਉਨ੍ਹਾਂ ਵਿਦਿਆਰਥੀਆਂ ਅਤੇ ਮਾਪਿਆਂ ਨੂੰ ਜਨਮ ਅਸ਼ਟਮੀ ਦੀ ਵਧਾਈ ਦਿੱਤੀ। ਸਮਾਗਮ ਦੇ ਅੰਤ ਵਿਚ ਵਿਦਿਆਰਥੀਆਂ ਨੂੰ ਭਗਵਾਨ ਸ੍ਰੀ ਕ੍ਰਿਸ਼ਨ ਵੱਲੋਂ ਦਿੱਤੇ ਪਿਆਰ, ਸੱਚ ਅਤੇ ਨੇਕੀ ਦੇ ਸੰਦੇਸ਼ ਨੂੰ ਆਪਣੇ ਜੀਵਨ ਵਿਚ ਅਪਣਾਉਣ ਲਈ ਪ੍ਰੇਰਿਤ ਕੀਤਾ ਗਿਆ।

## ਸਿੰਘ ਸਾਹਿਬ ਜਥੇਦਾਰ ਬਾਬਾ ਜੀ ਬਾਬਾ ਮੇਜਰ ਸਿੰਘ ਸੋਢੀ ਜੀ ਦੀ ਅਗਵਾਈ 'ਚ ਸੰਗਤਾਂ 5 ਸਤੰਬਰ ਦਿਨ ਸ਼ਨੀਵਾਰ ਨੂੰ ਸ੍ਰੀ ਅਨੰਦਪੁਰ ਸਾਹਿਬ ਵਿਖੇ ਹੋਣ ਵਾਲੇ ਸਮਾਗਮਾਂ 'ਚ ਹੋਣਗੀਆਂ ਸ਼ਾਮਿਲ - ਚੇਅਰਮੈਨ ਸਤਨਾਮ ਸਿੰਘ ਨਾਹਰ ਚੰਨਣਕੇ



**ਚੌਕ ਮਹਿਤਾ,3 ਸਤੰਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ)**- ਰੰਗਰੇਟੇ ਗੁਰੂ ਕੇ ਬੇਟੇ ਸ਼੍ਰੋਮਣੀ ਜਰਨੈਲ ਅਮਰ ਸ਼ਹੀਦ ਬਾਬਾ ਜੀਵਨ ਸਿੰਘ ਜੀ ਦੇ ਮਨਾਏ ਜਾ ਰਹੇ 365ਵੇਂ ਜਨਮ ਦਿਹਾੜੇ ਮੌਕੇ ਸ਼੍ਰੋਮਣੀ ਕਮੇਟੀ ਵਲੋਂ ਅਤੇ ਸਮੂਹ ਨਿਹੰਗ ਜਥੇਬੰਦੀਆਂ ਤੇ ਸੰਗਤਾਂ ਦੇ ਸਹਿਯੋਗ ਨਾਲ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਸ੍ਰੀ ਅਨੰਦਪੁਰ ਸਾਹਿਬ ਵਿਖੇ 5 ਸਤੰਬਰ ਨੂੰ ਹੋਣ ਵਾਲੇ ਸਮਾਗਮਾਂ ਵਿਚ ਦਸਮੇਸ਼ ਤਰਨਾ ਦਲ ਦੇ ਮੁਖੀ ਸਿੰਘ ਸਾਹਿਬ ਜਥੇਦਾਰ ਬਾਬਾ ਜੀ ਬਾਬਾ ਮੇਜਰ ਸਿੰਘ ਜੀ ਸੋਢੀ ਦੀ ਅਗਵਾਈ ਹੇਠ ਸੰਗਤਾਂ ਵੱਡੀ ਗਿਣਤੀ ਵਿਚ ਸ਼ਾਮਿਲ ਹੋਣਗੀਆਂ ਅਤੇ ਇਨ੍ਹਾਂ ਸਮਾਗਮਾਂ ਸੰਬੰਧੀ ਸੰਗਤਾਂ ਵਿਚ ਭਾਰੀ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਚੇਅਰਮੈਨ ਸਤਨਾਮ ਸਿੰਘ ਨਾਹਰ ਚੰਨਣਕੇ ਵਾਲਿਆਂ ਵਲੋਂ 5 ਸਤੰਬਰ ਦੇ ਸਮਾਗਮਾਂ ਸੰਬੰਧੀ ਗੱਲਬਾਤ ਕਰਦਿਆਂ ਕੀਤਾ। ਦਸ਼ਮੇਸ਼ ਤਰਨਾ ਦਲ 5 ਸਤੰਬਰ ਨੂੰ ਹੋਣ ਵਾਲੇ ਸਮਾਗਮਾਂ ਵਿਚ ਨਿਹੰਗ ਸਿੰਘ ਫੌਜਾਂ ਸਮੇਤ ਵੱਡੀ ਗਿਣਤੀ 'ਚ ਸੰਗਤਾਂ ਦਾ ਇਕ ਵੱਡਾ ਕਾਫਲਾ 5 ਸਤੰਬਰ ਨੂੰ ਗੋਲਡਨ ਗੇਟ ਸ੍ਰੀ ਅੰਮ੍ਰਿਤਸਰ ਸਾਹਿਬ ਤੋਂ ਸਵੇਰੇ 08:00 ਵਜੇ ਨਾਲ ਸਿੰਘ ਸਾਹਿਬ ਜਥੇਦਾਰ ਬਾਬਾ ਜੀ ਬਾਬਾ ਮੇਜਰ ਸਿੰਘ ਜੀ ਸੋਢੀ ਜੀ ਦੀ ਅਗਵਾਈ ਹੇਠ ਇਨ੍ਹਾਂ ਸਮਾਗਮਾਂ ਵਿਚ ਸ਼ਾਮਿਲ ਹੋਣ ਲਈ ਸ੍ਰੀ ਅਨੰਦਪੁਰ ਸਾਹਿਬ ਲਈ ਰਵਾਨਾ ਹੋਵੇਗਾ ਚੇਅਰਮੈਨ ਸਤਨਾਮ ਸਿੰਘ ਨਾਹਰ ਚੰਨਣਕੇ।

## ਵਣਪਾਲ ਬਿਸਤ ਸਰਕਲ ਜਲੰਧਰ ਹਰਜਿੰਦਰ ਸਿੰਘ ਦੀ ਹੋਈ ਸੇਵਾਮੁਕਤੀ





ਫ਼ਿਰੋਜ਼ਪੁਰ, 03 ਸਤੰਬਰ (ਮਨੋਹਰ ਲਾਲ) :— ਸ਼੍ਰੀ ਹਰਜਿੰਦਰ ਸਿੰਘ ਆਈ.ਐਫ.ਐਸ ਵਣ ਪਾਲ ਬਿਸਤ ਸਰਕਲ ਜਲੰਧਰ ਅਪਣੀ 36ਸਾਲ ਦੀ ਸ਼ਾਨਦਾਰ ਸੇਵਾ ਉਪਰੰਤ 31ਅਗਸਤ 2026 ਨੂੰ ਸੇਵਾ ਮੁਕਤ ਹੋ ਗਏ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਮੁਹਿੰਦਰ ਸਿੰਘ ਧਾਲੀਵਾਲ ਜਨਰਲ ਸਕੱਤਰ ਪੰਜਾਬ ਫੋਰੈਸਟ ਪੈਨਸ਼ਨਰਜ ਐਸੋਸੀਏਸ਼ਨ ਨੇ ਦੱਸਿਆ ਕਿ ਉਨ੍ਹਾਂ ਦੀ ਸੇਵਾ ਮੁਕਤੀ ਦਾ ਸ਼ਾਨਦਾਰ ਸਮਾਗਮ ਜਲ਼ੰਧਰ ਵਿਖੇ ਕੀਤਾ ਗਿਆ। ਇਸ ਮੌਕੇ ਸ਼੍ਰੀ ਹਰਜਿੰਦਰ ਸਿੰਘ ਵਣ ਪਾਲ ਦੇ ਮਾਤਾ ਜੀ, ਪਰਿਵਾਰਕ ਮੈਂਬਰ, ਰਿਸ਼ਤੇਦਾਰ ਅਤੇ ਸੱਜਣ—ਮਿੱਤਰ ਅਤੇ ਵਣ ਵਿਭਾਗ ਦੇ ਉੱਚ ਅਧਿਕਾਰੀ ਸਾਹਿਬਾਨ, ਦਫ਼ਤਰੀ ਅਮਲਾ, ਵਣ ਕਰਮਚਾਰੀ ਅਤੇ ਪੰਜਾਬ ਫੋਰੈਸਟ ਪੈਨਸ਼ਨਰਜ ਐਸੋਸੀਏਸ਼ਨ ਦੇ ਨੁਮਾਇੰਦੇ ਵੱਡੀ ਗਿਣਤੀ ਵਿੱਚ ਸ਼ਾਮਿਲ ਹੋਏ। ਵੱਖ—ਵੱਖ ਬੁਲਾਰਿਆਂ ਨੇ ਸ਼੍ਰੀ ਹਰਜਿੰਦਰ ਸਿੰਘ ਵਣ ਪਾਲ ਦੀ ਜੀਵਨੀ ਵਿਭਾਗੀ ਕਾਰਜਕੁਸ਼ਲਤਾ, ਸਮਾਜਿਕ ਵਰਤਾਰੇ ਤੇ ਧਾਰਮਿਕ ਬਿਰਤੀ ਬਾਰੇ ਵਿਸਥਾਰ ਸਹਿਤ ਚਾਨਣਾ ਪਾਇਆ। ਸ਼੍ਰੀ ਹਰਜਿੰਦਰ ਸਿੰਘ ਸਾਲ 1990 ਵਿੱਚ ਬਤੌਰ ਵਣ ਰੇਂਜ ਅਫ਼ਸਰ ਵਣ ਵਿਭਾਗ ਵਿੱਚ ਭਰਤੀ ਹੋਏ, ਅਪਣੀ ਮੇਹਨਤ, ਲਗਨ ਅਤੇ ਇਮਾਨਦਾਰੀ ਨਾਲ ਤਰੱਕੀ ਕਰਦੇ ਵਣ ਪਾਲ ਦੇ ਸਤਿਕਾਰਯੋਗ ਅਹੁਦੇ ਤੋਂ ਬੇਦਾਗ ਸਫ਼ਲਤਾਪੂਰਨ ਸੇਵਾ ਮੁਕਤ ਹੋਏ। ਇਨ੍ਹਾਂ ਦੇ ਪਰਿਵਾਰਕ ਮੈਂਬਰ ਉੱਚ ਸਿੱਖਿਆ ਹਾਸਲ ਕਰਕੇ ਖੁਸ਼ਹਾਲ ਜੀਵਨ ਬਤੀਤ ਕਰ ਰਹੇ ਹਨ ਅਤੇ ਇਨ੍ਹਾਂ ਦੇ ਸ਼ਾਂਤ ਸੁਭਾਅ ਅਤੇ ਧਾਰਮਿਕ ਬਿਰਤੀ ਦੇ ਸਭ ਕਾਇਲ ਸਨ। ਇਸ ਮੌਕੇ ਦਫ਼ਤਰੀ ਅਮਲਾ, ਰਿਸ਼ਤੇਦਾਰ, ਉੱਚ ਅਧਿਕਾਰੀਆਂ ਤੇ ਪੰਜਾਬ ਫੋਰੈਸਟ ਪੈਨਸ਼ਨਰਜ ਐਸੋਸੀਏਸ਼ਨ ਵੱਲੋਂ ਉਨ੍ਹਾਂ ਨੂੰ ਕੀਮਤੀ ਤੋਹਫ਼ੇ ਭੇਂਟ ਕੀਤੇ ਗਏ। ਸ਼੍ਰੀ ਹਰਜਿੰਦਰ ਸਿੰਘ ਵਣ ਪਾਲ ਨੇ ਅਪਣੀ ਸੇਵਾ ਮੁਕਤੀ ਸਮੇਂ ਦਫ਼ਤਰੀ ਅਮਲੇ ਦੇ ਸਮੂਹ ਕਰਮਚਾਰੀਆਂ ਨੂੰ ਕੀਮਤੀ ਤੋਹਫ਼ੇ ਭੇਂਟ ਕੀਤੇ। ਇਸ ਮੌਕੇ ਸਤਿੰਦਰ ਕੁਮਾਰ ਮੁੱਖ ਵਣ ਪਾਲ, ਸਤਨਾਮ ਸਿੰਘ ਮੁੱਖ ਵਣ ਪਾਲ, ਗੁਰੂ ਅਮਨਦੀਪ ਸਿੰਘ, ਅੰਜਨ ਸਿੰਘ, ਰਾਜੇਸ਼ ਮਹਾਜਨ, ਧਰਮਵੀਰ ਸਾਰੇ ਵਣ ਮੰਡਲ ਅਫ਼ਸਰ, ਕੇ.ਡੀ ਕਲੇਰ ਸਾਬਕਾ ਵਣ ਮੰਡਲ ਅਫ਼ਸਰ, ਦਰਸ਼ਨ ਸਿੰਘ, ਸਾਧੂ ਰਾਮ ਵਣ ਰੇਂਜ ਅਫ਼ਸਰ, ਮੋਹਿੰਦਰ ਸਿੰਘ ਧਾਲੀਵਾਲ ਜਨਰਲ ਸਕੱਤਰ ਪੰਜਾਬ ਫੋਰੈਸਟ ਪੈਨਸ਼ਨਰਜ, ਜਗਰੂਪ ਸਿੰਘ ਪ੍ਰਬੰਧਕੀ ਅਫ਼ਸਰ ਬਿਸਤ ਸਰਕਲ ਜਲੰਧਰ ਆਦਿ ਨੇ ਸੰਬੋਧਨ ਕੀਤਾ ਅਤੇ ਪਰਿਵਾਰ ਨੂੰ ਵਧਾਈ ਦਿੱਤੀ। ਸਟੇਜ ਸੈਕਟਰੀ ਦੀ ਭੂਮਿਕਾ ਰਾਮੇਸ਼ ਕੁਮਾਰ ਸਾਬਕਾ ਸੁਪਰਡੈਂਟ ਦਫਤਰ ਵਣ ਪਾਲ ਬਿਸਤ ਸਰਕਲ ਜਲੰਧਰ ਨੇ ਬਾਖੂਬੀ ਨਿਭਾਈ ਅਤੇ ਕਿਹਾ ਕਿ ਅੱਜ ਵਾਤਾਵਰਨ ਨੂੰ ਬਚਾਉਣ ਦੀ ਬਹੁਤ ਜਰੂਰਤ ਹੈ।

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243
AWAZE QAUM International Newspaper & WEB TV

### ਮਿਸਲ ਸਤਲੁਜ ਦੀਆਂ ਪੰਜਾਬ ਪ੍ਰਸਤ ਨੀਤੀਆਂ ਕਾਰਨ ਨੌਜਵਾਨਾਂ ਦੀ ਪਹਿਲੀ ਪਸੰਦ ਬਣ ਰਹੀ

# ਨੌਜਵਾਨ ਲੀਡਰਸ਼ਿਪ ਹੀ ਪੰਜਾਬ ਦਾ ਭਵਿੱਖ—ਦਵਿੰਦਰ ਸਿੰਘ ਸੇਖੋਂ



ਫ਼ਿਰੋਜ਼ਪੁਰ, 03 ਸਤੰਬਰ (ਮਨੋਹਰ ਲਾਲ) :— ਅੱਜ ਦੇ ਸਿਆਸੀ ਦੌਰ ਵਿੱਚ ਜਿਥੇ ਸਿਆਸਤ ਵੱਡੇ ਪੱਧਰ 'ਤੇ ਨਿੱਜੀ ਹਿੱਤਾਂ ਅਤੇ ਪਰਿਵਾਰਵਾਦ ਤੱਕ ਸੀਮਤ ਹੁੰਦੀ ਜਾ ਰਹੀ ਹੈ, ਉਥੇ ਮਿਸਲ ਸਤਲੁਜ ਪੰਜਾਬ ਦੇ ਹੱਕਾਂ, ਪੰਜਾਬੀਆਂ ਦੀ ਆਰਥਿਕਤਾ, ਸੱਭਿਆਚਾਰਕ ਹੋਂਦ ਅਤੇ ਭਵਿੱਖ ਨਾਲ ਜੁੜੇ ਮੁੱਦਿਆਂ ਨੂੰ ਲੈ ਕੇ ਸਿਆਸੀ ਸੰਘਰਸ਼ ਕਰ ਰਹੀ ਹੈ। ਮਿਸਲ ਸਤਲੁਜ ਅਨੰਦਪੁਰ ਸਾਹਿਬ ਦੇ ਮਤੇ ਤੋਂ ਸੇਧ ਲੈਂਦਿਆਂ ਪੰਜਾਬ ਦੇ ਹੱਕਾਂ ਦੀ ਆਵਾਜ਼ ਬੁਲੰਦ ਕਰ ਰਹੀ ਹੈ। ਇਹ ਵਿਚਾਰ ਮਿਸਲ ਸਤਲੁਜ ਦੇ ਜਨਰਲ ਸਕੱਤਰ ਮਾਨ ਸਿੰਘ ਕਿਲੀ ਨੇ ਨੌਜਵਾਨਾਂ ਨੂੰ ਮਿਸਲ ਸਤਲੁਜ ਦੀਆਂ ਨੀਤੀਆਂ ਅਤੇ ਵਿਚਾਰਧਾਰਾ ਤੋਂ ਜਾਣੂ ਕਰਵਾਉਂਦਿਆਂ ਪ੍ਰਗਟ ਕੀਤੇ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਐਡਵੋਕੇਟ ਕੁਲਵਿੰਦਰ ਕੌਰ ਵੱਲੋਂ ਨੌਜਵਾਨਾਂ ਨੂੰ ਮਿਸਲ ਸਤਲੁਜ ਵਿੱਚ ਸ਼ਾਮਲ ਕਰਵਾਇਆ ਗਿਆ। ਇਸ ਮੌਕੇ ਐਡਵੋਕੇਟ ਮਨਪ੍ਰੀਤ ਕੌਰ, ਐਡਵੋਕੇਟ ਕੋਨਿਕਾ ਯਾਦਵ, ਨਿਰਮਲ ਸਿੰਘ, ਗੁਣਬੀਰ ਸਿੰਘ, ਮਹਿਕਪ੍ਰੀਤ ਸਿੰਘ, ਰੋਜ਼ੀ ਗਿੱਲ, ਰਣਜੀਤ ਸਿੰਘ ਬੈਰਕਾਂ, ਮਨਪ੍ਰੀਤ ਸਿੰਘ ਕਲਸੀ ਅਤੇ ਗੁਰਜੀਤ ਸਿੰਘ ਬਾਠ ਨੇ ਮਿਸਲ ਸਤਲੁਜ ਵਿੱਚ ਸ਼ਾਮਲ ਹੋ ਕੇ ਪੰਜਾਬ ਦੇ ਹੱਕਾਂ ਅਤੇ ਪੰਜਾਬ ਪ੍ਰਸਤ ਨੀਤੀਆਂ ਲਈ ਕੰਮ ਕਰਨ ਦਾ ਸੰਕਲਪ ਲਿਆ। ਇਸ ਮੌਕੇ ਦਵਿੰਦਰ ਸਿੰਘ ਸੇਖੋਂ ਵਿਸ਼ੇਸ਼ ਤੌਰ 'ਤੇ ਪਹੁੰਚੇ। ਉਨ੍ਹਾਂ ਕਿਹਾ ਕਿ ਮਿਸਲ ਸਤਲੁਜ ਦੇ ਪ੍ਰਧਾਨ ਅਜੇਪਾਲ ਸਿੰਘ ਬਰਾੜ ਦਾ ਮੁੱਖ ਟੀਚਾ ਪੰਜਾਬ ਵਿੱਚ ਇੱਕ ਨਵੀਂ ਅਤੇ ਸਮਰੱਥ ਨੌਜਵਾਨ ਲੀਡਰਸ਼ਿਪ ਖੜ੍ਹੀ ਕਰਨਾ ਹੈ, ਜੋ ਪੰਜਾਬ ਨੂੰ ਮੌਜੂਦਾ ਸਿਆਸੀ ਕੰਗਾਲੀ ਵਿੱਚੋਂ ਬਾਹਰ ਕੱਢਣ ਲਈ ਸੁਹਿਰਦਤਾ ਅਤੇ ਦੂਰਅੰਦੇਸ਼ੀ ਨਾਲ ਕੰਮ ਕਰ ਸਕੇ। ਗੱਲਬਾਤ ਕਰਦਿਆਂ ਸੇਖੋਂ ਨੇ ਕਿਹਾ ਕਿ ਪੰਜਾਬ ਦੀ ਨੌਜਵਾਨੀ ਨੂੰ ਰਵਾਇਤੀ ਸਿਆਸਤ ਤੋਂ ਉੱਪਰ ਉੱਠ ਕੇ ਆਪਣੀ ਧਰਤੀ, ਪਾਣੀਆਂ, ਆਰਥਿਕਤਾ ਅਤੇ ਸੱਭਿਆਚਾਰਕ ਪਛਾਣ ਨਾਲ ਜੁੜੇ ਮੁੱਦਿਆਂ ਲਈ ਆਵਾਜ਼ ਬੁਲੰਦ ਕਰਨੀ ਚਾਹੀਦੀ ਹੈ। ਪੰਜਾਬ ਦੇ ਭਵਿੱਖ ਨੂੰ ਮਜ਼ਬੂਤ ਕਰਨ ਲਈ ਨੌਜਵਾਨਾਂ ਦੀ ਸਰਗਰਮ ਸਿਆਸੀ ਭੂਮਿਕਾ ਸਮੇਂ ਦੀ ਮੁੱਖ ਲੋੜ ਹੈ। ਉਨ੍ਹਾਂ ਨਵੇਂ ਸ਼ਾਮਲ ਹੋਏ ਸਾਥੀਆਂ ਨੂੰ ਜੀ ਆਇਆਂ ਆਖਦਿਆਂ ਕਿਹਾ ਕਿ ਮਿਸਲ ਸਤਲੁਜ ਦੇ ਦਰਵਾਜ਼ੇ ਪੰਜਾਬ ਦੇ ਹੱਕਾਂ ਲਈ ਕੰਮ ਕਰਨ ਦੀ ਇੱਛਾ ਰੱਖਣ ਵਾਲੇ ਹਰ ਨੌਜਵਾਨ ਲਈ ਖੁੱਲ੍ਹੇ ਹਨ। ਉਨ੍ਹਾਂ ਨੌਜਵਾਨਾਂ ਨੂੰ ਵੱਧ ਤੋਂ ਵੱਧ ਗਿਣਤੀ ਵਿੱਚ ਮਿਸਲ ਸਤਲੁਜ ਨਾਲ ਜੁੜਨ ਅਤੇ ਪੰਜਾਬ ਦੀ ਨਵੀਂ ਸਿਆਸੀ ਲੀਡਰਸ਼ਿਪ ਦਾ ਹਿੱਸਾ ਬਣਨ ਦਾ ਸੱਦਾ ਦਿੱਤਾ। ਇਸ ਮੌਕੇ ਤੇ ਗੁਰਪ੍ਰੇਮ ਸਿੰਘ ਪਤਲੀ, ਕਿਰਨਦੀਪ ਸਿੰਘ ਦੀਪ ਪੱਲਾ, ਸੁਖਬੀਰ ਸਿੰਘ, ਕਰਮਪਾਲ ਸਿੰਘ ਬੈਰਕਾਂ, ਸਿਮਰਤਪਾਲ ਸਿੰਘ, ਦਵਿੰਦਰ ਸਿੰਘ ਆਦਿ ਹਾਜ਼ਰ ਰਹੇ।

### ਆਸ਼ਾ ਵਰਕਰ ਯੂਨੀਅਨ ਵੱਲੋਂ

# ਤਿੰਨ ਮਹੀਨਿਆਂ ਤੋਂ ਰੁਕੀਆਂ ਤਨਖਾਹਾਂ ਜਾਰੀ ਕਰਨ ਦੀ ਮੰਗ




**ਤਲਵਾੜਾ/ਹੁਸ਼ਿਆਰਪੁਰ, 2 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਆਸ਼ਾ ਵਰਕਰ ਅਤੇ ਫੈਸਿਲੀਟੇਟਰ ਯੂਨੀਅਨ ਦੀ ਸਥਾਨਕ ਇਕਾਈ ਨੇ ਆਪਣੀਆਂ ਮੰਗਾਂ ਨੂੰ ਲੈ ਕੇ ਰੋਸ ਮੁਜ਼ਾਹਰਾ ਕੀਤਾ। ਇਕਾਈ ਪ੍ਰਧਾਨ ਸੁਸ਼ਮਾ ਦੇਵੀ ਦੀ ਅਗਵਾਈ ਹੇਠ ਕੀਤੇ ਮੁਜ਼ਾਹਰੇ 'ਚ ਬਲਾਕ ਤਲਵਾੜਾ ਦੀਆਂ ਆਸ਼ਾ ਵਰਕਰਾਂ ਅਤੇ ਫੈਸਿਲੀਟੇਟਰ ਸ਼ਾਮਲ ਹੋਏ। ਇਸ ਮੌਕੇ ਆਸ਼ਾ ਵਰਕਰ ਸੁਮਨ ਬਾਲਾ, ਅਰੁਣਾ ਠਾਕੁਰ, ਸੰਯੋਗਿਤਾ ਦੇਵੀ, ਸੁਰਜੀਤ ਕੌਰ, ਸ਼ਸ਼ੀ ਬਾਲਾ ਆਦਿ ਨੇ ਦਸਿਆ ਕਿ ਉਨ੍ਹਾਂ ਪਿਛਲੇ ਤਿੰਨ ਮਹੀਨਿਆਂ ਤੋਂ ਤਨਖਾਹਾਂ ਨਹੀਂ ਦਿੱਤੀਆਂ ਗਈਆਂ। ਮੌਜੂਦਾ ਸਰਕਾਰ ਨੇ 2022 ਦੀਆਂ ਚੋਣਾਂ ਦੌਰਾਨ ਮਾਣ ਭੱਤੇ 'ਤੇ ਕੰਮ ਕਰਦੇ ਮੁਲਾਜ਼ਮਾਂ ਦੀਆਂ ਉਜਰਤਾਂ 'ਚ ਵਾਧਾ ਕਰਨ ਅਤੇ ਘੱਟੋ ਘੱਟ ਉਜਰਤ ਦੇ ਘੇਰੇ 'ਚ ਲਿਆਉਣ ਦਾ ਵਾਅਦਾ ਕੀਤਾ ਸੀ। ਪਰ ਅਜੇ ਤੱਕ ਸਰਕਾਰ ਵਰਕਰਾਂ ਨਾਲ ਕੀਤਾ ਇੱਕ ਵੀ ਵਾਅਦਾ ਪੂਰਾ ਨਹੀਂ ਕਰ ਸਕੀ, ਉਲਟਾ ਪਹਿਲਾਂ ਮਿਲਦਾ ਮਾਮੂਲੀ ਮਾਣ ਭੱਤਾ ਵੀ ਸਮੇਂ ਸਿਰ ਨਹੀਂ ਦੇ ਰਹੀ। ਜਿਸ ਨਾਲ ਵਰਕਰਾਂ ਆਰਥਿਕ ਮੁਸ਼ਕਲਾਂ ਦਾ ਸਾਹਮਣਾ ਕਰ ਰਹੀਆਂ ਹਨ।

**ਘੱਟੋ ਘੱਟ ਉਜਰਤ ਦੇ ਘੇਰੇ 'ਚ ਲਿਆਉਣ ਅਤੇ ਹੋਰ ਮੰਗਾਂ ਦੀ ਪ੍ਰਾਪਤੀ ਲਈ ਨਾਅਰੇਬਾਜੀ ਕੀਤੀ**

ਬੁਲਾਰਿਆਂ ਨੇ ਸਰਕਾਰ ਤੋਂ ਰੋਕੀਆਂ ਤਨਖਾਹਾਂ ਤੁਰੰਤ ਜਾਰੀ ਕਰਨ ਦੀ ਮੰਗ ਕੀਤੀ, ਉੱਥੇ ਹੀ ਉਨ੍ਹਾਂ 'ਤੇ ਘੱਟੋ ਘੱਟ ਤਨਖਾਹ ਦਾ ਨਿਯਮ ਲਾਗੂ ਕਰਨ ਦੀ ਮੰਗ ਕੀਤੀ। ਹਾਜ਼ਰ ਵਰਕਰਾਂ ਨੇ ਮੁਲਾਜ਼ਮ ਤੇ ਪੈਨਸ਼ਨਰ ਸਾਂਝਾ ਫਰੰਟ ਵੱਲੋਂ ਕੀਤੇ ਜਾ ਰਹੇ ਸੰਘਰਸ਼ ਦਾ ਸਮਰਥਨ ਕੀਤਾ, ਆਉਣ ਵਾਲੇ ਸਮੇਂ 'ਚ ਆਪਣੀਆਂ ਮੰਗਾਂ ਨੂੰ ਲੈ ਕੇ ਸਾਂਝਾ ਫਰੰਟ ਦੇ ਸੰਘਰਸ਼ਾਂ 'ਚ ਵਧ ਚੜ੍ਹ ਦੇ ਹਿੱਸਾ ਪਾਉਣ ਦਾ ਐਲਾਨ ਕੀਤਾ। ਆਸ਼ਾ ਵਰਕਰਾਂ ਅਤੇ ਫੈਸਿਲੀਟੇਟਰ ਯੂਨੀਅਨ ਨੇ ਆਪਣੀਆਂ ਹੱਕੀ ਤੇ ਜਾਇਜ਼ ਮੰਗਾਂ ਦੀ ਪ੍ਰਾਪਤੀ ਤੱਕ ਸੰਘਰਸ਼ ਨੂੰ ਮੱਘਦਾ ਰੱਖਣ ਦਾ ਅਹਿਦ ਲਿਆ। ਇਸ ਮੌਕੇ ਵਰਕਰਾਂ ਨੇ ਪੰਜਾਬ ਸਰਕਾਰ ਖ਼ਿਲਾਫ਼ ਨਾਅਰੇਬਾਜੀ ਕਰਦਿਆਂ ਆਪਣੀਆਂ ਮੰਗਾਂ ਪੂਰੀਆਂ ਕਰਨ ਦੀ ਮੰਗ ਕੀਤੀ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਸੰਤ ਕਰਤਾਰ ਸਿੰਘ ਜੀ ਖ਼ਾਲਸਾ ਅਕੈਡਮੀ ਵਿਖੇ 'ਅੰਮ੍ਰਿਤ ਦੀ ਮਹਾਨਤਾ' ਵਿਸ਼ੇ ਉਪਰ ਸੈਮੀਨਾਰ ਕਰਵਾਇਆ ਗਿਆ






ਫ਼ਿਰੋਜ਼ਪੁਰ, 03 ਸਤੰਬਰ (ਮਨੋਹਰ ਲਾਲ) :— ਸੰਤ ਗਿਆਨੀ ਹਰਨਾਮ ਸਿੰਘ ਜੀ ਖ਼ਾਲਸਾ ਭਿੰਡਰਾਂ ਵਾਲੇ ਮੌਜੂਦਾ ਮੁਖੀ ਦਮਦਮੀ ਟਕਸਾਲ ਅਤੇ ਪ੍ਰਧਾਨ ਸੰਤ ਸਮਾਜ ਜੀ ਦੀ ਸਰਪ੍ਰਸਤੀ ਹੇਠ ਚੱਲ ਰਹੇ ਬਹੁਤ ਸਾਰੇ ਅਦਾਰਿਆਂ ਵਿਚੋਂ ਇਕ ਅਦਾਰਾ ਸੰਤ ਕਰਤਾਰ ਸਿੰਘ ਜੀ ਖ਼ਾਲਸਾ ਮੈਮੋਰੀਅਲ ਸੀਨੀਅਰ ਸੈਕੰਡਰੀ ਸਕੂਲ ਬੁਰਜ ਮੱਖਣ ਸਿੰਘ ਫ਼ਿਰੋਜ਼ਪੁਰ ਵਿਖੇ ਅੰਮ੍ਰਿਤ ਛਕਣ ਦੀ ਮਹਾਨਤਾ ਉਪਰ ਸੈਮੀਨਾਰ ਕਰਵਾਇਆ ਗਿਆ। ਸੈਮੀਨਾਰ ਦੇ ਮੁੱਖ ਬੁਲਾਰੇ ਸਤਨਾਮ ਸਿੰਘ ਸਲ੍ਹੋਪੁਰੀ ਹੁਰਾਂ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ ਅਤੇ ਵਿਦਿਆਰਥੀਆਂ ਨੂੰ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਦੀ ਬਖ਼ਸ਼ੀ ਹੋਈ ਦਾਤ ਖੰਡੇ ਦੀ ਪਹੁਲ ਨੂੰ ਛਕਣ ਦੀ ਮਹਾਨਤਾ ਬਾਰੇ ਦੱਸਿਆਂ। ਇਸ ਦੇ ਨਾਲ—ਨਾਲ ਉਨ੍ਹਾਂ ਦੁਨਿਆਵੀ ਵਿੱਦਿਆ ਨੂੰ ਹਾਸਲ ਕਰਨ ਉਪਰੰਤ ਕਿਸ ਖੇਤਰ ਵਿਚ ਜਾਣਾ ਚਾਹੀਦਾ ਹੈ ਆਦਿ ਸੰਬੰਧੀ ਵੀ ਚਾਨਣਾ ਪਾਇਆ। ਉਨ੍ਹਾਂ ਵਿਦਿਆਰਥੀਆਂ ਨੂੰ ਸਹਿਜ ਪਾਠ ਕਰਨ ਦੀ ਜਿਥੇ ਪ੍ਰੇਰਨਾ ਦਿੱਤੀ ਉਥੇ ਫ਼ਰੀ ਪੋਥੀ ਸਾਹਿਬ ਦੇਣ ਦੀ ਵੀ ਹਿਮਾਇਤ ਕੀਤੀ। ਇਸ ਤੋਂ ਬਾਅਦ ਪ੍ਰਿੰਸੀਪਲ ਡਾ: ਅਰਜੁਨ ਸਿੰਘ ਹੁਰਾਂ ਨੇ ਆਏ ਹੋਏ ਮੁੱਖ ਮਹਿਮਾਨਾਂ ਦਾ ਧੰਨਵਾਦ ਕੀਤਾ ਅਤੇ ਨਾਲ ਹੀ ਉਨ੍ਹਾਂ ਦੇ ਵਿਚਾਰਾਂ ਦੀ ਪ੍ਰੋੜ੍ਹਤਾ ਕਰਦਿਆਂ ਸਿੱਖ ਵਿਦਿਆਰਥੀਆਂ ਨੂੰ ਅੰਮ੍ਰਿਤ ਛਕਣ ਅਤੇ ਸਹਿਜ ਪਾਠ ਕਰਨ ਦੀ ਪ੍ਰੇਰਨਾ ਕੀਤੀ। ਇਸ ਸੈਮੀਨਾਰ ਵਿਚ ਸਤਨਾਮ ਸਿੰਘ ਸਲ੍ਹੋਪੁਰੀ, ਮੰਗਲ ਸਿੰਘ ਪ੍ਰਚਾਰਕ, ਪ੍ਰਿੰਸੀਪਲ ਗੁਰਦੀਪ ਸਿੰਘ, ਪ੍ਰਿੰਸੀਪਲ ਡਾ: ਅਰਜੁਨ ਸਿੰਘ, ਮੈਡਮ ਪ੍ਰਭਜੀਤ ਕੌਰ, ਬਲਰਾਜ ਸਿੰਘ, ਸੁਖਦੇਵ ਸਿੰਘ, ਮਨਪ੍ਰੀਤ ਕੌਰ, ਗੁਰਪਿੰਦਰ ਕੌਰ ਅਤੇ ਲਤਾ ਰਾਣੀ ਆਦਿ ਹਾਜ਼ਰ ਸਨ।

# ਹਲਕਾ ਵਾਸੀਆਂ ਨੂੰ ਮਿਲਣਾ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਹੱਲ ਕਰਨਾ ਮੇਰੀ ਜ਼ਿੰਮੇਵਾਰੀ ਦਾ ਅਹਿਮ ਹਿੱਸਾ ਹੈ: ਡਾ. ਇਸ਼ਾਂਕ ਕੁਮਾਰ



**ਹੁਸ਼ਿਆਰਪੁਰ, 2 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਵਿਧਾਨ ਸਭਾ ਹਲਕਾ ਚੱਬੇਵਾਲ ਦੇ ਵਿਧਾਇਕ ਡਾ. ਇਸ਼ਾਂਕ ਕੁਮਾਰ ਦੇ ਦਫ਼ਤਰ ਅਤੇ ਰਿਹਾਇਸ਼ 'ਤੇ ਰੋਜ਼ਾਨਾ ਉਹਨਾਂ ਦੇ ਹਲਕਾ ਵਾਸੀਆਂ ਦਾ ਵੱਡਾ ਇਕੱਠ ਵੇਖਣ ਨੂੰ ਮਿਲਦਾ ਹੈ, ਇਲਾਕੇ ਦੇ ਵੱਖ-ਵੱਖ ਪਿੰਡਾਂ ਤੋਂ ਵੱਡੀ ਗਿਣਤੀ ਵਿੱਚ ਲੋਕ ਆਪਣੀਆਂ ਸਮੱਸਿਆਵਾਂ ਅਤੇ ਮਸਲਿਆਂ ਨੂੰ ਲੈ ਕੇ ਉਹਨਾਂ ਕੋਲ ਪਹੁੰਚਦੇ ਹਨ। ਰੋਜ਼ਾਨਾ ਲੋਕਾਂ ਦੀ ਭਾਰੀ ਆਮਦ ਦੇ ਬਾਵਜੂਦ ਵਿਧਾਇਕ ਡਾ. ਇਸ਼ਾਂਕ ਕੁਮਾਰ ਹਰ ਵਿਅਕਤੀ ਨੂੰ ਆਪਣੀ ਗੱਲ ਰੱਖਣ ਦਾ ਪੂਰਾ ਸਮਾਂ ਦਿੰਦੇ ਹਨ, ਪੂਰੀ ਤਵੱਜੋ ਨਾਲ ਸੁਣਦੇ ਹਨ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਸਬੰਧਤ ਅਧਿਕਾਰੀਆਂ ਨਾਲ ਗੱਲਬਾਤ ਕਰਕੇ ਲੋੜੀਂਦੀ ਕਾਰਵਾਈ ਯਕੀਨੀ ਬਣਾਉਣ ਦੇ ਯਤਨ ਕਰਦੇ ਹਨ। ਇਸ ਬਾਬਤ ਵਿਧਾਇਕ ਦਾ ਕਹਿਣਾ ਹੈ ਕਿ ਲੋਕਾਂ ਵੱਲੋਂ ਉਨ੍ਹਾਂ 'ਤੇ ਕੀਤਾ ਗਿਆ ਵਿਸ਼ਵਾਸ ਉਨ੍ਹਾਂ ਲਈ ਸਿਰਫ਼ ਮਾਣ ਦੀ ਗੱਲ ਨਹੀਂ, ਸਗੋਂ ਇੱਕ ਵੱਡੀ ਜ਼ਿੰਮੇਵਾਰੀ ਵੀ ਹੈ। ਉਨ੍ਹਾਂ ਕਿਹਾ ਕਿ ਲੋਕ ਜਦੋਂ ਬੜੀ ਆਸ ਦੇ ਨਾਲ ਆਪਣੀਆਂ ਸਮੱਸਿਆਵਾਂ ਅਤੇ ਉਮੀਦਾਂ ਲੈ ਕੇ ਉਨ੍ਹਾਂ ਕੋਲ ਆਉਂਦੇ ਹਨ ਤਾਂ ਉਨ੍ਹਾਂ ਦੀ ਗੱਲ ਸੁਣਨਾ ਅਤੇ ਸਮੱਸਿਆ ਦੇ ਹੱਲ ਲਈ ਹਰ ਸੰਭਵ ਯਤਨ ਕਰਨਾ ਉਨ੍ਹਾਂ ਦੀ ਪਹਿਲੀ ਤਰਜੀਹ ਰਹਿੰਦੀ ਹੈ। ਡਾ. ਇਸ਼ਾਂਕ ਕੁਮਾਰ ਨੇ ਦੱਸਿਆ ਕਿ ਲੋਕਾਂ ਵੱਲੋਂ ਜ਼ਮੀਨੀ ਪੱਧਰ ਨਾਲ ਸਬੰਧਤ ਵੱਖ-ਵੱਖ ਮਸਲੇ ਉਨ੍ਹਾਂ ਦੇ ਧਿਆਨ ਵਿੱਚ ਲਿਆਂਦੇ ਜਾਂਦੇ ਹਨ। ਇਨ੍ਹਾਂ ਵਿੱਚ ਨਿੱਜੀ ਅਤੇ ਸਮਾਜਿਕ ਸਮੱਸਿਆਵਾਂ ਤੋਂ ਇਲਾਵਾ ਵੱਖ-ਵੱਖ ਸਰਕਾਰੀ ਵਿਭਾਗਾਂ ਨਾਲ ਸਬੰਧਤ ਮਾਮਲੇ ਵੀ ਸ਼ਾਮਲ ਹੁੰਦੇ ਹਨ। ਅਜਿਹੇ ਮਾਮਲਿਆਂ ਵਿੱਚ ਉਹ ਮੌਕੇ 'ਤੇ ਹੀ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨਾਲ ਗੱਲਬਾਤ ਕਰਕੇ ਲੋਕਾਂ ਨੂੰ ਰਾਹਤ ਦਿਵਾਉਣ ਅਤੇ ਸਮੱਸਿਆਵਾਂ ਦੇ ਜਲਦ ਹੱਲ ਲਈ ਯਤਨ ਕਰਦੇ ਹਨ। ਇਥੇ ਜ਼ਿਕਰਯੋਗ ਹੈ ਕਿ ਇਸ ਸਬੰਧੀ ਚੱਬੇਵਾਲ ਹਲਕੇ ਦੇ ਨਿਵਾਸੀਆਂ ਵਿਚ ਆਪਣੇ ਵਿਧਾਇਕ ਡਾ. ਇਸ਼ਾਂਕ ਕੁਮਾਰ ਦੀ ਬਹੁਤ ਵਧੀਆ ਸਾਖ ਹੈ ਉਹਨਾਂ ਦੀ ਲੋਕਪ੍ਰਿਯਤਾ ਅਤੇ ਭਰੋਸੇਯੋਗਤਾ ਲੋਕਾਂ ਦੇ ਵਿਵਹਾਰ ਵਿਚ ਸਾਫ ਨਜ਼ਰ ਆਉਂਦੀ ਹੈ, ਡਾ ਇਸ਼ਾਂਕ ਸਮਝਦੇ ਹਨ ਕਿ ਜਨਤਾ ਦੇ ਨੁਮਾਇੰਦੇ ਵਜੋਂ ਲੋਕਾਂ ਨਾਲ ਲਗਾਤਾਰ ਜੁੜੇ ਰਹਿਣਾ ਬਹੁਤ ਜ਼ਰੂਰੀ ਹੈ। ਉਹਨਾਂ ਦਾ ਮੰਨਣਾ ਹੈ ਕਿ ਲੋਕਾਂ ਦੀਆਂ ਸਮੱਸਿਆਵਾਂ ਨੂੰ ਨੇੜੇ ਤੋਂ ਸਮਝਣ ਅਤੇ ਉਨ੍ਹਾਂ ਦੇ ਹੱਲ ਲਈ ਲਗਾਤਾਰ ਕੋਸ਼ਿਸ਼ ਕਰਨ ਨਾਲ ਹੀ ਜਨ ਸੇਵਾ ਦੇ ਅਸਲ ਮਕਸਦ ਨੂੰ ਪੂਰਾ ਕੀਤਾ ਜਾ ਸਕਦਾ ਹੈ। ਆਪਣੀ ਇਸ ਸੋਚ ਨਾਲ ਹੀ ਉਹ ਹਲਕਾ ਵਾਸੀਆਂ ਵਿਚ ਆਪਣੀ ਸਕਾਰਾਤਮਕ ਛਵੀ ਬਣਾਉਣ ਵਿਚ ਕਾਮਯਾਬ ਹੋਏ ਹਨ।




★ ਜਾਰੀ ਕਰਤਾ ★

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

+447458381111 +447976210161 +919729091243